@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 6 April 2025

Punjabi National Daily

Qaumi Patrika NO.1

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਐਤਵਾਰ 6 ਅਪ੍ਰੈਲ 2025, 24 ਚੇਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 145, qpatrika@gmail.com ਫੋਨ : 9971359517 www.qaumipatrika.org

## 'ਆਪ' ਵਿਧਾਇਕ ਨੇ ਵਕ.ਫ ਸੋਧ ਬਿੱਲ ਖਿਲਾ.ਫ ਖੜਕਾਇਆ ਸੁਪਰੀਮ ਕੋਰਟ ਦਾ ਦਰਵਾਜ਼ਾ

ਨਵੀਂ ਦਿੱਲੀ 5 ਅਪ੍ਰੈਲ। ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਅਮਾਨਤੁੱਲਾ ਖਾਨ ਨੇ ਵਕਫ (ਸੋਧ) ਬਿੱਲ, 2025 ਦੀ ਸੰਵਿਧਾਨਕ ਵੈਧਤਾ ਨੂੰ ਚੁਣੌਤੀ ਦਿੰਦੇ ਹੋਏ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਖਾਨ ਨੇ ਆਪਣੀ ਪਟੀਸ਼ਨ ਵਿਚ ਵਕ.ਫ (ਸੋਧ) ਬਿੱਲ ਨੂੰ ÷ਅਸੰਵਿਧਾਨਕ ਅਤੇ ਸੰਵਿਧਾਨ ਦੀਆਂ ਧਾਰਾਵਾਂ 14,15,21,25,26,29,30 ਅਤੇ 300-ਏ ਦਾ ਉਲੰਘਣ ਕਰਨ ਵਾਲਾ ਐਲਾਨ ਕੀਤਾ ਜਾਵੇ ਅਤੇ ਇਸ ਨੂੰ ਰੱਦ ਕਰਨ ਦਾ ਨਿਰਦੇਸ਼ ਦਿੱਤਾ ਜਾਵੇ। ਖਾਨ ਨੇ ਆਪਣੀ ਪਟੀਸ਼ਨ ਵਿਚ ਕਿਹਾ ਕਿ ਇਹ ਬਿੱਲ ਸੰਵਿਧਾਨ ਦੀ ਧਾਰਾ 14, 15, 21, 25, 26, 29, 30 ਅਤੇ 300-ਏ ਦੇ ਤਹਿਤ ਪ੍ਰਦਾਨ ਕੀਤੇ ਗਏ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਦਾ ਹੈ। ਇਹ ਮੁਸਲਮਾਨਾਂ ਦੀ ਧਾਰਮਿਕ ਅਤੇ ਸੱਭਿਆਚਾਰਕ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਦਾ ਹੈ, ਇਹ ਮਨਮਾਨੇ ਢੰਗ ਨਾਲ ਕਾਰਜਕਾਰੀ ਦਖਲਅੰਦਾਜ਼ੀ ਨੂੰ ਸਮਰੱਥ ਬਣਾਉਂਦਾ ਹੈ ਅਤੇ ਉਨ੍ਹਾਂ ਦੇ ਧਾਰਮਿਕ ਸੰਸਥਾਨ ਅਤੇ ਸੰਸਦ ਮੈਂਬਰ ਦੇ ਅਧਿਕਾਰਾਂ ਨੂੰ ਕਮਜ਼ੋਰ ਕਰਦਾ ਹੈ। ਕਾਂਗਰਸ ਸੰਸਦ ਮੈਂਬਰ ਜਾਵੇਦ ਅਤੇ 19$9$ ਦੇ ਪ੍ਰਧਾਨ ਅਸਦੁਦੀਨ ਓਵੈਸੀ ਨੇ ਸ਼ੁੱਕਰਵਾਰ ਨੂੰ ਵਕ.ਫ (ਸੋਧ) ਬਿੱਲ, 2025 ਦੀ ਵੈਧਤਾ ਨੂੰ ਸੁਪਰੀਮ ਕੋਰਟ ਵਿਚ ਚੁਣੌਤੀ ਦਿੱਤੀ ਸੀ ਅਤੇ ਕਿਹਾ ਸੀ ਕਿ ਇਹ ਸੰਵਿਧਾਨਕ ਵਿਵਸਥਾਵਾਂ ਦੇ ਵਿਰੁੱਧ ਹੈ।



# ਸ਼੍ਰੀਲੰਕਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਮਿੱਤਰ ਵਿਭੂਸ਼ਣ ਪੁਰਸਕਾਰ ਕੀਤਾ ਪ੍ਰਦਾਨ

ਸਿੰਮੀ ਕੌਰ ਬੱਬਰ

ਕੋਲੰਬੋ (ਪੀ.ਟੀ.ਆਈ.) 5 ਅਪ੍ਰੈਲ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸ਼ਨੀਵਾਰ ਨੂੰ ਸ਼੍ਰੀਲੰਕਾ ਦੇ ਰਾਸ਼ਟਰਪਤੀ ਅਨੁਰਾ ਕੁਮਾਰਾ ਦਿਸਾਨਾਯਕੇ ਨੇ ਦੁਵੱਲੇ ਸਬੰਧਾਂ ਨੂੰ ਉਤਸ਼ਾਹਿਤ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਲਈ 'ਮਿੱਤਰ ਵਿਭੂਸ਼ਣ' ਪੁਰਸਕਾਰ ਨਾਲ ਸਨਮਾਨਿਤ ਕੀਤਾ। ਇਹ ਸ਼੍ਰੀਲੰਕਾ ਦਾ ਸਭ ਤੋਂ ਉੱਚਾ ਨਾਗਰਿਕ ਸਨਮਾਨ ਹੈ ਜਿਸਦੀ ਸਥਾਪਨਾ ਫਰਵਰੀ 2008 ਵਿੱਚ ਤਤਕਾਲੀ ਰਾਸ਼ਟਰਪਤੀ ਮਹਿੰਦਾ ਰਾਜਪਕਸ਼ੇ ਦੁਆਰਾ ਕੀਤੀ ਗਈ ਸੀ। ਇਸ ਤੋਂ ਪਹਿਲਾਂ ਇਹ ਪੁਰਸਕਾਰ ਮਾਲਦੀਵ ਦੇ ਸਾਬਕਾ ਰਾਸ਼ਟਰਪਤੀ ਮਾਮੂਨ ਅਬਦੁਲ ਗਯੂਮ ਅਤੇ ਮਰਹੂਮ ਫਲਸਤੀਨੀ ਨੇਤਾ ਯਾਸਰ ਅਰਾਫਾਤ ਨੂੰ ਦਿੱਤਾ ਜਾ ਚੁੱਕਾ ਹੈ। ਆਪਣੇ ਸੰਬੋਧਨ ਵਿੱਚ ਮੋਦੀ ਨੇ ਕਿਹਾ, ÷ਰਾਸ਼ਟਰਪਤੀ ਦਿਸਾਨਾਯਕੇ ਦੁਆਰਾ ਸ਼੍ਰੀਲੰਕਾ ਮਿੱਤਰ ਵਿਭੂਸ਼ਣ ਨਾਲ ਸਨਮਾਨਿਤ ਕਰਨਾ ਮੇਰੇ ਲਈ ਸਨਮਾਨ ਦੀ ਗੱਲ ਹੈ। ਇਹ 1.4 ਅਰਬ ਭਾਰਤੀਆਂ ਲਈ ਵੀ ਸਨਮਾਨ ਦੀ ਗੱਲ ਹੈ।÷ ਦਿਸਾਨਾਯਕੇ ਨੇ ਕੋਲੰਬੋ ਦੇ ਰਾਸ਼ਟਰਪਤੀ ਸਕੱਤਰੇਤ ਵਿੱਚ ਆਯੋਜਿਤ ਇੱਕ ਸਮਾਗਮ ਦੌਰਾਨ ਮੋਦੀ ਨੂੰ ਇਹ ਪੁਰਸਕਾਰ ਭੇਟ ਕੀਤਾ। ਇਸ ਵਿੱਚ ਇੱਕ ਪ੍ਰਸ਼ੰਸਾ ਪੱਤਰ ਅਤੇ ਇੱਕ ਚਾਂਦੀ ਦਾ ਤਗਮਾ ਸ਼ਾਮਲ ਹੈ। ਚਾਂਦੀ ਦਾ ਤਗਮਾ ਗਲੇ ਵਿੱਚ ਪਹਿਨਿਆ ਜਾਂਦਾ ਹੈ ਅਤੇ ਇਸ ਵਿੱਚ ਨੌਂ ਤਰ੍ਹਾਂ ਦੇ ਸ਼੍ਰੀਲੰਕਾ ਦੇ ਰਤਨ ਦੇ ਨਾਲ-ਨਾਲ ਇੱਕ ਕਮਲ, ਗਲੋਬ, ਸੂਰਜ, ਚੰਦ ਅਤੇ ਚੌਲਾਂ ਦੇ ਇੱਕ ਪੂਲੇ ਦੇ ਪ੍ਰਤੀਕ ਜੜੇ ਹੋਏ ਹਨ। ਤਗਮੇ 'ਤੇ ਛਾਪਿਆ ਗਿਆ ਧਰਮ ਚੱਕਰ ਸਾਂਝੀ ਬੋਧੀ ਵਿਰਾਸਤ ਨੂੰ ਦਰਸਾਉਂਦਾ ਹੈ ਜਿਸਨੇ ਦੋਵਾਂ ਦੇਸ਼ਾਂ ਦੀਆਂ ਸੱਭਿਆਚਾਰਕ ਪਰੰਪਰਾਵਾਂ ਨੂੰ ਆਕਾਰ ਦਿੱਤਾ ਹੈ। ਇੱਕ ਅਧਿਕਾਰੀ ਅਨੁਸਾਰ ਚੌਲਾਂ ਦੇ ਪੂਲਿਆਂ ਨਾਲ ਸਜਾਇਆ ਗਿਆ ਪੁੰਨ ਕਲਸ਼ ਜਾਂ ਰਸਮੀ ਭਾਂਡਾ ਖੁਸ਼ਹਾਲੀ ਅਤੇ ਨਵੀਨੀਕਰਨ ਦਾ ਪ੍ਰਤੀਕ ਹੈ। ਨਵਰਤਨ ਜਾਂ ਨੌਂ ਕੀਮਤੀ ਰਤਨ ਕਮਲ ਦੀਆਂ ਪੱਤੀਆਂ ਨਾਲ ਘਿਰੇ ਇੱਕ ਗਲੋਬ ਦੇ ਅੰਦਰ ਦਰਸਾਏ ਗਏ ਹਨ। ਮੋਦੀ ਕੱਲ੍ਹ ਸ਼ਾਮ ਬੈਂਕਾਕ ਦੀ ਆਪਣੀ ਯਾਤਰਾ ਸਮਾਪਤ ਕਰਨ ਤੋਂ ਬਾਅਦ ਕੋਲੰਬੋ ਪਹੁੰਚੇ, ਜਿੱਥੇ ਉਹ ਬਿਮਸਟੇਕ (ਬਿਲਕੁਲ-ਖੇਤਰੀ ਤਕਨੀਕੀ ਅਤੇ ਆਰਥਿਕ ਸਹਿਯੋਗ ਲਈ ਖਾੜੀ ਬੰਗਾਲ ਪਹਿਲਕਦਮੀ) ਸੰਮੇਲਨ ਵਿੱਚ ਸ਼ਾਮਲ ਹੋਏ।



## ਵਕ.ਫ ਤੋਂ ਬਾਅਦ ਹੁਣ ਸੰਘ ਦੀ ਨਜ਼ਰ ਈਸਾਈਆਂ ਦੀ ਜ਼ਮੀਨ 'ਤੇ : ਰਾਹੁਲ ਗਾਂਧੀ

ਨਵੀਂ ਦਿੱਲੀ 5 ਅਪ੍ਰੈਲ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਸ਼ਨੀਵਾਰ ਨੂੰ ਦੋਸ਼ ਲਗਾਇਆ ਕਿ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਨਜ਼ਰ ਵਕ.ਫ ਤੋਂ ਬਾਅਦ ਹੁਣ ਈਸਾਈ ਭਾਈਚਾਰੇ ਦੀ ਜ਼ਮੀਨ 'ਤੇ ਪੈ ਗਈ ਹੈ। ਰਾਹੁਲ ਗਾਂਧੀ 'ਚ ਸੰਘ ਸਮਰਥਨ ਇਕ ਅਖ਼ਬਾਰ ਦੇ ਇਕ ਲੇਖ 'ਤੇ ਆਧਾਰ ਖ਼ਬਰ ਦਾ 'ਸਕ੍ਰੀਨਸ਼ਾਟ' ਸਾਂਝਾ ਕਰਦੇ ਹੋਏ 'ਐਕਸ' 'ਤੇ ਪੋਸਟ ਕੀਤਾ,"ਮੈਂ ਕਿਹਾ ਸੀ ਕਿ ਵਕ.ਫ ਬਿੱਲ ਅਜੇ ਮੁਸਲਮਾਨਾਂ 'ਤੇ ਹਮਲਾ ਕਰਦਾ ਹੈ ਪਰ ਭਵਿੱਖ 'ਚ ਹੋਰ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਮਿਸਾਲ ਬਣੇਗਾ। ਸੰਘ ਨੂੰ ਈਸਾਈਆਂ ਵੱਲ ਆਪਣਾ ਧਿਆਨ ਲਿਜਾਉਣ 'ਚ ਦੇਰ ਨਹੀਂ ਲੱਗੀ।" ਉਨ੍ਹਾਂ ਕਿਹਾ,"ਸੰਵਿਧਾਨ ਦੀ ਇਕਮਾਤਰ ਢਾਲ ਹੈ ਜੋ ਸਾਡੇ ਲੋਕਾਂ ਨੂੰ ਅਜਿਹੇ ਹਮਲਿਆਂ ਤੋਂ ਬਚਾਉਂਦਾ ਹੈ ਅਤੇ ਇਸ ਦੀ ਰੱਖਿਆ ਕਰਨਾ ਸਾਡਾ ਸਮੂਹਿਕ ਕਰਤੱਵ ਹੈ।" ਕਾਂਗਰਸ ਆਗੂ ਨੇ ਜਿਸ ਲੇਖ ਦਾ ਹਵਾਲਾ ਦਿੱਤਾ, ਹੁਣ ਆਨਲਾਈਨ ਉਪਲੱਬਧ ਨਹੀਂ ਹੈ। ਖਬਰ ਅਨੁਸਾਰ ਲੇਖ 'ਚ ਵਕ.ਫ ਨਾਲ ਤੁਲਨਾ ਕਰਦੇ ਹੋਏ ਕਿਹਾ ਗਿਆ ਕਿ ਕੈਥੋਲਿਕ ਚਰਚ ਅਤੇ ਉਸ ਦੀਆਂ ਸੰਸਥਾਵਾਂ ਕੋਲ ਲਗਭਗ 7 ਕਰੋੜ ਹੈਕਟੇਅਰ ਜ਼ਮੀਨ ਹੈ।



## ਚਾਰ ਧਾਮ ਯਾਤਰਾ ਹੋਵੇਗੀ ਹੋਰ ਵੀ ਆਸਾਨ, ਪਹਿਲੀ ਵਾਰ ਮਿਲੇਗੀ ਇਹ ਸਹੂਲਤ

ਦੇਹਰਾਦੂਨ 5 ਅਪ੍ਰੈਲ। ਚਾਰ ਧਾਮ ਦੀ ਯਾਤਰਾ ਨੂੰ ਹੋਰ ਵੀ ਆਸਾਨ ਬਣਾਇਆ ਜਾ ਰਿਹਾ ਹੈ। ਚਾਰ ਧਾਮ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਨੂੰ ਪਹਿਲੀ ਵਾਰ ਇਕ ਖ਼ਾਸ ਸਹੂਲਤ ਦਿੱਤੀ ਜਾਵੇਗੀ। ਇਹ ਸਹੂਲਤ ਹੈ ਹੈਲੀਕਾਪਟਰ ਸੇਵਾ। ਹੁਣ ਤੱਕ ਉੱਤਰਾਖੰਡ ਵਿਚ ਕੇਦਾਰਨਾਥ ਧਾਮ ਲਈ ਹੀ ਹੈਲੀਕਾਪਟਰ ਸੇਵਾ ਉਪਲੱਬਧ ਸੀ ਪਰ ਇਸ ਵਾਰ ਯਮੁਨੋਤਰੀ, ਗੰਗੋਤਰੀ, ਕੇਦਾਰਨਾਥ ਅਤੇ ਬਦਰੀਨਾਥ ਚਾਰੋਂ ਧਾਮ ਲਈ ਹੈਲੀਕਾਪਟਰ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਯਮੁਨੋਤਰੀ ਅਤੇ ਗੰਗੋਤਰੀ ਵਿਖੇ ਹੈਲੀਪੈਡ ਬਣਾਉਣ ਦਾ ਕੰਮ ਪੂਰਾ ਹੋ ਚੁੱਕਾ ਹੈ। ਇਸ ਦੇ ਨਾਲ ਹੀ ਬਦਰੀਨਾਥ 'ਚ ਹੈਲੀਪੈਡ ਪਹਿਲਾਂ ਹੀ ਮੌਜੂਦ ਹੈ। ਤਿੰਨੋਂ ਨਵੇਂ ਹੈਲੀਪੈਡਾਂ ਦਾ ਸਰਵੇ ਵੀ ਪੂਰਾ ਕਰ ਲਿਆ ਗਿਆ ਹੈ। ਕੇਦਾਰਨਾਥ ਧਾਮ ਲਈ ਹੈਲੀਕਾਪਟਰ ਸੇਵਾ ਦੀ ਬੁਕਿੰਗ 8 ਅਪ੍ਰੈਲ ਨੂੰ ਦੁਪਹਿਰ 12 ਵਜੇ ਤੋਂ ਸ਼ੁਰੂ ਹੋਵੇਗੀ। ਇਸ ਸਾਲ ਕੇਦਾਰਨਾਥ ਦੇ ਦਰਵਾਜ਼ੇ 2 ਮਈ ਨੂੰ ਖੁੱਲ੍ਹਣਗੇ ਅਤੇ ਉਸੇ ਦਿਨ ਤੋਂ ਗੁਪਤਕਾਸ਼ੀ, ਸਿਰਸੀ ਅਤੇ ਫਾਟਾ ਤੋਂ ਕੇਦਾਰਨਾਥ ਲਈ ਹੈਲੀਕਾਪਟਰ ਸੇਵਾ ਸ਼ੁਰੂ ਕੀਤੀ ਜਾਵੇਗੀ। ਹੈਲੀਕਾਪਟਰ ਟਿਕਟ ਬੁਕਿੰਗ IRCTC ਹੈਲੀ ਵੈੱਬਸਾਈਟ 'ਤੇ 2 ਮਈ ਤੋਂ 31 ਮਈ 2025 ਤੱਕ ਦੀਆਂ ਯਾਤਰਾਵਾਂ ਲਈ ਖੁੱਲ੍ਹੇਗੀ। ਇਸ ਵਾਰ ਹੈਲੀਕਾਪਟਰ ਸੇਵਾ ਦਾ ਕਿਰਾਇਆ ਕਰੀਬ 5 ਫ਼ੀਸਦੀ ਵਧਿਆ ਹੈ, ਜਿਸ ਲਈ ਰਜਿਸਟ?ਰੇਸ਼ਨ ਜ਼ਰੂਰੀ ਹੈ। ਇਸ ਦੇ ਲਈ ਯਾਤਰੀਆਂ ਨੂੰ ਸਿਰਸੀ ਤੋਂ ਬੁਕਿੰਗ ਲਈ 6,061 ਰੁਪਏ, ਫਾਟਾ ਤੋਂ 6,063 ਰੁਪਏ ਅਤੇ ਗੁਪਤਾਕਾਸ਼ੀ ਤੋਂ 8,533 ਰੁਪਏ ਦੇਣੇ ਹੋਣਗੇ।

# ਰਾਘਵ ਚੱਢਾ ਨੇ ਟਰੰਪ ਦੇ ਟੈਰਿ.ਫ ਨੂੰ ਲੈ ਕੇ ਕੱਸਿਆ ਤੰਜ

ਏਜੰਸੀਆਂ

ਨਵੀਂ ਦਿੱਲੀ/ਚੰਡੀਗੜ੍ਹ 5 ਅਪ੍ਰੈਲ। ਬੀਤੇ ਦਿਨੀਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਸਣੇ ਦੁਨੀਆ ਭਰ ਦੇ ਦੇਸ਼ਾਂ 'ਤੇ ਰੈਸੀਪ੍ਰੋਕਲ ਟੈਰਿ.ਫ ਲਗਾਉਣ ਦਾ ਐਲਾਨ ਕੀਤਾ ਸੀ। ਇਸ ਮੁਤਾਬਕ ਟਰੰਪ ਨੇ ਭਾਰਤ 'ਤੇ 26 ਫ਼ੀਸਦੀ ਟੈਰਿਫ਼ ਲਗਾਉਣ ਦਾ ਐਲਾਨ ਕੀਤਾ ਹੈ। 'ਆਮ ਆਦਮੀ ਪਾਰਟੀ' (ਆਪ) ਦੇ ਸੰਸਦ ਮੈਂਬਰ ਰਾਘਵ ਚੱਢਾ ਨੇ ਅਮਰੀਕੀ ਪ੍ਰਸ਼ਾਸਨ ਵੱਲੋਂ ਭਾਰਤ 'ਤੇ 26 ਫ਼ੀਸਦੀ ਟੈਰਿਫ ਲਾਉਣ ਤੋਂ ਬਾਅਦ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਫਿਲਮੀ ਅੰਦਾਜ਼ 'ਚ ਵਿਅੰਗ ਕੱਸਿਆ। 'ਆਪ' ਦੇ ਸੰਸਦ ਮੈਂਬਰ ਨੇ ਕਿਹਾ, "ਅਸੀਂ ਇਕ ਗਾਣਾ ਸੁਣਦੇ ਸੀ 'ਅੱਛਾ ਸਿਲਾ ਦੀਆ ਤੂਨੇ ਮੇਰੇ ਪਿਆਰ ਕਾ, ਯਾਰ ਨੇ ਹੀ ਲੂਟ ਲੀਆ ਘਰ ਯਾਰ ਕਾ । ਉਨ੍ਹਾਂ ਕਿਹਾ, "ਭਾਰਤ ਨੇ ਅਮਰੀਕਾ ਲਈ ਰੈੱਡ ਕਾਰਪੇਟ ਵਿਛਾਇਆ, ਬਦਲੇ 'ਚ ਮਿਲਿਆ ਟੈਰਿਫ!"ਰਾਘਵ ਚੱਢਾ ਨੇ ਕਿਹਾ ਕਿ ਭਾਰਤ ਨੇ ਅਮਰੀਕਾ ਨਾਲ ਦੋਸਤੀ ਬਣਾਈ ਰੱਖਣ 'ਚ ਕੋਈ ਕਸਰ ਨਹੀਂ ਛੱਡੀ, ਇਥੋਂ ਤੱਕ ??ਕਿ ਅਮਰੀਕੀ ਕੰਪਨੀਆਂ ਦੇ ਹਿਤਾਂ ਦੀ ਰੱਖਿਆ ਲਈ 'ਗੂਗਲ ਟੈਕਸ' ਵੀ ਹਟਾ ਦਿੱਤਾ ਪਰ ਬਦਲੇ 'ਚ ਉਸ ਨੂੰ ਕੁਝ ਨਹੀਂ ਮਿਲਿਆ। ਰਾਘਵ ਚੱਢਾ ਨੇ ਕਿਹਾ, "ਇਕੁਈਲਾਈਜ਼ੇਸ਼ਨ ਲੇਵੀ ਹਟਾਉਣ ਨਾਲ ਅਮਰੀਕੀ ਕੰਪਨੀਆਂ ਜਿਵੇਂ ਮੇਟਾ, ਐਮਾਜ਼ੋਨ ਅਤੇ ਗੂਗਲ ਨੂੰ ਫਾਇਦਾ ਹੋਇਆ। ਭਾਰਤ ਨੂੰ ਲੱਗਭਗ 3,000 ਕਰੋੜ ਰੁਪਏ ਦੇ ਮਾਲੀਏ ਦਾ ਨੁਕਸਾਨ ਹੋਇਆ। ਹੁਣ ਟਰੰਪ ਪ੍ਰਸ਼ਾਸਨ ਨੇ ਭਾਰਤੀ ਸਾਮਾਨਾਂ 'ਤੇ ਟੈਰਿਫ ਲਾ ਦਿੱਤਾ। ਇਹ ਭਾਰਤੀ ਅਰਥਵਿਵਸਥਾ ਲਈ ਵੱਡਾ ਝਟਕਾ ਹੈ। ਉਨ੍ਹਾਂ ਭਾਰਤ 'ਤੇ ਟੈਰਿਫ ਲਾਉਣ ਲਈ ਅਮਰੀਕਾ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਨੂੰ ਐਲਨ ਮਸਕ ਦੀ ਸਟਾਰਲਿੰਕ ਸੈਟੇਲਾਈਟ ਇੰਟਰਨੈੱਟ ਸੇਵਾਵਾਂ ਦੀ ਮਨਜ਼ੂਰੀ ਰੋਕ ਕੇ ਉਸ ਨੂੰ 'ਬਾਰਗੇਨਿੰਗ ਚਿਪ' ਵਾਂਗ ਵਰਤਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਸਟਾਰਲਿੰਕ ਸੈਟੇਲਾਈਟ ਇੰਟਰਨੈੱਟ ਸੇਵਾਵਾਂ ਲਈ ਮਨਜ਼ੂਰੀ ਉਦੋਂ ਤੱਕ ਰੋਕੀ ਰੱਖਣ 'ਤੇ ਵਿਚਾਰ ਕਰਨਾ ਚਾਹੀਦਾ ਹੈ, ਜਦੋਂ ਤੱਕ ਅਮਰੀਕਾ ਟੈਰਿਫ ਨੀਤੀ 'ਤੇ ਮੁੜ-ਵਿਚਾਰ ਨਹੀਂ ਕਰਦਾ। ਰਾਘਵ ਚੱਢਾ ਨੇ ਸਟਾਰਲਿੰਕ ਨੂੰ ਲੈ ਕੇ ਕੁਝ ਚਿੰਤਾਜਨਕ ਘਟਨਾਵਾਂ ਦਾ ਵੀ ਹਵਾਲਾ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਨੂੰ ਇਸ ਤੋਂ ਚੌਕਸ ਰਹਿਣਾ ਚਾਹੀਦਾ ਹੈ, ਕਿਉਂਕਿ ਦੇਸ਼ ਦੀ ਪ੍ਰਭੂਸੱਤਾ ਅਤੇ ਸੁਰੱਖਿਆ ਸਭ ਤੋਂ ਉੱਪਰ ਹੈ। 'ਆਪ' ਦੇ ਸੰਸਦ ਮੈਂਬਰ ਨੇ ਕਿਹਾ ਕਿ ਅੰਡੇਮਾਨ 'ਚ ਇਕ ਡਰੱਗ ਸਮੱਗਲਰ ਤੋਂ ਪਤਾ ਲੱਗਾ ਸੀ ਕਿ ਉਸ ਨੇ ਸਟਾਰਲਿੰਕ ਦੇ ਉਪਕਰਨ ਦੀ ਵਰਤੋਂ ਕੀਤੀ ਸੀ। ਉੱਥੇ ਹੀ, ਜਦੋਂ ਭਾਰਤ ਸਰਕਾਰ ਨੇ ਇਸ ਬਾਰੇ ਡਾਟਾ ਅਤੇ ਡਿਵਾਈਸ ਦੀ ਜਾਣਕਾਰੀ ਸਟਾਰਲਿੰਕ ਤੋਂ ਮੰਗੀ, ਤਾਂ ਕੰਪਨੀ ਨੇ ਡਾਟਾ ਨਿੱਜਤਾ ਕਾਨੂੰਨ ਦਾ ਹਵਾਲਾ ਦੇ ਕੇ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ। ਰਾਘਵ ਚੱਢਾ ਨੇ ਪੁੱਛਿਆ ਕਿ ਇਸ ਤਰ੍ਹਾਂ ਦੇ ਮਾਮਲਿਆਂ ਨਾਲ ਨਜਿੱਠਣ ਲਈ ਸਰਕਾਰ ਦੀ ਕੀ ਯੋਜਨਾ ਹੈ।



## ਅਧਿਆਪਕ ਭਰਤੀ ਘੁਟਾਲਾ: ਭਾਜਪਾ ਨੇ ਕਿਹਾ- ਮਮਤਾ ਜਾਵੇਗੀ ਜੇਲ੍ਹ

ਨਵੀਂ ਦਿੱਲੀ 5 ਅਪ੍ਰੈਲ। ਸੁਪਰੀਮ ਕੋਰਟ ਵੱਲੋਂ ਪੱਛਮੀ ਬੰਗਾਲ ਵਿਚ ਲੱਗਭਗ 26,000 ਅਧਿਆਪਕਾਂ ਅਤੇ ਗੈਰ-ਅਧਿਆਪਨ ਸਟਾਫ ਦੀ ਭਰਤੀ ਨੂੰ ਰੱਦ ਕਰਨ ਦੇ ਕਲਕੱਤਾ ਹਾਈ ਕੋਰਟ ਦੇ ਆਦੇਸ਼ ਨੂੰ ਬਰਕਰਾਰ ਰੱਖਣ ਦੇ ਫੈਸਲੇ ਤੋਂ ਬਾਅਦ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸ਼ੁੱਕਰਵਾਰ ਨੂੰ ਸੂਬੇ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਤੋਂ ਅਸਤੀਫੇ ਦੀ ਮੰਗ ਕੀਤੀ ਹੈ। ਕੇਂਦਰੀ ਮੰਤਰੀ ਅਤੇ ਭਾਜਪਾ ਦੀ ਪੱਛਮੀ ਬੰਗਾਲ ਇਕਾਈ ਦੇ ਪ੍ਰਧਾਨ ਸੁਕਾਂਤ ਮਜੂਮਦਾਰ ਨੇ ਦਾਅਵਾ ਕੀਤਾ ਕਿ ਬੈਨਰਜੀ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਤੋਂ ਬਾਅਦ ਅਧਿਆਪਕਾਂ ਦੀ ਭਰਤੀ ਮਾਮਲੇ ਵਿਚ ਜੇਲ ਜਾਣ ਵਾਲੀ ਦੂਜੀ ਮੁੱਖ ਮੰਤਰੀ ਹੋਵੇਗੀ। ਪਾਰਟੀ ਬੁਲਾਰੇ ਸੰਬਿਤ ਪਾਤਰਾ ਨੇ ਕਿਹਾ ਕਿ ਮਮਤਾ ਬੈਨਰਜੀ ਨੂੰ ਹੁਣ ਸੱਤਾ ਵਿਚ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ। ਜੇ ਉਨ੍ਹਾਂ ਵਿਚ ਥੋੜ੍ਹਾ ਜਿਹਾ ਵੀ ਜ਼ਿੰਮੇਵਾਰੀ ਦਾ ਅਹਿਸਾਸ ਬਚਿਆ ਹੈ, ਤਾਂ ਉਨ੍ਹਾਂ ਨੂੰ ਅਹੁਦਾ ਛੱਡ ਦੇਣਾ ਚਾਹੀਦਾ ਹੈ... ਉਹ ਯਕੀਨੀ ਤੌਰ 'ਤੇ ਜੇਲ ਜਾਵੇਗੀ। ਮਜੂਮਦਾਰ ਨੇ ਕਿਹਾ ਕਿ ਲੱਗਭਗ 26,000 ਭਰਤੀਆਂ ਵਿਚੋਂ ਤਕਰੀਬਨ 20,000 ਦੀ ਚੋਣ ਅਸਲ ਵਿਚ ਕੀਤੀ ਗਈ, ਜਦੋਂ ਕਿ ਬਾਕੀਆਂ ਨੂੰ ਸੂਬੇ ਦੀ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਦੇ ਨੇਤਾਵਾਂ ਵੱਲੋਂ ਕਥਿਤ ਤੌਰ 'ਤੇ ਰਚੇ ਗਏ ਘਪਲੇ ਤੋਂ ਲਾਭ ਮਿਲਿਆ।




## ਸੁਪਰੀਮ ਕੋਰਟ ਨੇ ਚੋਣ ਬਾਂਡ ਨਾਲ ਸਬੰਧਤ ਫੈਸਲੇ 'ਤੇ ਮੁੜ ਵਿਚਾਰ ਕਰਨ ਤੋਂ ਕੀਤਾ ਇਨਕਾਰ

ਨਵੀਂ ਦਿੱਲੀ 5 ਅਪ੍ਰੈਲ। ਸੁਪਰੀਮ ਕੋਰਟ ਨੇ 2018 ਦੀ ਚੋਣ ਬਾਂਡ ਯੋਜਨਾ ਅਧੀਨ ਸਿਆਸੀ ਪਾਰਟੀਆਂ ਨੂੰ ਮਿਲੇ 16,518 ਕਰੋੜ ਰੁਪਏ ਜ਼ਬਤ ਕਰਨ ਦਾ ਨਿਰਦੇਸ਼ ਦੇਣ ਸਬੰਧੀ ਪਟੀਸ਼ਨਾਂ ਨੂੰ ਰੱਦ ਕਰਨ ਦੇ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਚੀਫ਼ ਜਸਟਿਸ ਸੰਜੀਵ ਖੰਨਾ, ਜਸਟਿਸ ਜੇ. ਬੀ. ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੇ ਬੈਂਚ ਨੇ ਖੇਮ ਸਿੰਘ ਭਾਟੀ ਵੱਲੋਂ ਸੁਪਰੀਮ ਕੋਰਟ ਦੇ 2 ਅਗਸਤ, 2024 ਦੇ ਫੈਸਲੇ ਵਿਰੁੱਧ ਦਾਇਰ ਸਮੀਖਿਆ ਪਟੀਸ਼ਨ ਨੂੰ ਰੱਦ ਕਰ ਦਿੱਤਾ। ਸੁਪਰੀਮ ਕੋਰਟ ਨੇ ਉਦੋਂ ਯੋਜਨਾ ਅਧੀਨ ਮਿਲੇ ਪੈਸਿਆਂ ਨੂੰ ਜ਼ਬਤ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਰੱਦ ਕਰ ਦਿੱਤਾ ਸੀ। ਬੈਂਚ ਨੇ ਕੁਝ ਦਿਨ ਪਹਿਲਾਂ 26 ਮਾਰਚ ਨੂੰ ਕਿਹਾ ਸੀ ਕਿ ਹਸਤਾਖਰਸ਼ੁਦਾ ਹੁਕਮ ਅਨੁਸਾਰ ਸਮੀਖਿਆ ਪਟੀਸ਼ਨ ਨੂੰ ਰੱਦ ਕੀਤਾ ਜਾਂਦਾ ਹੈ। ਜੇ ਕੋਈ ਅਰਜ਼ੀ ਬਕਾਇਆ ਹੈ ਤਾਂ ਉਸ ਦਾ ਵੀ ਨਿਪਟਾਰਾ ਕਰ ਦਿੱਤਾ ਜਾਵੇਗਾ। ਸੁਪਰੀਮ ਕੋਰਟ ਨੇ ਆਪਣੇ ਹੁਕਮ 'ਚ ਭਾਟੀ ਦੇ ਮਾਮਲੇ 'ਚ ਖੁੱਲ੍ਹੀ ਅਦਾਲਤ 'ਚ ਸੁਣਵਾਈ ਦੀ ਬੇਨਤੀ ਨੂੰ ਪ੍ਰਵਾਨ ਕਰਨ ਤੋਂ ਵੀ ਇਨਕਾਰ ਕਰ ਦਿੱਤਾ। ਭਾਜਪਾ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲਿਆਂਦੀ ਗਈ ਚੋਣ ਬਾਂਡ ਯੋਜਨਾ ਨੂੰ 15 ਫਰਵਰੀ ਨੂੰ 5 ਜੱਜਾਂ ਦੇ ਸੰਵਿਧਾਨਕ ਬੈਂਚ ਨੇ ਰੱਦ ਕਰ ਦਿੱਤਾ ਸੀ।

# ਹੁਣ ਲੋਕਾਂ ਨੂੰ ਲੱਖਾਂ ਰੁਪਏ ਨਕਦ ਵੰਡੇਗੀ ਪੰਜਾਬ ਸਰਕਾਰ, ਮਿਲੇਗਾ ਯੋਜਨਾ ਦਾ ਲਾਭ

ਨਵਦੀਪ ਸਿੰਘ ਸਾਹਨੀ

ਚੰਡੀਗੜ੍ਹ 5 ਅਪ੍ਰੈਲ। ਪੰਜਾਬ ਸਰਕਾਰ ਆਤਮ-ਨਿਰਭਰਤਾ ਵੱਲ? ਵੱਧਦਿਆਂ ਕਦਮਾਂ ਦੇ ਤਹਿਤ ਅਨੁਸੂਚਿਤ ਜਾਤੀਆਂ ਅਤੇ ਦਿਵਿਆਂਗਜਨਾਂ ਦੀ ਭਲਾਈ ਲਈ ਵਚਨਬੱਧ ਹੈ। ਇਸੇ ਤਹਿਤ ਅਨੁਸੂਚਿਤ ਜਾਤੀਆਂ ਅਤੇ ਦਿਵਿਆਂਗ ਵਿਅਕਤੀਆਂ ਦੇ 522 ਲਾਭਪਾਤਰੀਆਂ ਨੂੰ ਵਿੱਤੀ ਸਾਲ 2024-25 ਦੌਰਾਨ 9.14 ਕਰੋੜ ਰੁਪਏ ਦੀ ਰਕਮ ਕਰਜ਼ੇ ਦੇ ਰੂਪ ਵਿਚ ਜਾਰੀ ਕੀਤੀ ਗਈ ਹੈ, ਜਿਸ ਵਿਚ 1.46 ਕਰੋੜ ਰੁਪਏ ਦੀ ਸਬਸਿਡੀ ਵੀ ਸ਼ਾਮਲ ਹੈ। ਇਹ ਜਾਣਕਾਰੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜਿਕ ਤੌਰ 'ਤੇ ਪਿੱਛੜੇ ਅਤੇ ਹਾਸ਼ੀਏ 'ਤੇ ਰਹਿੰਦੇ ਲੋਕਾਂ ਨੂੰ ਵਿੱਦਿਅਕ, ਆਰਥਿਕ ਅਤੇ ਸਮਾਜਿਕ ਰੂਪ ਵਿਚ ਮਜ਼ਬੂਤ ਬਣਾਉਣ ਲਈ ਨਿਰੰਤਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਅਤੇ ਦਿਵਿਆਂਗਜਨਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਉਨ੍ਹਾਂ ਨੂੰ ਸਵੈ-ਰੁਜ਼ਗਾਰ ਅਤੇ ਉਚੇਰੀ ਸਿੱਖਿਆ ਲਈ ਰਿਆਇਤੀ ਵਿਆਜ ਦਰਾਂ 'ਤੇ ਕਰਜ਼ਾ ਪ੍ਰਦਾਨ ਕਰ ਰਹੀ ਹੈ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ 18 ਤੋਂ 55 ਸਾਲ ਤੱਕ ਦਾ ਕੋਈ ਵੀ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਅਕਤੀ, ਜਿਸਦੀ ਸਾਲਾਨਾ ਆਮਦਨ 3 ਲੱਖ ਰੁਪਏ ਤੱਕ ਹੋਵੇ, ਸਵੈ-ਰੁਜ਼ਗਾਰ ਜਾਂ ਉਚੇਰੀ ਸਿੱਖਿਆ ਲਈ ਕਰਜ਼ਾ ਲੈ ਸਕਦਾ ਹੈ। ਇਸੇ ਤਰ੍ਹਾਂ 18 ਤੋਂ 60 ਸਾਲ ਤੱਕ ਦਾ ਕੋਈ ਵੀ ਦਿਵਿਆਂਗ ਵਿਅਕਤੀ, ਜੋ ਕਿ 40% ਜਾਂ ਇਸ ਤੋਂ ਵੱਧ ਦਿਵਿਆਂਗ ਹੋਵੇ, ਭਾਵੇਂ ਉਹ ਕਿਸੇ ਵੀ ਜਾਤੀ ਨਾਲ ਸਬੰਧਤ ਹੋਵੇ, ਉਹ ਵੀ ਇਹ ਕਰਜ਼ਾ ਲੈ ਸਕਦਾ ਹੈ। ਡਾ. ਬਲਜੀਤ ਕੌਰ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਮਾਜਿਕ ਅਤੇ ਆਰਥਿਕ ਤੌਰ 'ਤੇ ਪਿੱਛੜੇ ਵਰਗਾਂ ਨੂੰ ਉਤਸ਼ਾਹਤ ਕਰਨ ਲਈ ਨਵੇਂ ਉਪਰਾਲੇ ਕਰ ਰਹੀ ਹੈ ਤਾਂ ਜੋ ਉਨ੍ਹਾਂ ਨੂੰ ਰੁਜ਼ਗਾਰ ਅਤੇ ਸਿੱਖਿਆ ਦੇ ਸਮਾਨ ਮੌਕੇ ਮਿਲ ਸਕਣ।




## ਰਾਮ ਨੌਮੀ ਨੂੰ ਲੈ ਕੇ ਸੁਰੱਖਿਆ ਅਤੇ ਟਰੈਫਿਕ ਦੇ ਸ.ਖਤ ਪ੍ਰਬੰਧ

ਅਯੁੱਧਿਆ 5 ਅਪ੍ਰੈਲ। ਰਾਮ ਨੌਮੀ ਦੇ ਆਯੋਜਨ ਨੂੰ ਲੈ ਕੇ ਅਯੁੱਧਿਆ ਵਿਚ ਸੁਰੱਖਿਆ ਅਤੇ ਆਵਾਜਾਈ ਦੇ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ। ਰਾਮ ਨੌਮੀ ਐਤਵਾਰ ਨੂੰ ਮਨਾਈ ਜਾਵੇਗੀ। ਅਯੁੱਧਿਆ ਰੇਂਜ ਦੇ ਇੰਸਪੈਕਟਰ ਜਨਰਲ (ਆਈ.ਜੀ) ਪ੍ਰਵੀਨ ਕੁਮਾਰ ਨੇ ਕਿਹਾ ਕਿ ਅਯੁੱਧਿਆ ਨੂੰ ਵੱਖ-ਵੱਖ ਜ਼ੋਨਾਂ ਅਤੇ ਸੈਕਟਰਾਂ 'ਚ ਵੰਡਿਆ ਗਿਆ ਹੈ। ਉਨ੍ਹਾਂ ਕਿਹਾ ਕਿ ਭਾਰੀ ਵਾਹਨਾਂ ਨੂੰ ਪੂਰਵਾਂਚਲ ਐਕਸਪ੍ਰੈਸ ਵੇਅ ਰਾਹੀਂ ਭੇਜਿਆ ਜਾਵੇਗਾ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਮਹਾਕੁੰਭ ਵਾਂਗ ਇਸ ਦੇ ਵੀ ਬਦਲਵੇਂ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੁਲਸ ਦੇ ਨਾਲ ਅਰਧ ਸੈਨਿਕ ਬਲਾਂ ਨੂੰ ਤਾਇਨਾਤ ਕੀਤਾ ਜਾਵੇਗਾ। ਸਰਯੂ ਨਦੀ ਦੇ ਆਲੇ-ਦੁਆਲੇ ਜਲ ਪੁਲਿਸ, NDRF (ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ) ਅਤੇ SDRF (ਸਟੇਟ ਡਿਜ਼ਾਸਟਰ ਰਿਸਪਾਂਸ ਫੋਰਸ) ਨੂੰ ਅਲਰਟ 'ਤੇ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਰਾਮ ਮੰਦਰ ਵਿਖੇ ਦਰਸ਼ਨਾਂ ਲਈ ਆਉਣ ਵਾਲੇ ਸਾਰੇ ਵਿਸ਼ੇਸ਼ ਪਾਸ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਰੱਦ ਕਰ ਦਿੱਤੇ ਜਾਣਗੇ ਅਤੇ ਆਮ ਸ਼ਰਧਾਲੂਆਂ ਨੂੰ ਪਹਿਲ ਦਿੱਤੀ ਜਾਵੇਗੀ। ਅਯੁੱਧਿਆ ਦੇ ਡਿਵੀਜ਼ਨਲ ਕਮਿਸ਼ਨਰ ਗੌਰਵ ਦਿਆਲ ਨੇ ਦੱਸਿਆ ਕਿ ਰਾਮ ਨੌਮੀ ਮੌਕੇ ਅਯੁੱਧਿਆ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਪ੍ਰਸ਼ਾਸਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਡਵੀਜ਼ਨਲ ਕਮਿਸ਼ਨਰ ਨੇ ਦੱਸਿਆ ਕਿ ਸ਼ਰਧਾਲੂਆਂ ਨੂੰ ਗਰਮੀ ਅਤੇ ਧੁੱਪ ਤੋਂ ਬਚਾਉਣ ਲਈ ਰਾਮ ਮੰਦਰ ਅਤੇ ਹਨੂੰਮਾਨਗੜ੍ਹੀ ਸਮੇਤ ਪ੍ਰਮੁੱਖ ਥਾਵਾਂ 'ਤੇ ਛਾਂ ਅਤੇ ਮੈਟ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਾਰੀਆਂ ਪ੍ਰਮੁੱਖ ਥਾਵਾਂ 'ਤੇ ਪੀਣ ਵਾਲਾ ਠੰਡਾ ਪਾਣੀ ਉਪਲਬਧ ਹੋਵੇਗਾ।

## ਸਿਰ.ਫ ਇਨ੍ਹਾਂ ਔਰਤਾਂ ਨੂੰ ਹੀ ਮਿਲੇਗੀ ਮੁ.ਫਤ ਬੱਸ ਯਾਤਰਾ ਦੀ ਸਹੂਲਤ

ਨਵੀਂ ਦਿੱਲੀ 5 ਅਪ੍ਰੈਲ। ਦਿੱਲੀ ਸਰਕਾਰ ਦੀ ਮੁਫ਼ਤ ਬੱਸ ਯਾਤਰਾ ਸਿਰਫ਼ ਉਨ੍ਹਾਂ ਔਰਤਾਂ ਲਈ ਉਪਲੱਬਧ ਹੋਵੇਗੀ, ਜੋ ਰਾਸ਼ਟਰੀ ਰਾਜਧਾਨੀ 'ਚ ਰਹਿੰਦੀਆਂ ਹਨ। ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਵਿਭਾਗ ਦਿੱਲੀ ਦੀਆਂ ਔਰਤਾਂ ਨੂੰ ਮੁਫ਼ਤ ਬੱਸ ਯਾਤਰਾ ਦੀ ਸਹੂਲਤ ਦੇਣ ਲਈ 'ਸਮਾਰਟ ਕਾਰਡ' ਜਾਰੀ ਕਰਨ ਦੀ ਕਵਾਇਦ ਸ਼ੁਰੂ ਕਰਨ ਜਾ ਰਿਹਾ ਹੈ, ਜੋ 'ਉਮਰ ਭਰ' ਵੈਲਿਡ ਰਹੇਗਾ। ਅਧਿਕਾਰੀਆਂ ਅਨੁਸਾਰ, ਦਿੱਲੀ 'ਚ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਸਰਕਾਰੀ ਬੱਸਾਂ 'ਚ ਮੁਫ਼ਤ ਯਾਤਰਾ ਲਈ ਸਮਾਰਟ ਕਾਰਡ ਪਾਉਣ ਦੀਆਂ ਇੱਛੁਕ ਔਰਤਾਂ ਲਈ ਜਲਦ ਹੀ ਰਜਿਸਟਰੇਸ਼ਨ ਦੀ ਪ੍ਰਕਿਰਿਆ ਸ਼ੁਰੂ ਕਰੇਗੀ। ਇਹ ਕਦਮ ਮੁੱਖ ਮੰਤਰੀ ਰੇਖਾ ਗੁਪਤਾ ਦੇ ਦਿੱਲੀ ਵਿਧਾਨ ਸਭਾ ਦੇ ਬਜਟ ਸੈਸ਼ਨ 'ਚ ਸਾਬਕਾ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਗੁਲਾਬੀ ਟਿਕਟ ਯੋਜਨਾ ਦੇ ਅਧੀਨ ਭ੍ਰਿਸ਼ਟਾਚਾਰ ਦਾ ਦੋਸ਼ ਲੱਗਣ ਦੇ ਕੁਝ ਦਿਨਾਂ ਬਾਅਦ ਚੁੱਕਿਆ ਗਿਆ ਹੈ। ਗੁਪਤਾ ਨੇ ਕਿਹਾ ਸੀ,"ਅਸੀਂ ਔਰਤਾਂ ਨੂੰ ਮੁਫ਼ਤ ਯਾਤਰਾ ਦੀ ਸਹੂਲਤ ਦੇਣ ਲਈ ਵਚਨਬੱਧ ਹੈ... ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਸੀਂ ਔਰਤਾਂ ਲਈ ਡਿਜੀਟਲ ਯਾਤਰਾ ਕਾਰਡ ਸ਼ੁਰੂ ਕਰਾਂਗੇ, ਜੋ ਉਨ੍ਹਾਂ ਨੂੰ ਸਰਕਾਰੀ ਬੱਸਾਂ 'ਚ ਕਦੇ ਵੀ ਆਜ਼ਾਦ ਰੂਪ ਨਾਲ ਮੁਫ਼ਤ ਯਾਤਰਾ ਕਰਨ ਦੀ ਸਹੂਲਤ ਦੇਵੇਗਾ, ਜਿਸ ਨਾਲ ਟਿਕਟ ਨਾਲ ਜੁੜਿਆ 'ਗੁਲਾਬੀ ਭ੍ਰਿਸ਼ਟਾਚਾਰ' ਖ਼ਤਮ ਹੋ ਜਾਵੇਗਾ।" ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਸੀ ਕਿ ਕੁਸ਼ਲਤਾ ਵਧਾਉਣ ਲਈ ਟਿਕਟ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਨਾਲ ਡਿਜੀਟਲ ਕੀਤਾ ਜਾਵੇਗਾ। ਗੁਪਤਾ ਨੇ ਕਿਹਾ ਸੀ ਕਿ ਸੰਪੂਰਨ ਪ੍ਰਣਾਲੀ ਦਾ ਆਧੁਨਿਕੀਕਰਨ ਕੀਤਾ ਜਾਵੇਗਾ ਅਤੇ ਪਾਰਦਰਸ਼ਤਾ ਅਤੇ ਕੁਸ਼ਲਤਾ ਯਕੀਨੀ ਕਰਨ ਲਈ ਮੌਜੂਦਾ ਯੋਜਨਾਵਾਂ 'ਚ ਸੁਧਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਸੀ,"ਸਾਡਾ ਟੀਚਾ ਦਿੱਲੀ ਦੇ ਜਨਤਕ ਟਰਾਂਸਪੋਰਟ ਨੂੰ ਵੱਧ ਸੌਖਾ, ਭਰੋਸੇਯੋਗ ਅਤੇ ਵਿਸ਼ਵ



# ਭਾਰਤੀ ਅਰਥਵਿਵਸਥਾ 'ਤੇ ਅਮਰੀਕੀ ਟੈਰਿਫ ਦੇ ਪ੍ਰਭਾਵ ਦਰਮਿਆਨ ਰੈਪੋ ਰੇਟ 'ਚ ਕਟੌਤੀ ਦੀ ਵਧੀ ਉਮੀਦ

ਤੇਜਿੰਦਰ ਕੌਰ ਬੱਬਰ

ਬਿਜ਼ਨੈੱਸ ਡੈਸਕ 5 ਅਪ੍ਰੈਲ। ਭਾਰਤੀ ਅਰਥਵਿਵਸਥਾ 'ਤੇ ਅਮਰੀਕੀ ਟੈਰਿਫ ਦੇ ਪ੍ਰਭਾਵ ਨੂੰ ਘੱਟ ਕਰਨ ਲਈ, ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਰੈਪੋ ਦਰ 'ਚ 75 ਤੋਂ 100 ਆਧਾਰ ਅੰਕਾਂ ਦੀ ਕਟੌਤੀ ਕਰ ਸਕਦਾ ਹੈ। ਬ੍ਰੋਕਰੇਜ ਕੰਪਨੀਆਂ ਮੁਤਾਬਕ ਮਹਿੰਗਾਈ ਫਿਲਹਾਲ ਹਲਕੀ ਰਹਿ ਸਕਦੀ ਹੈ, ਜਿਸ ਨੂੰ ਦੇਖਦੇ ਹੋਏ ਆਰਬੀਆਈ ਕੋਲ ਨੀਤੀਗਤ ਦਰ ਘਟਾਉਣ ਦੀ ਗੁੰਜਾਇਸ਼ ਹੈ। ਖਦਸ਼ਾ ਹੈ ਕਿ ਅਮਰੀਕੀ ਟੈਰਿਫ ਤੋਂ ਬਾਅਦ ਭਾਰਤੀ ਅਰਥਵਿਵਸਥਾ ਦੀ ਰਫਤਾਰ ਮੱਠੀ ਪੈ ਸਕਦੀ ਹੈ। ਆਰਬੀਆਈ ਦੀ ਛੇ ਮੈਂਬਰੀ ਮੁਦਰਾ ਨੀਤੀ ਕਮੇਟੀ (ਐਮਪੀਸੀ) ਨੇ ਫਰਵਰੀ ਵਿੱਚ ਰੈਪੋ ਦਰ ਵਿੱਚ 25 ਆਧਾਰ ਅੰਕਾਂ ਦੀ ਕਟੌਤੀ ਕੀਤੀ ਸੀ। ਪਿਛਲੇ ਪੰਜ ਸਾਲਾਂ ਵਿੱਚ ਨੀਤੀਗਤ ਦਰ ਵਿੱਚ ਇਹ ਪਹਿਲੀ ਕਟੌਤੀ ਸੀ। ਮੋਟੇ ਤੌਰ 'ਤੇ ਮੰਨਿਆ ਜਾ ਰਿਹਾ ਹੈ ਕਿ MPC ਦੀ ਅਗਲੀ ਬੈਠਕ 'ਚ ਰੇਪੋ ਰੇਟ 'ਚ 25 ਬੇਸਿਸ ਪੁਆਇੰਟਸ ਦੀ ਹੋਰ ਕਟੌਤੀ ਕੀਤੀ ਜਾ ਸਕਦੀ ਹੈ। ਗੋਲਡਮੈਨ ਸਾਕਸ ਅਨੁਮਾਨ ਅਨੁਸਾਰ, ਅਮਰੀਕਾ ਦੁਆਰਾ ਭਾਰਤ 'ਤੇ 26 ਪ੍ਰਤੀਸ਼ਤ ਟੈਰਿਫ ਲਗਾਉਣ ਨਾਲ ਇਸਦੀ (ਭਾਰਤ) ਦੀ ਆਰਥਿਕ ਵਿਕਾਸ ਦਰ 30 ਅਧਾਰ ਅੰਕਾਂ ਤੱਕ ਘੱਟ ਸਕਦੀ ਹੈ। ਬ੍ਰੋਕਰੇਜ ਕੰਪਨੀ ਮੁਤਾਬਕ ਅਮਰੀਕਾ ਦੀ ਵਿਕਾਸ ਦਰ ਦੇ ਅੰਦਾਜ਼ੇ 'ਚ ਹਾਲ ਹੀ 'ਚ ਆਈ ਕਮੀ ਤੋਂ ਬਾਅਦ ਭਾਰਤ ਤੋਂ ਸੇਵਾਵਾਂ ਦਾ ਨਿਰਯਾਤ ਵੀ ਪ੍ਰਭਾਵਿਤ ਹੋ ਸਕਦਾ ਹੈ, ਜਿਸ ਨਾਲ ਅਰਥਵਿਵਸਥਾ 'ਚ 20 ਆਧਾਰ ਅੰਕਾਂ ਦੀ ਵਾਧੂ ਕਮਜ਼ੋਰੀ ਆ ਸਕਦੀ ਹੈ। ਕੰਪਨੀ ਦੇ ਅਰਥ ਸ਼ਾਸਤਰੀਆਂ ਨੇ ਕਿਹਾ, ਸਮੁੱਚੀ ਆਰਥਿਕ ਵਿਕਾਸ ਦਰ ਕੁੱਲ ਮਿਲਾ ਕੇ 50 ਆਧਾਰ ਅੰਕਾਂ ਨਾਲ ਪ੍ਰਭਾਵਿਤ ਹੋਣ ਦੀ ਉਮੀਦ ਹੈ ਅਤੇ ਮਹਿੰਗਾਈ ਦਰ 4 ਫੀਸਦੀ ਤੋਂ ਹੇਠਾਂ ਰਹਿਣ ਦੇ ਅਨੁਮਾਨ ਦਰਮਿਆਨ ਕੈਲੰਡਰ ਸਾਲ 2025 ਵਿੱਚ ਰੈਪੋ ਦਰ ਨੂੰ 50 ਬੇਸਿਸ ਪੁਆਇੰਟ ਤੱਕ ਘਟਾਇਆ ਜਾ ਸਕਦਾ ਹੈ। ਯਾਨੀ ਪਾਲਿਸੀ ਰੇਟ ਨੂੰ 100 ਬੇਸਿਸ ਪੁਆਇੰਟ ਤੱਕ ਘਟਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨਕਦੀ ਦੀ ਸਥਿਤੀ ਸਹਿਜ ਰਹਿਣ ਕਾਰਨ, ਕੈਲੰਡਰ ਸਾਲ 2025 ਵਿੱਚ ਆਰਥਿਕ ਵਿਕਾਸ ਦਰ ਨੂੰ 10 ਅਧਾਰ ਅੰਕਾਂ ਤੱਕ ਮਜ਼ਬੂਤ ??ਕੀਤਾ ਜਾ ਸਕਦਾ ਹੈ। ਗੋਲਡਮੈਨ ਸਾਕਸ ਦੇ ਅਨੁਸਾਰ, ਤੇਲ ਦੀਆਂ ਘੱਟ ਕੀਮਤਾਂ ਵਾਧੂ 10 ਅਧਾਰ ਅੰਕ ਪ੍ਰਦਾਨ ਕਰ ਸਕਦੀਆਂ ਹਨ। ਯੂਐਸ ਟੈਰਿਫ 9 ਅਪ੍ਰੈਲ ਤੋਂ ਲਾਗੂ ਹੋ ਜਾਵੇਗਾ। ਅਮਰੀਕਾ ਨੇ ਏਸ਼ੀਆ ਦੇ ਦੂਜੇ ਦੇਸ਼ਾਂ ਦੇ ਮੁਕਾਬਲੇ ਭਾਰਤ 'ਤੇ ਘੱਟ ਟੈਰਿਫ ਲਗਾਏ ਹਨ, ਪਰ ਇਹ ਅਜੇ ਵੀ ਉਮੀਦ ਤੋਂ ਕਿਤੇ ਵੱਧ ਹੈ। ਮੰਨਿਆ ਜਾ ਰਿਹਾ ਹੈ ਕਿ ਏਸ਼ੀਆ ਦੇ ਦੂਜੇ ਦੇਸ਼ਾਂ ਦੇ ਮੁਕਾਬਲੇ ਭਾਰਤ ਨੂੰ ਥੋੜ੍ਹਾ ਫਾਇਦਾ ਹੋ ਸਕਦਾ ਹੈ। ਭਾਰਤੀ ਸਟੇਟ ਬੈਂਕ (ਐਸਬੀਆਈ) ਦੀ ਇੱਕ ਰਿਪੋਰਟ ਦੇ ਅਨੁਸਾਰ, ਅਮਰੀਕਾ ਨੇ ਦੁਨੀਆ ਦੇ ਦੂਜੇ ਦੇਸ਼ਾਂ 'ਤੇ ਭਾਰਤ ਨਾਲੋਂ ਵੱਧ ਡਿਊਟੀਆਂ ਲਗਾਈਆਂ ਹਨ। ਪਰ ਇਸ ਦੇ ਨਾਲ ਉਹ ਦੇਸ਼ ਭਾਰਤੀ ਬਾਜ਼ਾਰਾਂ ਵਿੱਚ ਆਪਣੇ ਉਤਪਾਦਾਂ ਨੂੰ ਧੱਕਣਾ ਸ਼ੁਰੂ ਕਰ ਸਕਦੇ ਹਨ, ਜਿਸ ਨਾਲ ਇੱਥੇ ਮਹਿੰਗਾਈ ਘੱਟ ਸਕਦੀ ਹੈ। UBS ਦਾ ਕਹਿਣਾ ਹੈ ਕਿ ਫਰਵਰੀ 'ਚ ਰੈਪੋ ਰੇਟ 'ਚ 25 ਬੇਸਿਸ ਪੁਆਇੰਟਸ ਦੀ ਕਟੌਤੀ ਕਰਨ ਤੋਂ ਬਾਅਦ RBI ਰੈਪੋ ਰੇਟ 'ਚ 50 ਬੇਸਿਸ ਪੁਆਇੰਟਸ ਦੀ ਹੋਰ ਕਟੌਤੀ ਕਰ ਸਕਦਾ ਹੈ। ਯੂਬੀਐਸ ਨੇ ਆਪਣੀ ਇੱਕ ਰਿਪੋਰਟ ਵਿੱਚ ਕਿਹਾ ਹੈ ਕਿ ਮੁਦਰਾ ਵਪਾਰ ਵਿੱਚ ਸਥਿਰਤਾ ਅਤੇ ਲਚਕਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਨੀਤੀਗਤ ਦਰਾਂ ਵਿੱਚ ਕਟੌਤੀ, ਨਕਦ ਸਹਾਇਤਾ ਅਤੇ ਨਿਯਮਾਂ ਅਤੇ ਨਿਯਮਾਂ ਨੂੰ ਸੌਖਾ ਬਣਾ ਕੇ ਅਰਥਵਿਵਸਥਾ ਦੀ ਮਦਦ ਲਈ ਯਤਨ ਕੀਤੇ ਜਾਣਗੇ।



# ਹਥਿਆਰਾਂ ਸਣੇ ਫੜੇ ਗਏ ਪੰਜੇ ਮੁਲਜ਼ਮਾਂ ਨੇ ਕੀਤੇ ਵੱਡੇ ਖੁਲਾਸੇ, ਟਲ ਗਈਆਂ ਵੱਡੀਆਂ ਵਾਰਦਾਤਾਂ !

ਫਿਲੌਰ 5 ਅਪ੍ਰੈਲ। ਹਥਿਆਰਾਂ ਦੀ ਖੇਪ ਸਣੇ ਫੜੇ ਗਏ ਖੱਤਰੀ ਅਤੇ ਗੁੱਜਰ ਗੈਂਗ ਦੇ ਪੰਜੇ ਗੁਰਗਿਆਂ ਨੂੰ ਪੁਲਸ ਵੱਲੋਂ ਅਦਾਲਤ 'ਚ ਪੇਸ਼ ਕਰ ਕੇ 5 ਦਿਨ ਦੇ ਪੁਲਸ ਰਿਮਾਂਡ 'ਤੇ ਲਿਆ ਰਿਮਾਂਡ ਦੌਰਾਨ ਉਨ੍ਹਾਂ ਨੇ ਕਈ ਅਹਿਮ ਖੁਲਾਸੇ ਕੀਤੇ। ਫੜੇ ਗਏ ਮੁੱਖ ਮੁਲਜ਼ਮ ਚੰਦਰ ਸ਼ੇਖਰ ਪੰਡਤ ਨੇ ਦੱਸਿਆ ਕਿ ਉਸ ਦਾ ਆਪਣੇ ਹੀ ਪਿੰਡ ਹੁਸ਼ਿਆਰਪੁਰ 'ਚ ਪੈਂਦੇ ਮੇਹਟੀਆਣਾ ਦੇ ਗਿੱਲ ਗੈਂਗ ਨਾਲ ਦੁਸ਼ਮਣੀ ਚੱਲ ਰਹੀ ਸੀ, ਜਿਸ ਕਾਰਨ ਉਸ ਨੇ ਦੱਸਿਆ ਕਿ ਗਿੱਲ ਗੈਂਗ ਚਿੱਟੇ ਦਾ ਕਾਰੋਬਾਰ ਵੱਡੇ ਪੱਧਰ 'ਤੇ ਕਰਦਾ ਹੈ। ਉਸ ਦੀ ਪਛਾਣ ਦਾ ਇਕ ਲੜਕਾ ਸੀ, ਜੋ ਪੜ੍ਹਨ 'ਚ ਬਹੁਤ ਹੁਸ਼ਿਆਰ ਸੀ, ਜਿਸ ਨੇ ਵਿਦੇਸ਼ ਜਾਣ ਲਈ ਆਈਲੈਟਸ ਕੀਤੀ। ਉਸ 'ਚ ਉਸ ਨੇ ਸਾਢੇ 7 ਬੈਂਡ ਵੀ ਲਏ। ਉਹ ਚਿੱਟੇ ਦਾ ਆਦੀ ਹੋ ਗਿਆ। ਗਿੱਲ ਗੈਂਗ ਕੋਲੋਂ ਖਰੀਦੇ ਚਿੱਟੇ ਨਾਲ ਉਸ ਦੀ ਮੌਤ ਹੋ ਗਈ, ਜਿਸ ਦਾ ਉਸ ਨੂੰ ਬੇਹੱਦ ਦੁੱਖ ਹੋਇਆ। ਉਸ ਨੇ ਗਿੱਲ ਗੈਂਗ ਨੂੰ ਨਸ਼ੇ ਦਾ ਕਾਰੋਬਾਰ ਬੰਦ ਕਰਨ ਲਈ ਕਿਹਾ ਤਾਂ ਉਸ ਗੈਂਗ ਨੇ ਉਸ ਨੂੰ ਪਿੰਡ 'ਚ ਪੈਂਦੀ ਬਰਸਾਤੀ ਚੋਅ ਕੋਲ ਬੁਲਾ ਕੇ ਉਥੇ ਉਸ ਨਾਲ ਬੁਰੀ ਤਰ੍ਹਾਂ ਕੁੱਟਮਾਰ ਕਰ ਕੇ ਜ਼ਲੀਲ ਕੀਤਾ। ਆਪਣੇ ਨਾਲ ਹੋਈ ਜ਼ਲਾਲਤ ਦਾ ਬਦਲਾ ਲੈਣ ਲਈ ਉਸ ਨੇ 20 ਜੂਨ ਨੂੰ ਆਪਣੇ ਸਾਥੀਆਂ ਨਾਲ ਮਿਲ ਕੇ ਗਿੱਲ ਅਤੇ ਉਸ ਦੇ ਗੈਂਗ ਦੇ ਲੜਕਿਆਂ ਨੂੰ ਚੰਗਾ ਸਬਕ ਸਿਖਾਇਆ ਅਤੇ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਉਸ ਝਗੜੇ ਤੋਂ ਬਾਅਦ ਉਸ ਨੂੰ ਪਤਾ ਲੱਗਾ ਕਿ ਗਿੱਲ ਗੈਂਗ ਉਨ੍ਹਾਂ ਨੂੰ ਜਾਨੋਂ ਮਾਰਨ ਦੀ ਤਿਆਰੀ ਰਚ ਰਿਹਾ ਹੈ। ਇਸ ਤੋਂ ਪਹਿਲਾਂ ਗਿੱਲ ਗੈਂਗ ਉਨ੍ਹਾਂ ਨੂੰ ਮਾਰ ਦਿੰਦਾ, ਉਸ ਨੇ ਵਿਦੇਸ਼ ਅਮਰੀਕਾ 'ਚ ਬੈਠੇ ਆਪਣੇ ਗੈਂਗ ਦੇ ਸਰਗਣਾ ਗੁੱਜਰ ਅਤੇ ਖੱਤਰੀ ਨਾਲ ਗੱਲ ਕਰ ਕੇ ਗਿੱਲ ਗੈਂਗ ਦੇ ਪੂਰੀ ਤਰ੍ਹਾਂ ਖਾਤਮੇ ਦੀ ਗੱਲ ਕਹੀ, ਜਿਸ 'ਤੇ ਗੁੱਜਰ ਨੇ ਉਨ੍ਹਾਂ ਨੂੰ ਕਿਹਾ ਕਿ ਉਹ ਕਤਲ ਦੇ ਦੋਸ਼ 'ਚ ਜੇਲ ਵਿਚ ਬੰਦ ਉਸ ਦੇ ਭਰਾ ਬਿੰਨੀ ਗੁੱਜਰ ਨੂੰ ਮਿਲਣ। ਉਹ ਉਨ੍ਹਾਂ ਲਈ ਹਥਿਆਰਾਂ ਦਾ ਪ੍ਰਬੰਧ ਕਰਵਾ ਦੇਵੇਗਾ। ਹਥਿਆਰ ਖਰੀਦਣ ਲਈ ਜਿੰਨਾ ਵੀ ਖਰਚ ਆਵੇਗਾ, ਉਹ ਉਸ ਦੀ ਪੇਮੈਂਟ ਵਿਦੇਸ਼ ਤੋਂ ਭੇਜ ਦੇਵੇਗਾ। ਬਿੰਨੀ ਗੁੱਜਰ ਨਾਲ ਜਦੋਂ ਉਨ੍ਹਾਂ ਜੇਲ 'ਚ ਮੁਲਾਕਾਤ ਕੀਤੀ ਤਾਂ ਉਸ ਨੇ ਉਨ੍ਹਾਂ ਨੂੰ ਮੱਧ ਪ੍ਰਦੇਸ਼ 'ਚ ਪੈਂਦੇ ਪਿੰਡ ਖੰਡਵਾ ਭੇਜ ਦਿੱਤਾ, ਜਿਥੋਂ ਉਨ੍ਹਾਂ ਨੇ 4 ਪਿਸਤੌਲਾਂ, ਇਕ ਰਿਵਾਲਵਰ, 8 ਮੈਗਜ਼ੀਨ ਅਤੇ ਗੋਲੀਆਂ ਖਰੀਦੀਆਂ। ਜਾਂਦੇ ਸਮੇਂ ਉਹ ਟਰੇਨ ਰਾਹੀਂ ਗਏ ਸਨ, ਆਉਂਦੇ ਸਮੇਂ ਉਹ ਬੱਸ ਰਾਹੀਂ ਆਏ। ਉਹ ਆਪਣੇ ਮੋਟਰਸਾਈਕਲ ਲੁਧਿਆਣਾ ਖੜ੍ਹੇ ਕਰ ਗਏ ਸਨ। ਫਿਲੌਰ 'ਚ ਉਨ੍ਹਾਂ ਨੂੰ ਹਾਈਟੈਕ ਨਾਕੇ 'ਤੇ ਇੰਸਪੈਕਟਰ ਸੁਖਦੇਵ ਸਿੰਘ ਅਤੇ ਉਨ੍ਹਾਂ ਦੀ ਟੀਮ ਨੇ ਹਥਿਆਰਾਂ ਸਮੇਤ ਫੜ ਲਿਆ। ਜੇਕਰ ਉਹ ਪੁਲਸ ਦੇ ਹੱਥ ਨਾ ਆਉਂਦੇ ਤਾਂ ਉਨ੍ਹਾਂ ਨੇ ਇਨ੍ਹਾਂ ਹਥਿਆਰਾਂ ਨਾਲ ਪਹਿਲਾਂ ਗਿੱਲ ਗੈਂਗ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਸੀ। ਇਸੇ ਲਈ ਉਨ੍ਹਾਂ ਨੇ 4 ਪਿਸਤੌਲਾਂ ਨਾਲ ਡਬਲ 8 ਮੈਗਜ਼ੀਨ ਲਏ ਸਨ। ਫੜੇ ਗਏ ਪੰਜੇ ਮੁਲਜ਼ਮਾਂ ਨੇ ਦੱਸਿਆ ਕਿ ਗਿੱਲ ਗੈਂਗ ਦੇ ਖਾਤਮੇ ਤੋਂ ਬਾਅਦ ਉਨ੍ਹਾਂ ਨੇ ਆਪਣੇ ਸਰਗਣਾ ਗੁੱਜਰ ਅਤੇ ਖੱਤਰੀ ਦੇ ਅਗਲੇ ਨਿਰਦੇਸ਼ ਦੀ ਪਾਲਣਾ ਕਰਨੀ ਸੀ। ਉਹ ਉਨ੍ਹਾਂ ਨੂੰ ਪਹਿਲਾਂ ਹੀ ਦੱਸ ਚੁੱਕੇ ਸਨ ਕਿ ਗਿੱਲ ਗੈਂਗ ਨੂੰ ਖਤਮ ਕਰਨ ਤੋਂ ਬਾਅਦ ਉਹ ਉਨ੍ਹਾਂ ਨੂੰ ਅਗਲਾ ਨਿਰਦੇਸ਼ ਦੇਣਗੇ। ਉਹ ਉਨ੍ਹਾਂ ਨੂੰ ਜੋ ਵੀ ਕੰਮ ਸੌਂਪਦੇ, ਉਸ ਨੂੰ ਉਨ੍ਹਾਂ ਨੇ ਹਰ ਹਾਲ 'ਚ ਪੂਰਾ ਕਰਨਾ ਸੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਸਰਗਣਾ ਗੁੱਜਰ ਅਤੇ ਖੱਤਰੀ ਨੇ ਉਨ੍ਹਾਂ ਨਾਲ ਵਾਅਦਾ ਕੀਤਾ ਸੀ ਕਿ ਉਹ ਪੰਜਾਬ 'ਚ ਗੈਂਗ ਦਾ ਦਬਦਬਾ ਬਣਾਉਣ ਲਈ ਇਥੋਂ ਕਿਤੋਂ ਵੀ ਉਹ ਵਿਦੇਸ਼ ਤੋਂ ਫਿਰੌਤੀ ਮੰਗਣ ਅਤੇ ਨਾ ਦੇਣ ਵਾਲਿਆਂ 'ਤੇ ਜੇਕਰ ਉਹ ਉਥੋਂ ਗੋਲੀ ਚਲਾਉਣ ਦਾ ਨਿਰਦੇਸ਼ ਦੇਣ ਤਾਂ ਉਹ ਉਸ ਦੀ ਪਾਲਣਾ ਕਰਨ। ਉਹ ਕਿਸੇ ਵੀ ਹਾਲਤ ਵਿਚ ਪੁਲਸ ਦੇ ਹੱਥ ਨਾ ਲੱਗਣ। ਜੇਕਰ ਉਨ੍ਹਾਂ 'ਤੇ ਪੰਜਾਬ ਵਿਚ ਵੱਡੇ ਅਪਰਾਧਕ ਕੇਸ ਦਰਜ ਹੋ ਜਾਂਦੇ ਹਨ ਅਤੇ ਪੁਲਸ ਉਨ੍ਹਾਂ ਦੇ ਪਿੱਛੇ ਹੱਥ ਧੋ ਕੇ ਪੈ ਜਾਵੇਗੀ ਤਾਂ ਉਹ ਅੱਗੇ ਗੈਂਗ 'ਚ ਨਵੇਂ ਲੜਕਿਆਂ ਨੂੰ ਸ਼ਾਮਲ ਕਰ ਕੇ ਖੁਦ ਉਨ੍ਹਾਂ ਵੱਲੋਂ ਦੱਸੇ ਏਜੰਟ ਕੋਲ ਪੁੱਜ ਜਾਣ। ਉਹ ਉਨ੍ਹਾਂ ਨੂੰ ਮੈਕਸੀਕੋ ਭੇਜ ਦੇਵੇਗਾ, ਜਿਥੋਂ ਉਹ ਡੌਂਕੀ ਲਗਵਾ ਕੇ ਉਨ੍ਹਾਂ ਨੂੰ ਆਪਣੇ ਕੋਲ ਬੁਲਾ ਲੈਣਗੇ। ਫਿਰ ਉਹ ਵੀ ਵਿਦੇਸ਼ 'ਚ ਬੈਠ ਕੇ ਜਿਨ੍ਹਾਂ ਲੜਕਿਆਂ ਨੂੰ ਉਹ ਗੈਂਗ 'ਚ ਸ਼ਾਮਲ ਕਰ ਕੇ ਆਉਣਗੇ ਅੱਗੇ ਉਨ੍ਹਾਂ ਤੋਂ ਕੰਮ ਲੈਣਗੇ। ਫਿਲੌਰ ਪੁਲਸ ਜੇਕਰ ਸਮਾਂ ਰਹਿੰਦੇ ਇਨ੍ਹਾਂ ਨੂੰ ਨਾ ਫੜਦੀ ਤਾਂ ਆਉਣ ਵਾਲੇ ਦਿਨਾਂ 'ਚ ਇਸ ਗਿਰੋਹ ਨੇ ਪੰਜਾਬ 'ਚ ਵੱਡੀ ਅੱਤ ਮਚਾਉਣੀ ਸੀ।



## ਪੁਲਸ ਨੇ ਸਰਚ ਆਪ੍ਰੇਸ਼ਨ ਦੌਰਾਨ ਕਈ ਪਿੰਡਾਂ 'ਚ ਘਰ-ਘਰ ਜਾ ਕੇ ਲਈ ਤਲਾਸ਼ੀ

ਪਾਤੜਾਂ 5 ਅਪ੍ਰੈਲ। ਸੂਬਾ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜਰ ਸੀਨੀਅਰ ਪੁਲਸ ਅਧਿਕਾਰੀਆਂ ਦੇ ਦਿੱਤੇ ਦਿਸ਼ਾ- ਨਿਰਦੇਸ਼ਾਂ 'ਤੇ ਚਲਦਿਆਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਪਾਤੜਾਂ ਪੁਲਸ ਨੇ ਪਾਤੜਾਂ ਅਤੇ ਇਸ ਦੇ ਨਾਲ ਲੱਗਦੇ ਵੱਖ-ਵੱਖ ਪਿੰਡਾਂ ਵਿਚ ਅੱਜ ਸਵੇਰੇ ਰੇਡ ਕਰਕੇ ਘਰਾਂ ਦੀ ਤਲਾਸ਼ੀ ਕੀਤੀ। ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਇਹ ਆਪਰੇਸ਼ਨ ਪਾਤੜਾਂ ਦੇ ਹਰਮਨ ਨਗਰ ਤੋਂ ਇਲਾਵਾ ਪਿੰਡ ਕਾਹਨਗੜ੍ਹ, ਖਸਪੁਰ, ਦੁਤਾਲ ਮੌਲਵੀਵਾਲਾ ਵਿਖੇ ਅੱਜ ਸਵੇਰੇ 5 ਵਜੇ ਰੇਡ ਕੀਤੀ ਗਈ ਹੈ ਜਦੋਂ ਕਿ ਘਰਾਂ ਵਿਚ ਲੋਕ ਸੁੱਤੇ ਪਏ ਸੀ ਉਸ ਵਕਤ ਪੁਲਸ ਦੇ ਅਧਿਕਾਰੀਆਂ ਨੇ ਪਿੰਡਾਂ ਵਿਚ ਘਰ - ਘਰ ਤਲਾਸ਼ੀ ਲੈ ਕੇ ਡਰੱਗ ਰੋਕੋ ਮੁਹਿੰਮ ਚਲਾਈ । ਇਸ ਮੁਹਿੰਮ ਤਹਿਤ ਭਾਵੇਂ



ਕੁਝ ਨਹੀਂ ਮਿਲਿਆ ਪਰ ਲੋਕਾਂ ਨੂੰ ਇਸ ਸਬੰਧੀ ਇੱਕ ਖੌਫ ਜਰੂਰ ਦੇਖਣ ਨੂੰ ਮਿਲਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪਾਤੜਾਂ ਥਾਣਾ ਮੁਖੀ ਸਬ ਇੰਸਪੈਕਟਰ ਯਸਪਾਲ ਸ਼ਰਮਾਂ ਨੇ ਦੱਸਿਆ ਕਿ ਪਾਤੜਾਂ ਇਲਾਕੇ ਅੰਦਰ ਨਸ਼ਿਆ ਦੇ ਸੌਦਾਗਰਾਂ ਨੂੰ ਨੱਥ ਪਾਉਣ ਲਈ ਅੱਜ ਸਵੇਰ ਸਮੇਂ ਵੱਖ-ਵੱਖ ਪੁਲਸ ਟੀਮਾਂ ਬਣਾ ਕੇ ਸ਼ੱਕੀ ਘਰਾਂ ਦੇ ਤਲਾਸ਼ੀ ਲਈ ਗਈ ਹੈ ਤਾਂ ਜੋ ਕੋਈ ਵੀ ਵਿਅਕਤੀ ਨਸ਼ਿਆਂ ਦੀ ਸਮੱਗਲਿੰਗ ਨਾ ਕਰ ਸਕੇ । ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਪੁਲਸ ਵੱਲੋਂ ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਖ਼?ਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ ਤਾਂ ਜੋ ਕਿਸੇ ਵੀ ਮਾੜੇ ਅਨਸਰ ਨੂੰ ਨੱਥ ਪਾਈ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਪੁਲਸ ਫੋਰਸ ਦੇ ਜਵਾਨਾਂ ਤੋਂ ਇਲਾਵਾ ਲੇਡੀਜ ਪੁਲਸ ਫੋਰਸ ਵੀ ਮੌਜੂਦ ਸੀ।

## ਪਾਣੀ ਵਾਲੀ ਟੈਂਕੀ 'ਤੇ ਚੜ੍ਹ ਗਏ ਮਾਂ-ਪੁੱਤ, ਪਤਾ ਲੱਗਾ ਤਾਂ ਪੁਲਸ ਨੂੰ ਪੈ ਗਈਆਂ ਭਾਜੜਾਂ

ਲੁਧਿਆਣਾ 5 ਅਪ੍ਰੈਲ। ਲੁਧਿਆਣਾ ਪੁਲਸ ਨੂੰ ਉਸ ਵੇਲੇ ਭਾਜੜਾਂ ਪੈ ਗਈਆਂ, ਜਦੋਂ ਚਾਂਦ ਸਿਨੇਮਾ ਦੇ ਸਾਹਮਣੇ ਬਣੀ ਪਾਣੀ ਦੀ ਟੈਂਕੀ ਦੇ ਉੱਪਰ ਮਾਂ ਅਤੇ ਪੁੱਤ ਦੇ ਚੜ੍ਹੇ ਹੋਣ ਦੀ ਜਾਣਕਾਰੀ ਮਿਲੀ। ਮਾਂ-ਪੁੱਤ ਨੂੰ ਟੈਂਕੀ 'ਤੇ ਚੜ੍ਹਿਆ ਦੇਖ ਕੇ ਰਾਹਗੀਰਾਂ ਨੇ ਪੁਲਸ ਕੰਟਰੋਲ ਰੂਮ 'ਤੇ ਸੂਚਨਾ ਦਿੱਤੀ, ਜਿਸ ਤੋਂ ਬਾਅਦ ਥਾਣਾ ਡਵੀਜ਼ਨ ਨੰ. 4 ਦੀ ਪੁਲਸ ਮੌਕੇ 'ਤੇ ਪੁੱਜ ਗਈ। ਇਹ ਦੇਖ ਕੇ ਪੁਲਸ ਦੇ ਹੱਥ-ਪੈਰ ਫੁੱਲ ਗਏ ਤਾਂ ਕਿ ਕੋਈ ਅਣਹੋਣੀ ਨਾ ਹੋ ਜਾਵੇ। ਇਸ ਦੇ ਨਾਲ ਹੀ ਫਾਇਰ ਬ੍ਰਿਗੇਡ ਦੀ ਗੱਡੀ ਵੀ ਮੌਕੇ 'ਤੇ ਪੁੱਜ ਗਈ। ਕਿਸੇ ਤਰ੍ਹਾਂ ਪੁਲਸ ਮੁਲਾਜ਼ਮ ਉੱਪਰ ਗਏ ਅਤੇ ਮਾਂ-ਪੁੱਤ ਨੂੰ ਸਮਝਾ ਕੇ ਹੇਠਾਂ ਲੈ ਕੇ ਆਏ ਤਾਂ ਜਾ ਕੇ ਪੁਲਸ ਨੇ ਸੁੱਖ ਦਾ ਸਾਹ ਲਿਆ। ਥਾਣਾ ਡਵੀਜ਼ਨ ਨੰ. 4 ਦੇ ਐੱਸ.ਐੱਚ.ਓ. ਹਰਸ਼ਪਾਲ ਸਿੰਘ ਨੇ ਦੱਸਿਆ



ਕਿ ਉਨ੍ਹਾਂ ਨੂੰ ਦੁਪਹਿਰ ਲਗਭਗ ਸਾਢੇ 3 ਵਜੇ ਸੂਚਨਾ ਮਿਲੀ ਸੀ ਕਿ ਪਾਣੀ ਵਾਲੀ ਟੈਂਕੀ 'ਤੇ 2 ਲੋਕ ਚੜ੍ਹੇ ਹੋਏ ਹਨ। ਉਹ ਤੁਰੰਤ ਪੁਲਸ ਪਾਰਟੀ ਨਾਲ ਮੌਕੇ 'ਤੇ ਪੁੱਜ ਗਏ। ਉਨ੍ਹਾਂ ਦੇਖਿਆ ਕਿ ਟੈਂਕੀ 'ਤੇ ਇਕ ਅੱਧਖੜ ਉਮਰ ਦੀ ਔਰਤ ਅਤੇ ਇਕ ਨੌਜਵਾਨ ਹੈ, ਜੋ ਕਿ ਮਾਂ-ਪੁੱਤ ਹਨ। ਉਨ੍ਹਾਂ ਨੇ ਪਹਿਲਾਂ ਉਨ੍ਹਾਂ ਨੂੰ ਹੇਠੋਂ ਸਮਝਾਉਣ ਦਾ ਯਤਨ ਕੀਤਾ। ਇਸ ਤੋਂ ਬਾਅਦ ਉਨ੍ਹਾਂ ਦੇ ਪੁਲਸ ਮੁਲਾਜ਼ਮ ਟੈਂਕੀ ਦੇ ਉੱਪਰ ਚੜ੍ਹੇ, ਜਿਨ੍ਹਾਂ ਨੇ ਦੋਵਾਂ ਨੂੰ ਸਮਝਾਇਆ ਅਤੇ ਕਿਹਾ ਕਿ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਹੀਂ ਹੋਵੇਗੀ ਤੇ ਪੁਲਸ ਉਨ੍ਹਾਂ ਦੀ ਮਦਦ ਕਰੇਗੀ। ਇਸ ਤੋਂ ਬਾਅਦ ਉਨ੍ਹਾਂ ਨੂੰ ਹੇਠਾਂ ਉਤਾਰਿਆ ਗਿਆ। ਪੁਲਸ ਦਾ ਕਹਿਣਾ ਹੈ ਕਿ ਉਕਤ ਔਰਤ ਦੀ ਹਾਲਤ ਵਿਗੜ ਗਈ ਸੀ। ਫਿਲਹਾਲ, ਇਨ੍ਹਾਂ ਹੀ ਪਤਾ ਲੱਗਾ ਹੈ ਕਿ ਉਨ੍ਹਾਂ ਦਾ ਕੋਈ ਪ੍ਰਾਪਰਟੀ ਵਿਵਾਦ ਹੈ। ਮਹਿਲਾ ਦੇ ਠੀਕ ਹੋਣ ਤੋਂ ਬਾਅਦ ਉਨ੍ਹਾਂ ਦੀ ਸ਼ਿਕਾਇਤ ਲੈ ਕੇ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

## ਰੂਹ ਕੰਬਾਊ ਵਾਰਦਾਤ: ਲਾਅ ਕਾਲਜ ਦੇ ਪ੍ਰੋਫੈਸਰ ਨੇ ਮਾਂ ਦੇ ਸਾਹਮਣੇ ਵੱਢ ਦਿੱਤਾ ਪਿਓ

ਨੈਸ਼ਨਲ ਡੈਸਕ 5 ਅਪ੍ਰੈਲ। ਸਹਿਰ ਦੇ ਇੱਕ ਪ੍ਰਾਈਵੇਟ ਲਾਅ ਕਾਲਜ ਦੇ ਇੱਕ ਸਹਾਇਕ ਪ੍ਰੋਫੈਸਰ ਨੇ ਬੁੱਧਵਾਰ ਨੂੰ ਕਥਿਤ ਤੌਰ 'ਤੇ ਆਪਣੇ ਪਿਤਾ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਪੁਲਸ ਨੇ ਦੋਸੀ ਨੂੰ ਗ੍ਰਿਫਤਾਰ ਕਰ ਲਿਆ ਹੈ। ਪੁਲਸ ਦੇ ਡਿਪਟੀ ਕਮਿਸਨਰ ਪ੍ਰਤੀਕ ਸਿੰਘ ਨੇ ਦੱਸਿਆ ਕਿ ਜਨਤਕ ਖੇਤਰ ਦੇ ਅਦਾਰੇ ਨਾਲਕੋ ਦੇ ਸੇਵਾਮੁਕਤ ਅਧਿਕਾਰੀ ਸੁਨੀਲ ਚੌਧਰੀ ਦੀ ਛਾਤੀ ਅਤੇ ਢਿੱਡ 'ਤੇ ਚਾਕੂ ਨਾਲ ਕਈ ਵਾਰ ਕੀਤੇ ਗਏ ਸਨ। ਪੁਲਸ ਮੁਤਾਬਕ ਦੋਸੀ ਅਨਿਰੁੱਧ ਚੌਧਰੀ (38) ਆਪਣੀ ਪਤਨੀ ਨਾਲ ਝਗੜੇ ਤੋਂ ਬਾਅਦ ਇੱਥੇ ਮਾਨਚੇਸਵਰ ਥਾਣੇ ਦੇ ਅਧੀਨ ਕਾਲਰਾਹੰਗਾ ਖੇਤਰ ਦੇ ਇਕ ਅਪਾਰਟਮੈਂਟ 'ਚ ਆਪਣੇ ਮਾਤਾ-ਪਿਤਾ ਨਾਲ ਰਹਿ ਰਿਹਾ ਸੀ। ਇਹ ਦਰਦਨਾਕ ਘਟਨਾ ਸਵੇਰੇ ਉਸਦੀ ਮਾਂ ਸੁਨੀਤਾ ਦੇ ਸਾਹਮਣੇ ਵਾਪਰੀ। ਸਿੰਘ ਨੇ ਦੱਸਿਆ ਕਿ ਸੂਚਨਾ ਮਿਲਣ ਤੋਂ ਬਾਅਦ ਸਵੇਰੇ 4.30 ਵਜੇ ਪੀ.ਸੀ.ਆਰ ਵੈਨ ਮੌਕੇ 'ਤੇ ਪਹੁੰਚੀ ਅਤੇ ਗੰਭੀਰ ਜਖਮੀ ਸੁਨੀਲ ਨੂੰ ਕੈਪੀਟਲ ਹਸਪਤਾਲ ਪਹੁੰਚਾਇਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।



ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਘਟਨਾ ਵਿੱਤੀ ਵਿਵਾਦ ਕਾਰਨ ਵਾਪਰੀ ਹੈ। ਪੁਲਸ ਅਨੁਸਾਰ ਅਨਿਰੁੱਧ ਚੌਧਰੀ 'ਤੇ ਕਥਿਤ ਤੌਰ 'ਤੇ ਭਾਰੀ ਕਰਜਾ ਸੀ, ਜਿਸ ਕਾਰਨ ਉਹ ਪਰੇਸ਼ਾਨ ਰਹਿੰਦਾ ਸੀ। ਆਰਥਿਕ ਮਦਦ ਨੂੰ ਲੈ ਕੇ ਉਸ ਦਾ ਆਪਣੇ ਪਿਤਾ ਨਾਲ ਝਗੜਾ ਸੀ। ਜਦੋਂ ਸੁਨੀਲ ਨੇ ਪੈਸੇ ਦੇਣ ਤੋਂ ਇਨਕਾਰ ਕੀਤਾ ਤਾਂ ਦੋਸੀ ਪੁੱਤਰ ਨੇ ਉਸ 'ਤੇ ਤੇਜਧਾਰ ਚਾਕੂ ਨਾਲ ਕਈ ਵਾਰ ਹਮਲਾ ਕਰਕੇ ਉਸ ਨੂੰ ਮਾਰ ਦਿੱਤਾ। ਮਾਨਚੇਸਵਰ ਪੁਲਸ ਨੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਘਟਨਾ ਸਥਾਨ 'ਤੇ ਪੁੱਜੇ ਫੋਰੈਂਸਿਕ ਮਾਹਿਰਾਂ ਨੇ ਘਟਨਾ ਵਾਲੀ ਥਾਂ ਤੋਂ ਸਬੂਤ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਹਨ, ਜਿਸ ਵਿੱਚ ਅਪਰਾਧ ਵਿੱਚ ਵਰਤਿਆ ਗਿਆ ਹਥਿਆਰ ਅਤੇ ਘਟਨਾ ਸਮੇਂ ਦੋਸੀ ਅਤੇ ਉਸਦੇ ਪਿਤਾ ਵੱਲੋਂ ਪਹਿਨੇ ਕੱਪੜੇ ਸਾਮਲ ਹਨ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਲਾਸ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਘਟਨਾ ਬਾਰੇ ਹੋਰ ਜਾਣਕਾਰੀ ਹਾਸਲ ਕਰਨ ਲਈ ਅਨਿਰੁਧ ਦੀ ਮਾਂ ਤੋਂ ਵੀ ਪੁੱਛਗਿੱਛ ਕੀਤੀ ਜਾਵੇਗੀ।

## ਬੀਮਾਰੀਆਂ ਤੋਂ ਤੰਗ ਆਏ ਵਿਅਕਤੀ ਨੇ ਨਹਿਰ 'ਚ ਛਾਲ ਮਾਰ ਕੇ ਕੀਤੀ ਖੁਦਕੁਸ਼ੀ

ਫਾਜ਼ਿਲਕਾ 5 ਅਪ੍ਰੈਲ। ਉਪ-ਮੰਡਲ ਦੇ ਪਿੰਡ ਘੱਲੂ ਦੇ ਇਕ ਵਿਅਕਤੀ ਵੱਲੋਂ ਬੀਮਾਰੀਆਂ ਤੋਂ ਤੰਗ ਆ ਕੇ ਗੰਗ ਕੈਨਾਲ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ ਕਰਨ ਦੀ ਦੁਖਦਾਈ ਖਬਰ ਹੈ। ਜਾਣਕਾਰੀ ਅਨੁਸਾਰ ਪ੍ਰਵੀਨ ਨਾਂ ਦਾ ਇਕ ਵਿਅਕਤੀ ਜੋ ਕਿ ਪਿਛਲੇ 8 ਸਾਲ ਤੋਂ ਕਈ ਬੀਮਾਰੀਆਂ ਤੋਂ ਪਰੇਸ਼ਾਨ ਦੱਸਿਆ ਜਾ ਰਿਹਾ ਸੀ। ਆਪਣੇ ਇਲਾਜ 'ਤੇ ਲੱਖਾਂ ਰੁਪਏ ਖਰਚ ਕਰ ਚੁੱਕਿਆ ਸੀ। ਇਸ ਕਾਰਨ ਮਾਨਸਿਕ ਪਰੇਸ਼ਾਨੀ ਦੇ ਚੱਲਦਿਆਂ ਉਸ ਨੇ ਗੰਗਾ ਕੈਨਾਲ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ, ਜਿਸ ਦੀ ਲਾਸ਼ ਰਾਜਸਥਾਨ ਦੀ ਇਕ ਨਹਿਰ 'ਚੋਂ ਬਰਾਮਦ ਹੋਈ। ਥਾਣਾ ਖੂਈ ਖੇੜਾ ਪੁਲਸ ਨੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੀ ਮੋਰਚਰੀ 'ਚ ਰਖਵਾਇਆ ਹੈ।

## ਸੂਬੇ ਦੇ ਇਨ੍ਹਾਂ 12 ਜਿਲ੍ਹਿਆਂ ਲਈ ਜਾਰੀ ਹੋਇਆ ਅਲਰਟ

ਜਲੰਧਰ 5 ਅਪ੍ਰੈਲ। ਉੱਤਰ ਭਾਰਤ ਦੇ ਵੱਖ-ਵੱਖ ਸੂਬਿਆਂ ਵਿਚ ਮੌਸਮ ਨੇ ਕਰਵਟ ਬਦਲੀ ਹੈ ਅਤੇ ਬਾਰਿਸ਼ ਦੀ ਦਸਤਕ ਨਾਲ ਤਾਪਮਾਨ ਵਿਚ ਵੱਡਾ ਬਦਲਾਅ ਦੇਖਣ ਨੂੰ ਮਿਲਿਆ ਹੈ। ਪੰਜਾਬ ਵਿਚ 266 ਐੱਮ. ਐੱਮ. ਬਾਰਿਸ਼ ਨਾਲ ਵੱਖ-ਵੱਖ ਸੂਬਿਆਂ ਦੇ ਤਾਪਮਾਨ ਵਿਚ 6 ਤੋਂ 7 ਡਿਗਰੀ ਸੈਲਸੀਅਸ ਦੀ ਗਿਰਾਵਟ ਆਈ ਹੈ, ਜਿਸ ਨਾਲ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਪੰਜਾਬ, ਹਰਿਆਣਾ ਤੇ ਹਿਮਾਚਲ 'ਚ ਸ਼ੁਰੂ ਹੋਇਆ ਬਾਰਿਸ਼ ਦਾ ਸਿਲਸਿਲਾ 5 ਜੁਲਾਈ ਨੂੰ ਵੀ ਜਾਰੀ ਰਹੇਗਾ। ਮਾਨਸੂਨ ਦੇ ਸਮੇਂ ਤੋਂ ਪਹਿਲਾਂ ਦਸਤਕ ਦੇਣ ਕਾਰਨ ਭਿਆਨਕ ਗਰਮੀ ਤੋਂ ਵੱਡੀ ਰਾਹਤ ਮਿਲੀ ਹੈ। ਮੌਸਮ ਵਿਗਿਆਨ ਵਿਭਾਗ ਦੇ ਚੰਡੀਗੜ੍ਹ ਕੇਂਦਰ ਵੱਲੋਂ ਹਰਿਆਣਾ, ਚੰਡੀਗੜ੍ਹ ਤੇ ਦਿੱਲੀ ਵਿਚ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ, ਜਦੋਂ ਕਿ ਪੰਜਾਬ ਦੇ 12 ਜ਼?ਲ੍ਹਿਆਂ ਵਿਚ ਔਰੇਂਜ ਅਲਰਟ ਨਾਲ ਭਾਰੀ ਬਾਰਿਸ਼ ਦੀ ਚਿਤਾਵਨੀ ਦਿੱਤੀ ਗਈ ਹੈ। ਔਰੇਂਜ ਅਲਰਟ ਪਠਾਨਕੋਟ, ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ, ਫਤਹਿਗੜ੍ਹ ਸਾਹਿਬ, ਰੂਪਨਗਰ, ਨਵਾਂਸ਼ਹਿਰ, ਤਰਨਤਾਰਨ, ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼?ਲ੍ਹੇ ਸ਼ਾਮਲ ਹਨ। ਇਸੇ ਸਿਲਸਿਲੇ ਵਿਚ 6 ਜੁਲਾਈ ਨੂੰ ਪੰਜਾਬ ਦੇ ਕੁਝ ਜ਼?ਲ੍ਹੇ ਯੈਲੋ ਅਲਰਟ ਦੀ ਲਪੇਟ ਵਿਚ ਰਹਿਣਗੇ। ਵੱਖ-ਵੱਖ ਸਰੋਤਾਂ ਤੋਂ ਮਿਲੀ ਜਾਣਕਾਰੀ ਮੁਤਾਬਕ ਪੰਜਾਬ ਵਿਚ ਪਿਛਲੇ 24 ਘੰਟਿਆਂ ਦੌਰਾਨ 266 ਐੱਮ. ਐੱਮ. ਤੋਂ ਵੱਧ ਬਾਰਿਸ਼ ਹੋਈ। ਬੀਤੇ ਦਿਨੀਂ 44.1 ਡਿਗਰੀ ਦੇ ਮੁਕਾਬਲੇ ਪੰਜਾਬ ਦਾ ਵੱਧ ਤੋਂ ਵੱਧ ਤਾਪਮਾਨ 37.5 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ।

## ਪੰਜਾਬ 'ਚ ਵੱਡੀ ਵਾਰਦਾਤ, ਨਿਹੰਗਾਂ ਨੇ ਭਰੇ ਬਾਜਾਰ 'ਚ ਸੜਕ ਵਿਚਾਲੇ ਵੱਢਿਆ ਸ਼ਿਵ ਸੈਨਾ ਆਗੂ

ਲੁਧਿਆਣਾ 5 ਅਪ੍ਰੈਲ। ਥਾਣਾ ਡਿਵੀਜਨ ਨੰਬਰ 2 ਦੇ ਖੇਤਰ ਵਿਚ ਸ਼?ਵ ਸੈਨਾ ਆਗੂ ਸੰਦੀਪ ਉਰਫ ਗੋਰਾ ਥਾਪਰ 'ਤੇ ਕੁਝ ਅਣਪਛਾਤੇ ਨਿਹੰਗਾਂ ਨੇ ਭਰੇ ਬਾਜਾਰ ਸ਼ਰੇਆਮ ਕਿਰਪਾਨਾਂ ਨਾਲ ਹਮਲਾ ਕਰ ਦਿੱਤਾ। ਨਿਹੰਗਾਂ ਦੇ ਬਾਣੇ ਵਿਚ ਤਿੰਨ ਲੋਕਾਂ ਨੇ ਐਕਟਿਵਾ 'ਤੇ ਜਾ ਰਹੇ ਸ਼?ਵ ਸੈਨਾ ਆਗੂ ਸੰਦੀਪ ਉਰਫ ਗੋਰਾ ਨੂੰ ਭਰੇ ਬਾਜਾਰ ਵਿਚ ਰੋਕਿਆ ਅਤੇ ਇਕ ਤੋਂ ਬਾਅਦ ਇਕ ਤਲਵਾਰ ਨਾਲ ਤਾਬੜ-ਤੋੜ ਵਾਰ ਕਰਨੇ ਸ਼ੁਰੂ ਕਰ ਦਿੱਤੇ। ਇਸ ਦੌਰਾਨ ਖੂਨ ਨਾਲ ਲਥਪਥ ਸੰਦੀਪ ਉਰਫ ਗੋਰਾ ਜਮੀਨ 'ਤੇ ਡਿੱਗ ਗਿਆ ਅਤੇ ਇਸ ਦੇ ਬਾਵਜੂਦ ਇਕ ਨਿਹੰਗ ਉਸ 'ਤੇ ਤਲਵਾਰ ਨਾਲ ਤਾਬੜਤੋੜ ਵਾਰ ਕਰਦਾ ਰਿਹਾ। ਜਿਸ ਤੋਂ ਬਾਅਦ ਬੇਹੱਦ ਗੰਭੀਰ ਹਾਲਤ ਵਿਚ ਗੋਰਾ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ। ਜਿੱਥੇ ਮੁੱਢਲੀ ਸਹਾਇਤਾ ਤੋਂ ਬਾਅਦ ਉਸ ਨੂੰ ਸੀ. ਐੱਮ. ਸੀ. ਹਸਪਤਾਲ ਰੈਫਰ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਸ਼?ਵ ਸੈਨਾ ਦੇ ਆਗੂਆਂ ਨੇ ਪੁਲਸ ਪ੍ਰਸਾਸਨ ਖ਼?ਲਾਫ ਨਾਅਰੇਬਾਜੀ ਕੀਤੀ ਹੈ। ਇਥੇ ਹੈਰਾਨ ਕਰ ਵਾਲੀ ਗੱਲ ਇਹ ਹੈ ਕਿ ਜਿਸ ਸਮੇਂ ਸ਼ਿਵ ਸੈਨਾ ਆਗੂ 'ਤੇ ਹਮਲਾ ਹੋਇਆ, ਉਸ ਸਮੇਂ ਉਸ ਨਾਲ ਪੰਜਾਬ ਪੁਲਸ ਦਾ ਸੁਰੱਖਿਆ ਮੁਲਾਜਮ ਵੀ ਮੌਜੂਦ ਸੀ ਅਤੇ ਇਕ ਨਿਹੰਗ ਉਸ ਨੂੰ ਗੱਲਾਂ ਵਿਚ ਪਾ ਕੇ ਪਿੱਛੇ ਲੈ ਗਿਆ ਜਿਸ ਤੋਂ ਬਾਅਦ ਉਹ ਨਜਰ ਨਹੀਂ ਆਇਆ।

## ਦੋਸਤ ਨਾਲ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਗਏ ਨੌਜਵਾਨ ਦੀ ਸ਼ੱਕੀ ਹਾਲਾਤ 'ਚ ਮੌਤ

ਬਟਾਲਾ 5 ਅਪ੍ਰੈਲ। ਬਟਾਲਾ ਵਿਖੇ ਸ਼ੱਕੀ ਹਾਲਾਤ 'ਚ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਪੁਲਸ



ਚੌਂਕੀ ਸਿੰਬਲ ਬਟਾਲਾ ਦੇ ਇੰਚਾਰਜ ਏ. ਐੱਸ. ਆਈ. ਸੁਖਰਾਜ ਸਿੰਘ ਨੇ ਦੱਸਿਆ ਕਿ ਜਸਪਿੰਦਰ ਕੌਰ ਪਤਨੀ ਸੁਰਿੰਦਰ ਸਿੰਘ ਵਾਸੀ ਅੰਮ੍ਰਿਤਸਰ ਰੋਡ ਬਾਈਪਾਸ ਬਟਾਲਾ ਨੇ ਪੁਲਸ ਨੂੰ ਦਰਜ ਕਰਵਾਏ ਬਿਆਨ ਵਿਚ ਲਿਖਵਾਇਆ ਕਿ ਮੇਰੇ ਲੜਕੇ ਸਾਹਿਲਪ੍ਰੀਤ ਸਿੰਘ ਨੂੰ ਬੀਤੇ ਦਿਨ ਉਸ ਦਾ ਦੋਸਤ ਜਸਵਿੰਦਰ ਸਿੰਘ ਵਾਸੀ ਸ਼ਾਂਤੀ ਨਗਰ ਕਾਹਨੂੰਵਾਨ ਰੋਡ ਬਟਾਲਾ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਣ ਲਈ ਲੈ ਜਾਣ ਵਾਸਤੇ ਘਰੋਂ ਲੈ ਗਿਆ ਸੀ। ਅੱਜ ਸਵੇਰੇ 7 ਵਜੇ ਦੇ ਕਰੀਬ ਸਾਨੂੰ ਫੋਨ 'ਤੇ ਦੱਸਿਆ ਕਿ ਤੁਹਾਡੇ ਲੜਕੇ ਦੀ ਤਬੀਅਤ ਖਰਾਬ ਹੋ ਗਈ ਹੈ, ਜਿਸ 'ਤੇ ਅਸੀਂ ਮੌਕੇ 'ਤੇ ਪਹੁੰਚੇ ਤਾਂ ਵੇਖਿਆ ਕਿ ਸਾਡਾ ਲੜਕਾ ਮ੍ਰਿਤਕ ਹਾਲਾਤ ਵਿਚ ਪਿਆ ਸੀ। ਜਸਪਿੰਦਰ ਕੌਰ ਨੇ ਪੁਲਸ ਨੂੰ ਲਿਖਵਾਇਆ ਕਿ ਉਸ ਨੂੰ ਸ਼ੱਕ ਹੈ ਕਿ ਮੇਰੇ ਲੜਕੇ ਸਾਹਿਲਪ੍ਰੀਤ ਨੂੰ ਉਸ ਦੇ ਦੋਸਤ ਨੇ ਕੋਈ ਜ਼ਹਿਰੀਲੀ ਦਵਾਈ ਦੇ ਦਿੱਤੀ ਹੈ, ਜਿਸ ਨਾਲ ਲੜਕੇ ਦੀ ਮੌਤ ਹੋ ਗਈ ਹੈ। ਚੌਂਕੀ ਇੰਚਾਰਜ ਨੇ ਦੱਸਿਆ ਕਿ ਮ੍ਰਿਤਕ ਦੀ ਮਾਤਾ ਦੇ ਬਿਆਨ 'ਤੇ ਜਸਵਿੰਦਰ ਸਿੰਘ ਵਿਰੁੱਧ ਧਾਰਾ 105 ਬੀ. ਐੱਨ. ਐੱਸ. ਤਹਿਤ ਕਾਰਵਾਈ ਕਰਦਿਆਂ ਥਾਣਾ ਸਿਵਲ ਲਾਈਨ ਵਿਖੇ ਕੇਸ ਦਰਜ ਕਰ ਦਿੱਤਾ ਹੈ ਅਤੇ ਲਾਸ਼ ਨੂੰ ਕਬਜ਼ੇ ਵਿਚ ਲੈਣ ਉਪਰੰਤ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਟਾਲਾ ਵਿਖੇ ਭੇਜ ਦਿੱਤਾ ਗਿਆ ਹੈ।

## ਭਾਜਪਾ ਦੀ ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ ਪੰਜਗਰਾਈਂ ਦਾ ਦਿਹਾਂਤ

ਜੈਤੋ 5 ਅਪ੍ਰੈਲ। ਪੰਜਾਬ ਤੋਂ ਭਾਜਪਾ ਦੀ ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ ਪੰਜਗਰਾਈਂ ਦਾ ਅੱਜ ਉਨ੍ਹਾਂ ਦੇ ਪਿੰਡ ਪੰਜਗਰਾਈਂ ਵਿਖੇ ਦੇਹਾਂਤ ਹੋ ਗਿਆ। ਇਹ ਜਾਣਕਾਰੀ ਭਾਰਤੀ ਜਨਤਾ ਪਾਰਟੀ ਫਰੀਦਕੋਟ ਦੇ ਉਪ ਪ੍ਰਧਾਨ ਅਤੇ ਮਾਰਕੀਟ ਕਮੇਟੀ ਜੈਤੋ ਦੇ ਸਾਬਕਾ ਚੇਅਰਮੈਨ ਸਾਮ ਲਾਲ ਗੋਇਲ ਨੇ ਦਿੱਤੀ । ਉਨ੍ਹਾਂ ਦੀ ਉਮਰ ਲਗਭਗ 88 ਸਾਲ ਸੀ। ਗੁਰਚਰਨ ਕੌਰ ਪੰਜਗਰਾਈਂ ਜੂਨ 2001 ਤੋਂ ਜੁਲਾਈ 2004 ਤੱਕ ਭਾਜਪਾ ਵੱਲੋਂ ਰਾਜ ਸਭਾ ਮੈਂਬਰ ਰਹੇ। ਉਹ ਕੁਝ ਮਹੀਨਿਆਂ ਤੋਂ ਬੀਮਾਰ ਸੀ। ਉਨ੍ਹਾਂ ਨੇ ਅੱਜ ਦੁਪਹਿਰ ਆਪਣੇ ਘਰ ਪੰਜਗਰਾਈਂ ਵਿਖੇ ਆਖਰੀ ਸਾਹ ਲਿਆ। ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ ਪੰਜਗਰਾਈਂ ਭਾਰਤੀ ਜਨਤਾ ਪਾਰਟੀ ਦੀ ਕੌਮੀ ਕਾਰਜਕਾਰਨੀ ਮੈਂਬਰ, ਪੰਜਾਬ ਭਾਜਪਾ ਦੇ ਜਨਰਲ ਸਕੱਤਰ ਅਤੇ ਹਿਮਾਚਲ ਪ੍ਰਦੇਸ ਭਾਜਪਾ ਦੇ ਇੰਚਾਰਜ ਸਮੇਤ ਪਾਰਟੀ ਵਿਚ ਕਈ ਉੱਚ ਅਹੁਦਿਆਂ 'ਤੇ ਰਹੇ। ਉਹ ਆਪਣੇ ਪਿੱਛੇ ਪਤੀ ਅਤੇ ਇਕ ਪੁੱਤਰ ਛੱਡ ਗਏ ਹਨ। ਬੀਬੀ ਗੁਰਚਰਨ ਕੌਰ ਪੰਜਗਰਾਈਂ ਦਾ ਅੰਤਿਮ ਸੰਸਕਾਰ 6 ਜੁਲਾਈ ਨੂੰ ਸਵੇਰੇ 11 ਵਜੇ ਪਿੰਡ ਪੰਜਗਰਾਈਂ ਵਿਖੇ ਕੀਤਾ ਜਾਵੇਗਾ।

## ਸਾਂਝੀ ਮੋਟਰ ਤੋਂ ਖੇਤ ਨੂੰ ਪਾਣੀ ਲਾਉਣ ਨੂੰ ਲੈ ਕੇ ਹੋਇਆ ਝਗੜਾ, 1 ਵਿਅਕਤੀ ਦਾ ਕਰ'ਤਾ ਕਤਲ

ਮਾਨਸਾ 5 ਅਪ੍ਰੈਲ। ਜ਼ਿਲ੍ਹੇ ਦੇ ਪਿੰਡ ਮਲਕੋ ਦੇ ਇਕ ਖੇਤ ਵਿਚ ਲੱਗੀ ਸਾਂਝੀ ਮੋਟਰ ਉਸ ਸਮੇਂ ਇਕ ਵਿਅਕਤੀ ਦੀ ਮੌਤ ਦਾ ਕਾਰਨ ਬਣ ਗਈ, ਜਦੋਂ ਉਹ ਵਿਅਕਤੀ ਆਪਣੇ ਖੇਤ ਨੂੰ ਪਾਣੀ ਲਗਾਉਣ ਲਈ ਗਿਆ। ਮ੍ਰਿਤਕ ਦੀ ਪਤਨੀ ਦੀ ਸ਼ਿਕਾਇਤ 'ਤੇ ਥਾਣਾ ਬੋਹਾ ਦੀ ਪੁਲਸ ਨੇ ਇਕ ਹੀ ਪਰਿਵਾਰ ਦੇ ਤਿੰਨ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰਕੇ ਇਕ ਵਿਅਕਤੀ ਨੂੰ ਸਾਲ ਸੀ। ਗੁਰਚਰਨ ਕੌਰ ਪੰਜਗਰਾਈਂ ਜੂਨ 2001 ਤੋਂ ਜੁਲਾਈ 2004 ਤੱਕ ਭਾਜਪਾ ਵੱਲੋਂ ਰਾਜ ਸਭਾ ਮੈਂਬਰ ਰਹੇ। ਉਹ ਕੁਝ ਮਹੀਨਿਆਂ ਤੋਂ ਬੀਮਾਰ ਸੀ। ਉਨ੍ਹਾਂ ਨੇ ਅੱਜ ਦੁਪਹਿਰ ਆਪਣੇ ਘਰ ਪੰਜਗਰਾਈਂ ਵਿਖੇ ਆਖਰੀ ਸਾਹ ਲਿਆ। ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ ਪੰਜਗਰਾਈਂ ਭਾਰਤੀ ਜਨਤਾ ਗ੍ਰਿਫਤਾਰ ਕਰਨ ਉਪਰੰਤ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਸਵਿੰਦਰ ਕੌਰ ਵਾਸੀ ਮਲਕੋ ਨੇ ਦੱਸਿਆ ਕਿ ਪਿੰਡ ਸਥਿਤ ਉਨ੍ਹਾਂ ਦੇ ਖੇਤ ਵਿਚ ਸਾਂਝੀ ਮੋਟਰ ਲੱਗੀ ਹੋਈ ਹੈ, ਉਸ ਦਾ



ਪਤੀ ਬਲਰਾਜ ਸਿੰਘ ਜਦੋਂ ਪਾਣੀ ਲਾਉਣ ਗਿਆ ਤਾਂ ਲਾਈਟ ਚਲੀ ਗਈ ਅਤੇ ਜਦੋਂ ਲਾਈਟ ਆਈ ਤਾਂ ਉਸ ਦਾ ਪਤੀ ਮੁੜ ਖੇਤ ਪਹੁੰਚਿਆ। ਉੱਥੇ ਮੌਜੂਦ ਕੁੱਝ ਲੋਕਾਂ ਨੇ ਪਾਣੀ ਲਗਾਉਣ ਲਈ ਉਸ ਨਾਲ ਹੱਥੋਪਾਈ ਕਰਦੇ ਉਸ 'ਤੇ ਕੱਸੀ ਨਾਲ ਹਮਲਾ ਕਰ ਦਿੱਤਾ ਅਤੇ ਇਲਾਜ ਦੌਰਾਨ ਉਸ ਦੇ ਪਤੀ ਦੀ ਮੌਤ ਹੋ ਗਈ। ਇਸ ਸ਼ਿਕਾਇਤ ਦੇ ਅਧਾਰ 'ਤੇ ਸਹਾਇਕ ਥਾਣੇਦਾਰ ਤਰਸੇਮ ਸਿੰਘ ਨੇ ਧਰਮ ਸਿੰਘ, ਪੁੱਤਰ ਰਛਪਾਲ ਸਿੰਘ ਅਤੇ ਨੂੰਹ ਕਰਮਜੀਤ ਕੌਰ ਵਾਸੀ ਮਲਕੋ ਖਿਲਾਫ਼ ਮਾਮਲਾ ਦਰਜ ਕਰ ਕੇ ਧਰਮ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਅਤੇ ਬਾਕੀਆਂ ਦੀ ਗ੍ਰਿਫਤਾਰੀ ਲਈ ਯਤਨ ਸ਼ੁਰੂ ਕਰ ਦਿੱਤੇ ਹਨ।

## ਬਿਆਸ ਤੋਂ ਪਰਤ ਰਹੇ ਪਰਿਵਾਰ ਨਾਲ ਵਾਪਰੀ ਅਣਹੋਣੀ, ਦੋ ਕਾਰਾਂ ਦੀ ਟੱਕਰ 'ਚ ਉੱਡੇ ਪਰਖੱਚੇ, ਇਕ ਦੀ ਦਰਦਨਾਕ ਮੌਤ

ਕਾਠਗੜ੍ਹ 5 ਅਪ੍ਰੈਲ। ਨਵਾਂਸਹਿਰ-ਰੋਪੜ ਮੁੱਖ ਮਾਰਗ 'ਤੇ ਸਥਿਤ ਘਈ ਪੈਟਰੋਲ ਪੰਪ ਨੇੜੇ ਇਕ ਸਵਿੱਫਟ ਕਾਰ ਅਤੇ ਆਲਟੋ ਕਾਰ ਵਿਚ ਭਿਆਨਕ ਟੱਕਰ ਹੋਣ ਕਾਰਨ ਸੜਕ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿਚ ਅਲਟੋ ਕਾਰ ਵਿਚ ਸਵਾਰ ਦੋ ਵਿਅਕਤੀ ਅਤੇ ਦੋ ਮਹਿਲਾਵਾਂ ਗੰਭੀਰ ਜਖਮੀ ਹੋ ਗਈਆਂ ਹਨ ਜਦੋਂਕਿ ਇਕ ਕੁੜੀ ਦੀ ਮੌਤ ਹੋ ਗਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਆਲਟੋ ਕਾਰ ਨੰਬਰ ਐੱਚ. ਪੀ. 12 ਈ 2568 ਜੋਕਿ ਬਿਆਸ ਤੋਂ ਨਾਲਾਗੜ੍ਹ ਹਿਮਾਚਲ ਪ੍ਰਦੇਸ ਜਾ ਰਹੀ ਸੀ। ਜਦੋਂ ਇਹ ਕਾਰ ਘਈ ਪੈਟਰੋਲ ਪੰਪ ਦੇ ਸਾਹਮਣੇ ਪੁੱਜੀ ਤਾਂ ਅੱਗੇ ਇਕ ਸਵਿੱਫਟ ਕਾਰ ਨੰਬਰ ਪੀ. ਬੀ. 20 ਡੀ 5630 ਜੋਕਿ ਸਬਜੀ ਲੈ ਕੇ ਅਚਾਨਕ ਸੜਕ 'ਤੇ ਚੜ੍ਹੀ ਤਾਂ ਪਿੱਛੋਂ ਆ ਰਹੀ ਆਲਟੋ ਕਾਰ ਦੀ ਇਸ ਨਾਲ ਟੱਕਰ ਹੋ ਗਈ। ਇਹ ਟੱਕਰ ਇੰਨੀ ਭਿਆਨਕ ਸੀ ਕਿ ਕਾਰਾਂ ਦੇ ਪਰਖੱਚੇ ਉੱਡ ਗਏ ਅਤੇ ਆਲਟੋ ਕਾਰ ਪਲਟੀਆਂ ਖਾਂਦੀ ਹੋਈ ਕਾਫੀ ਦੂਰ ਜਾ ਡਿੱਗੀ। ਜਿਸ ਵਿਚ ਇਕੋ ਪਰਿਵਾਰ ਦੇ ਪੰਜ ਲੋਕ ਸਵਾਰ ਸਨ, ਜੋਕਿ ਬਿਆਸ ਤੋਂ ਆਪਣੇ ਘਰ ਨਾਲਾਗੜ੍ਹ ਜਾ ਰਹੇ ਸੀ। ਇਸ ਮੌਕੇ ਸੜਕ ਸੁਰੱਖਿਆ ਫੋਰਸ ਮੌਕੇ 'ਤੇ ਪਹੁੰਚ ਗਈ ਅਤੇ ਬੜੀ ਮੁਸਕਿਲ ਨਾਲ ਰਾਹਗੀਰਾਂ ਦੀ ਮਦਦ ਨਾਲ ਆਲਟੋ ਕਾਰ ਸਵਾਰਾਂ ਨੂੰ ਬਾਹਰ ਕੱਢਿਆ ਅਤੇ ਐਂਬੂਲੈਂਸ ਰਾਹੀਂ ਬਲਾਚੌਰ ਦੇ ਸਰਕਾਰੀ ਹਸਪਤਾਲ ਭੇਜ ਦਿੱਤਾ। ਜਿੱਥੇ ਰਣਜੀਤ ਕੁਮਾਰ ਪੁੱਤਰ ਪ੍ਰੇਮ ਕੁਮਾਰ (50), ਸੌਰਵ ਪੁੱਤਰ ਰਣਜੀਤ ਕੁਮਾਰ (19), ਸੁਮਨ ਪਤਨੀ ਰਣਜੀਤ ਕੁਮਾਰ (45), ਬੰਦਨਾ ਪੁੱਤਰੀ ਰਣਜੀਤ ਕੁਮਾਰ (20), ਦਿਵਿਆ ਪੁੱਤਰੀ ਸੁਰਜੀਤ ਕੁਮਾਰ (17) ਗੰਭੀਰ ਰੂਪ ਵਿਚ ਜਖਮੀ ਹੋ ਗਏ। ਇਲਾਜ ਦੌਰਾਨ ਦਿਵਿਆ ਪੁੱਤਰੀ ਸੁਰਜੀਤ ਕੁਮਾਰ (17) ਸਾਲ ਦੀ ਮੌਤ ਹੋ ਗਈ ਹੈ ਜਿਸ ਦੀ ਲਾਸ ਨੂੰ ਬਲਾਚੌਰ ਦੇ ਸਰਕਾਰੀ ਹਸਪਤਾਲ ਦੀ ਮੋਰਚਰੀ ਵਿਚ ਰੱਖਵਾ ਦਿੱਤਾ ਗਿਆ ਹੈ ਅਤੇ ਰਣਜੀਤ ਕੁਮਾਰ, ਸੁਮਨ, ਬੰਧਨਾ ਅਤੇ ਸੌਰਵ ਨੂੰ ਚੰਡੀਗੜ੍ਹ 32 ਸੈਕਟਰ ਹਸਪਤਾਲ ਭੇਜ ਦਿੱਤਾ ਹੈ। ਸਵਿੱਫਟ ਕਾਰ ਵਿਚ ਸਵਾਰਾਂ ਦੇ ਮਾਮੂਲੀ ਸੱਟਾਂ ਲੱਗੀਆਂ ਸੀ ਜੋ ਕਿ ਹਸਪਤਾਲ ਤੋਂ ਮੁੱਢਲੀ ਸਹਾਇਤਾ ਲੈ ਕੇ ਚਲੇ ਗਏ ਹਨ।

## ਲੋਹੀਆਂ ਥਾਣੇ ਤੋਂ ਕੁਝ ਹੀ ਦੂਰੀ 'ਤੇ 7 ਦੁਕਾਨਾਂ ਦੇ ਸਟਰ ਤੋੜ ਕੇ ਚੋਰਾਂ ਨੇ ਹੱਥ ਕੀਤੇ ਸਾਫ

ਲੋਹੀਆਂ 5 ਅਪ੍ਰੈਲ। ਚੋਰਾਂ ਨੇ ਬੀਤੀ ਰਾਤ ਥਾਣਾ ਲੋਹੀਆਂ ਦੇ ਨੇੜਲੀਆਂ 7 ਦੁਕਾਨਾਂ ਨੂੰ ਨਿਸਾਨਾ ਬਣਾਉਂਦੇ ਹੋਏ ਜ਼?ਦਰਿਆਂ ਸਮੇਤ ਸਟਰ ਤੋੜ ਕੇ ਸਰੇਆਮ ਚੋਰੀਆਂ ਕੀਤੀਆਂ ਅਤੇ ਪੁਲਸ ਪ੍ਰਸਾਸਨ ਨੂੰ ਚੈਲੰਜ ਕਰਦੇ ਹੋਏ ਲੱਖਾਂ ਰੁਪਏ ਦੀ ਨਕਦੀ ਚੋਰੀ ਕਰਕੇ ਲੈ ਗਏ, ਜਦਕਿ ਚੋਰਾਂ ਵੱਲੋਂ ਦੁਕਾਨਾਂ 'ਚ ਪਏ ਸਾਮਾਨ ਨੂੰ ਹੱਥ ਤੱਕ ਨਹੀਂ ਲਾਇਆ ਗਿਆ। ਸੀ. ਸੀ. ਟੀ. ਵੀ. ਕੈਮਰਿਆਂ ਨੂੰ ਵੇਖ ਕੇ ਇਸ ਤਰ੍ਹਾਂ ਲੱਗ ਰਿਹਾ ਸੀ ਕਿ 22-24 ਵਰ੍ਹਿਆਂ ਦੇ ਨੌਜਵਾਨਾਂ ਦਾ ਇਹ ਕਾਰਾ ਹੈ ਅਤੇ ਉਕਤ ਚੋਰਾਂ ਨੇ ਮੂੰਹ ਲਪੇਟੇ ਹੋਏ ਸਨ। ਲੋਹੀਆਂ ਸਹਿਰ 'ਚ ਪੁਲਸ ਮੁਲਾਜਮਾਂ ਦੀ ਬਹੁਤ ਹੀ ਘੱਟ ਨਫਰੀ ਕਾਰਨ ਇਥੇ ਚੋਰੀਆਂ ਹੋਣੀਆਂ ਆਮ ਜਿਹੀ ਗੱਲ ਹੋ ਗਈ ਹੈ। ਇਹ ਚੋਰੀਆਂ ਤੜਕੇ 3 ਵਜੇ ਦੇ ਆਸ-ਪਾਸ ਹੋਈਆਂ ਜਾਪ ਰਹੀਆਂ ਹਨ, ਜਦਕਿ ਥਾਣਾ ਲੋਹੀਆਂ ਦੇ ਮੁਖੀ ਦਾ ਕਹਿਣਾ ਹੈ ਕਿ ਉਹ ਰਾਤ 1 ਵਜੇ ਘਰਾਂ ਨੂੰ ਨਾਕਾ ਖਤਮ ਕਰ ਕੇ ਗਏ ਸਨ। ਚੋਰੀਆਂ ਹੋਣ ਦੀ ਉਸ ਸਮੇਂ ਪਤਾ ਲਗਾ ਜਦੋਂ ਕੁਝ ਲੋਕ ਧਾਰਮਿਕ ਸਥਾਨਾਂ ਨੂੰ ਜਾ ਰਹੇ ਸਨ ਤੇ ਉਨ੍ਹਾਂ ਨੇ ਪਹਿਰੇਦਾਰ ਨੂੰ ਇਸ ਬਾਬਤ ਜਾਣਕਾਰੀ ਦਿੱਤੀ। ਜਾਣਕਾਰੀ ਅਨੁਸਾਰ ਚੋਰਾਂ ਨੇ ਪੁਲਸ ਮੁਲਾਜਮ ਅਵਤਾਰ ਸਿੰਘ ਹ ਚੋਰੀਆਂ ਤੜਕੇ 3 ਵਜੇ ਦੇ ਆਸ-ਪਾਸ ਹੋਈਆਂ ਜਾਪ ਰਹੀਆਂ ਹਨ, ਜਦਕਿ ਥਾਣਾ ਲੋਹੀਆਂ ਦੇ ਮੁਖੀ ਦਾ ਕਹਿਣਾ ਹੈ ਕਿ ਉਹ ਰਾਤ 1 ਵਜੇ ਘਰਾਂ ਨੂੰ ਨਾਕਾ ਖਤਮ ਕਰ ਕੇ ਗਏ ਸਨ। ਚੋਰੀਆਂ ਹੋਣ ਦੀ ਉਸ ਸਮੇਂ



ਪਤਾ ਲਗਾ ਜਦੋਂ ਦੇ ਘਰ ਦੇ ਅਗਲੇ ਹਿੱਸੇ 'ਚ ਕਿਰਾਏ 'ਤੇ ਦਿੱਤੀ ਦੁਕਾਨ ਗ੍ਰਾਮ ਸੁਵਿਧਾ ਡਿਜੀਟਲ ਸੈਂਟਰ ਦਾ ਸਟਰ ਤੋੜ ਦਿੱਤੇ ਅਤੇ ਉਥੋਂ 40 ਹਜਾਰ ਰੁਪਏ ਚੋਰੀ ਕੀਤੇ, ਜਦਕਿ ਉਸ ਦੇ ਨਾਲ ਹੀ ਏਕਮ ਫੂਡ ਤੋਂ 4 ਹਜਾਰ ਰੁਪਏ ਦੀ ਚੋਰੀ ਕੀਤੀ, ਜਿਸ ਤੋਂ ਬਾਅਦ ਇਹ ਚੋਰ ਜਿਨ੍ਹਾਂ ਦੀ ਗਿਣਤੀ 3-4 ਦੱਸੀ ਜਾ ਰਹੀ ਹੈ, ਨੇ ਥਾਣੇ ਤੋਂ ਭਗਤ ਸਿੰਘ ਚੌਕ ਨੂੰ ਜਾਂਦੇ ਹੋਏ ਮੁੱਖ ਸੜਕ 'ਤੇ ਹੀ ਧਾਲੀਵਾਲ ਮੈਡੀਕਲ ਸਟੋਰ, ਰਾਜਵੀਰ ਰੈਡੀਮੇਡ ਸਟੋਰ, ਬਰਜਿੰਦਰ ਰੈਡੀਮੇਡ ਸਟੋਰ, ਸੁਰਿੰਦਰਾ ਇਲੈਕਟ੍ਰੀਕਲਜ ਦੀਆਂ ਦੁਕਾਨਾਂ ਦੇ ਸਟਰ ਕਿਸੇ ਮਸੀਨ ਨਾਲ ਤੋੜ ਕੇ ਕ੍ਰਮਵਾਰ 33 ਹਜਾਰ, 22 ਹਜਾਰ, 3 ਹਜਾਰ ਤੇ 33 ਹਜਾਰ ਰੁਪਏ ਦੀ ਨਕਦੀ ਚੋਰੀ ਕੀਤੀ। ਉਪਰੰਤ ਇਹ ਚੋਰ ਇੰਦਰਾ ਦਾਣਾ ਮੰਡੀ ਦੇ ਨਜਦੀਕ ਦਿੱਲੀ ਪੈਸਟੀਸਾਈਡ ਨੂੰ ਨਿਸਾਨਾ ਬਣਾਉਂਦੇ ਹੋਏ ਇਕ ਐੱਲ. ਸੀ. ਡੀ. ਅਤੇ 5 ਹਜਾਰ ਰੁਪਏ ਲੈ ਕੇ ਫਰਾਰ ਹੋ ਗਏ। ਬਾਅਦ 'ਚ ਰੋਹ 'ਚ ਆਏ ਹੋਏ ਵਪਾਰੀਆਂ ਨੇ ਵਪਾਰ ਮੰਡਲ ਲੋਹੀਆਂ ਦੇ ਪ੍ਰਧਾਨ ਅਵਤਾਰ ਸਿੰਘ ਚੰਦੀ, ਜਗਜੀਤ ਸਿੰਘ ਨੋਨੀ ਪ੍ਰਧਾਨ ਨਗਰ ਪੰਚਾਇਤ ਲੋਹੀਆਂ, ਮਨਿਆਰੀ ਯੂਨੀਅਨ, ਸਰਾਫਾ ਯੂਨੀਅਨ ਅਤੇ ਕਰਿਆਨਾ ਯੂਨੀਅਨ ਦੇ ਵਪਾਰੀਆਂ ਨੇ ਐੱਸ. ਐੱਚ. ਓ. ਲੋਹੀਆਂ ਬਖਸੀਸ ਸਿੰਘ ਤੋਂ ਮੰਗ ਕੀਤੀ ਕਿ ਇਨ੍ਹਾਂ ਚੋਰਾਂ ਨੂੰ ਫੜਿਆ ਜਾਵੇ ਤੇ ਸਹਿਰ 'ਚ ਲਾਅ ਐਂਡ ਆਰਡਰ ਦੀ ਸਥਿਤੀ ਨੂੰ ਕੰਟਰੋਲ 'ਚ ਕੀਤਾ ਜਾਵੇ। ਸਹਿਰ 'ਚ ਦੁਬਾਰਾ ਤੋਂ ਪੀ. ਸੀ. ਆਰ. ਦੀ ਟੀਮ ਦੀ ਨਿਯੁਕਤੀ ਕਰਨ ਦੀ ਵੀ ਮੰਗ ਕੀਤੀ ਗਈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਕੁਲੈਕਟਰ ਦੇ ਦਫ਼ਤਰ ਨੂੰ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ, ਪੁਲਸ ਨੂੰ ਪੈ ਗਈਆਂ ਭਾਜੜਾਂ

ਨੈਸ਼ਨਲ ਡੈਸਕ 5 ਅਪ੍ਰੈਲ। ਵੀਰਵਾਰ ਨੂੰ ਇਕ ਈ-ਮੇਲ ਰਾਹੀਂ ਜੈਪੁਰ ਦੇ ਜ਼ਿਲ੍ਹਾ ਕੁਲੈਕਟਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ, ਜਿਸ ਮਗਰੋਂ ਦਫ਼ਤਰ ਦੇ ਅਧਿਕਾਰੀਆਂ ਤੇ ਪੁਲਸ ਨੂੰ ਭਾਜੜਾਂ ਪੈ ਗਈਆਂ। ਹਾਲਾਂਕਿ ਜਾਂਚ ਤੋਂ ਬਾਅਦ ਜੈਪੁਰ ਦੇ ਜ਼ਿਲ੍ਹਾ ਕੁਲੈਕਟਰ ਦਫ਼ਤਰ (ਕਲੈਕਟੋਰੇਟ) ਵਿਖੇ ਬੰਬ ਦੀ ਧਮਕੀ 'ਨਕਲੀ' ਪਾਈ ਗਈ। ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਈਮੇਲ ਰਾਹੀਂ ਇਸ ਸਬੰਧ ਵਿੱਚ ਧਮਕੀ ਮਿਲਣ ਤੋਂ ਬਾਅਦ, ਸੁਰੱਖਿਆ ਏਜੰਸੀਆਂ ਨੇ ਇਮਾਰਤ ਦੀ ਪੂਰੀ ਤਲਾਸ਼ੀ ਲਈ। ਉਨ੍ਹਾਂ ਕਿਹਾ ਕਿ ਬੰਬ ਨਿਰੋਧਕ ਦਸਤੇ, ਕੁੱਤਿਆਂ ਦੇ ਦਸਤੇ ਅਤੇ ਹੋਰ ਮਾਹਿਰਾਂ ਦੀ ਟੀਮ ਨੇ ਲਗਭਗ ਦੋ ਘੰਟੇ ਪੂਰੀ ਇਮਾਰਤ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ, ਪਰ ਕੁਝ ਵੀ ਸ਼ੱਕੀ ਨਹੀਂ ਮਿਲਿਆ। ਡਿਪਟੀ ਕਮਿਸ਼ਨਰ ਆਫ਼ ਪੁਲਸ (ਡੀ.ਸੀ.ਪੀ.) ਅਮਿਤ ਬੁਡਾਨੀਆ ਨੇ ਕਿਹਾ ਕਿ ਅੱਜ ਜੈਪੁਰ ਜ਼ਿਲ੍ਹਾ ਮੈਜਿਸਟ੍ਰੇਟ ਦਫ਼ਤਰ ਨੂੰ ਇੱਕ ਈਮੇਲ ਮਿਲਿਆ ਜਿਸ ਵਿੱਚ ਕਲੈਕਟਰੇਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਸੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਅਤੇ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਕੁਲੈਕਟਰ ਦਫ਼ਤਰ ਨੂੰ ਖਾਲੀ ਕਰਵਾ ਲਿਆ ਅਤੇ ਲੋਕਾਂ ਦੇ ਦਾਖਲੇ ਨੂੰ ਰੋਕ ਦਿੱਤਾ। ਬੁਡਾਨੀਆ ਨੇ ਕਿਹਾ ਕਿ ਜਾਂਚ ਟੀਮਾਂ ਨੂੰ ਬੁਲਾਇਆ ਗਿਆ ਅਤੇ ਇਮਾਰਤ ਦੇ ਹਰ ਕਮਰੇ ਅਤੇ ਹਿੱਸੇ ਦਾ ਮੁਆਇਨਾ ਕੀਤਾ ਗਿਆ ਅਤੇ ਚਾਰ ਟੀਮਾਂ ਨੇ ਪੂਰੀ ਤਰ੍ਹਾਂ ਤਲਾਸ਼ੀ ਲਈ ਅਤੇ ਲਗਭਗ ਦੋ ਘੰਟਿਆਂ ਬਾਅਦ ਕਰਮਚਾਰੀ ਅਤੇ ਲੋਕ ਅੰਦਰ ਦਾਖਲ ਹੋਣੇ ਸ਼ੁਰੂ ਹੋ ਗਏ। ਕੁਲੈਕਟਰ ਦਫ਼ਤਰ ਕੰਪਲੈਕਸ ਦੇ ਨੇੜੇ ਇੱਕ ਜ਼ਿਲ੍ਹਾ ਅਦਾਲਤ ਅਤੇ ਮਿਨੀ ਸਕੱਤਰੇਤ ਹੈ। ਈਮੇਲ ਮਿਲਣ 'ਤੇ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਸ ਹਰਕਤ ਵਿੱਚ ਆ ਗਈ ਅਤੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ-ਨਾਲ ਹੋਰ ਲੋਕਾਂ ਨੂੰ ਇਮਾਰਤ ਛੱਡਣ ਲਈ ਕਿਹਾ ਗਿਆ। ਇਮਾਰਤ ਖਾਲੀ ਕਰਵਾਉਣ ਤੋਂ ਬਾਅਦ, ਪੂਰੀ ਜਾਂਚ ਕੀਤੀ ਗਈ। ਇੱਕ ਹੋਰ ਅਧਿਕਾਰੀ ਨੇ ਕਿਹਾ ਕਿ ਮਾਹਿਰਾਂ ਦੀ ਇੱਕ ਟੀਮ ਈਮੇਲ ਭੇਜਣ ਵਾਲੇ ਦੀ ਪਛਾਣ ਕਰਨ ਅਤੇ ਉਸਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ।

# ਕਾਸੋ ਆਪ੍ਰੇਸ਼ਨ ਤਹਿਤ ਪੁਲਸ ਵੱਲੋਂ ਸ੍ਰੀ ਕੀਰਤਪੁਰ ਸਾਹਿਬ ਝੁੱਗੀਆਂ 'ਚ ਕੀਤੀ ਛਾਪੇਮਾਰੀ

ਸ੍ਰੀ ਕੀਰਤਪੁਰ ਸਾਹਿਬ 5 ਅਪ੍ਰੈਲ। ਡੀ. ਜੀ. ਪੀ. ਪੰਜਾਬ ਅਤੇ ਜ਼ਿਲ੍ਹਾ ਪੁਲਸ ਮੁਖੀ ਰੂਪਨਗਰ ਗੁਲਨੀਤ ਸਿੰਘ ਖੁਰਾਣਾ ਦੀਆਂ ਹਦਾਇਤਾਂ ਅਨੁਸਾਰ ਅੱਜ ਡੀ. ਐੱਸ. ਪੀ. ਅਜੇ ਸਿੰਘ ਸ੍ਰੀ ਅਨੰਦਪੁਰ ਸਾਹਿਬ , ਡੀ. ਐੱਸ. ਪੀ. ਗੁਰਮੀਤ ਸਿੰਘ ਔਰ. ਡੀ. ਪੀ. ਐੱਸ. ਵੱਲੋਂ ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ, ਪੁਲਸ ਥਾਣਾ ਸ੍ਰੀ ਅਨੰਦਪੁਰ ਸਾਹਿਬ ਦੇ ਥਾਣਾ ਮੁਖੀਆਂ ਸਮੇਤ ਸ੍ਰੀ ਕੀਰਤਪੁਰ ਸਾਹਿਬ ਰੇਲਵੇ ਸਟੇਸ਼ਨ ਨੇੜੇ ਰਾਜਸਥਾਨੀਆਂ ਦੀਆਂ ਝੁੱਗੀਆਂ ਵਿਚ ਕਾਸੋ ਆਪ੍ਰੇਸ਼ਨ ਤਹਿਤ ਛਾਪੇਮਾਰੀ ਕੀਤੀ ਗਈ। ਜਾਣਕਾਰੀ ਦਿੰਦੇ ਡੀ. ਐੱਸ. ਪੀ. ਅਜੇ ਸਿੰਘ ਨੇ ਦੱਸਿਆ ਕਿ ਜਿਹੜੀਆਂ ਥਾਵਾਂ 'ਤੇ ਪਹਿਲਾਂ ਨਸ਼ਾ ਵਿਕਦਾ ਸੀ, ਉਨ੍ਹਾਂ ਥਾਵਾਂ 'ਤੇ ਜਾ ਕੇ ਚੈਕਿੰਗ ਕੀਤੀ ਜਾ ਰਹੀ ਹੈ ਕਿ ਕਿਤੇ ਹੁਣ ਦੋਬਾਰਾ ਉਨ੍ਹਾਂ ਥਾਵਾਂ 'ਤੇ ਨਸ਼ੇ ਦੀ ਵਿਕਰੀ ਤਾਂ ਨਹੀਂ ਹੋ ਰਹੀ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਜੋ ਵੀ ਕੋਈ ਨਸ਼ਾ ਵੇਚਦਾ ਹੈ ,ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾ ਰਹੀ ਹੈ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ ਦੀਆਂ ਰਾਜਸਥਾਨੀ ਦੀਆਂ ਝੁੱਗੀਆਂ 'ਚੋਂ ਜ਼ਿਆਦਾਤਰ ਲੋਕ ਆਪਣੀਆਂ ਝੁੱਗੀਆਂ ਤੋੜ ਕੇ ਇਥੋਂ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਲੋਕ ਆਪਣੀ ਮਰਜ਼ੀ ਨਾਲ ਇਥੋਂ ਉੱਠ ਕੇ ਗਏ ਹਨ, ਸਾਨੂੰ ਇਨ੍ਹਾਂ ਨੂੰ ਉਠਾਉਣ ਦੀ ਨੌਬਤ ਨਹੀਂ ਆਈ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਨੂੰ ਵੀ ਪੁਲਿਸ ਦਾ ਸਹਿਯੋਗ ਕਰਨਾ ਚਾਹੀਦਾ ਹੈ, ਤਾਂ ਜੋ ਨਸ਼ੇ ਨੂੰ ਪੂਰੀ ਤਰ੍ਹਾਂ ਨਾਲ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੇ ਤੁਹਾਡੇ ਗਲੀ ਮੁਹੱਲੇ ਵਿਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਹੈ ਜਾਂ ਕਰਦਾ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਕੱਲ੍ਹ ਵੀ ਉਨ੍ਹਾਂ ਦੀ ਪੁਲਸ ਪਾਰਟੀ ਵੱਲੋਂ ਪੁਲਸ ਚੌਕੀ ਭਰਤਗੜ੍ਹ ਦੇ ਖੇਤਰ 'ਚੋਂ ਇਕ ਪਿੰਡ ਦੇ ਨੌਜਵਾਨ ਜੋਕਿ ਨਸ਼ੇ ਦਾ ਆਦੀ ਸੀ, ਉਸ ਨੂੰ ਨਸ਼ਾ ਛੁਡਾਣ ਲਈ ਸਿਵਲ ਹਸਪਤਾਲ ਰੂਪਨਗਰ ਵਿਖੇ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਜੇ ਤੁਹਾਡੇ ਗਲੀ ਮੁਹੱਲੇ ਵਿਚ ਕੋਈ ਨੌਜਵਾਨ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਪੁਲਸ ਉਸ ਦਾ ਪੂਰਨ ਤੌਰ 'ਤੇ ਸਹਿਯੋਗ ਕਰੇਗੀ, ਜੋ ਕੋਈ ਨਸ਼ਾ ਵੇਚਦਾ ਹੈ ਉਸ ਨੂੰ ਸਖ਼ਤੀ ਨਾਲ ਤਾੜਨਾ ਹੈ ਕਿ ਪੁਲਸ ਉਨ੍ਹਾਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕਰਕੇ ਉਨ੍ਹਾਂ ਨੂੰ ਜੇਲ੍ਹਾਂ ਵਿਚ ਡੱਕੇਗੀ। ਇਸ ਮੌਕੇ ਉਨ੍ਹਾਂ ਨਾਲ ਪੁਲਸ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐੱਸ. ਐੱਚ. ਓ. ਇੰਸਪੈਕਟਰ ਜਤਿਨ ਕਪੂਰ ਅਤੇ ਪੁਲਸ ਥਾਣਾ ਸ੍ਰੀ ਅਨੰਦਪੁਰ ਸਾਹਿਬ ਦੇ ਐੱਸ. ਐੱਚ. ਓ. ਦਾਨਿਸ਼ਵੀਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਪੁਲਸ ਮੁਲਾਜ਼ਮ ਹਾਜ਼ਰ ਸਨ।



## ਮਾਂ ਨਾਲ ਨਾਨਕੇ ਪਿੰਡ ਆਇਆ ਸੀ ਮੁੰਡਾ, ਖੇਡਦੇ-ਖੇਡਦੇ ਅਚਾਨਕ ਹੋ ਗਿਆ ਗ਼ਾਇਬ

ਨੈਸ਼ਨਲ ਡੈਸਕ 5 ਅਪ੍ਰੈਲ। ਬਿਹਾਰ ਦੇ ਸਿਵਾਨ ਜ਼ਿਲ੍ਹੇ ਤੋਂ ਇਕ ਬੇਹੱਦ ਦੁਖਦਾਈ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੇ ਆਪਣੇ ਨਾਨਕੇ ਆਏ ਇਕ 14 ਸਾਲਾ ਮੁੰਡੇ ਦੀ ਤਲਾਬ 'ਚ ਡੁੱਬਣ ਕਾਰਨ ਦਰਦਨਾਕ ਮੌਤ ਹੋ ਗਈ ਹੈ। ਇਸ ਘਟਨਾ ਮਗਰੋਂ ਇਲਾਕੇ 'ਚ ਸਨਸਨੀ ਫੈਲ ਗਈ ਹੈ ਤੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦਾ ਰੋ-ਰੋ ਬੁਰਾ ਹਾਲ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਸਿਵਾਨ ਜ਼ਿਲ੍ਹੇ ਦੇ ਲੱਕੜੀ ਨਵੀਗੰਜ ਥਾਣਾ ਇਲਾਕੇ 'ਚ ਪੈਂਦੇ ਪੜੌਲੀ ਸਾਹ ਟੋਲਾ ਪਿੰਡ ਦੀ ਹੈ। ਮ੍ਰਿਤਕ ਦੀ ਪਛਾਣ ਗੋਪਾਲਗੰਜ ਜ਼ਿਲ੍ਹੇ ਦੇ ਬੈਕੁੰਠਪੁਰ ਥਾਣਾ ਇਲਾਕੇ 'ਚ ਪੈਂਦੇ ਬਾਮ ਪਿੰਡ ਦੇ ਰਹਿਣ ਵਾਲੇ ਅੰਕੁਸ਼ ਕੁਮਾਰ (14) ਪੁੱਤਰ ਸਤੇਂਦਰ ਰਾਮ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਅੰਕੁਸ਼ ਆਪਣੀ ਮਾਂ ਨਾਲ ਆਪਣੇ ਨਾਨਕੇ ਪਿੰਡ ਚੈਤੀ ਛੱਠ ਮਨਾਉਣ ਲਈ ਆਇਆ ਸੀ। ਬੁੱਧਵਾਰ ਨੂੰ ਅੰਕੁਸ਼ ਬੱਚਿਆਂ ਦੇ ਨਾਲ ਤਲਾਬ ਕੰਢੇ ਖੇਡ ਰਿਹਾ ਸੀ ਕਿ ਅਚਾਨਕ ਉਹ ਗ਼ਾਇਬ ਹੋ ਗਿਆ। ਪਰਿਵਾਰਕ ਮੈਂਬਰਾਂ ਨੇ ਉਸ ਦੀ ਕਾਫ਼ੀ ਖੋਜ ਕੀਤੀ, ਪਰ ਉਹ ਕਿਤੇ ਨਹੀਂ ਦਿਖਿਆ। ਫ਼ਿਰ ਕੁਝ ਦੇਰ ਬਾਅਦ ਉਸ ਦੀ ਲਾਸ਼ ਤਲਾਬ 'ਚੋਂ ਬਰਾਮਦ ਹੋ ਗਈ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਪੁਲਸ ਟੀਮ ਮੌਕੇ 'ਤੇ ਪਹੁੰਚ ਗਈ ਤੇ ਉਨ੍ਹਾਂ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ। ਫਿਲਹਾਲ ਇਹ ਹਾਦਸਾ ਕਿਸ ਤਰ੍ਹਾਂ ਵਾਪਰਿਆ, ਪੁਲਸ ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ।

# ਜਿੰਮ ਟਿਰੇਨਰ ਕਤਲ ਮਾਮਲਾ : ਵਾਰਦਾਤ ਚ ਸ਼ਾਮਲ 4 ਸ਼ੱਕੀ ਗ੍ਰਿਫ਼ਤਾਰ

ਖਰੜ 5 ਅਪ੍ਰੈਲ। ਅੱਜ ਤੋਂ ਕਰੀਬ 2 ਮਹੀਨੇ ਪਹਿਲਾਂ ਖਰੜ ਦੀ ਸ਼ਿਵਜੋਤ ਇਨਕਲੇਵ ਮਾਰਕਿਟ ਦੇ ਅੰਦਰ ਜਿੰਮ ਟ?ਰੇਨਰ ਇਕ ਨੌਜਵਾਨ ਦੇ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਉਣ ਦਾ ਪੁਲਸ ਨੇ ਦਾਅਵਾ ਕੀਤਾ ਹੈ। ਪੰਜਾਬ ਪੁਲਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਹਿਮਾਚਲ ਪੁਲਸ ਦੀ ਮਦਦ ਨਾਲ 4 ਸ਼ੱਕੀ ਨੌਜਵਾਨਾਂ ਜਿਨ੍ਹਾਂ ਦੀ ਪਛਾਣ ਪ੍ਰਿੰਸ, ਓਂਕਾਰ, ਅਮ੍ਰਿਤ,ਕਾਲੂ ਵਜੋਂ ਹੋਈ ਹੈ। ਪੁਲਸ ਨੇ ਇਨ੍ਹਾਂ ਕੋਲੋਂ 2 ਪਿਸਤੌਲ 0.32 ਬੋਰ, 10 ਕਾਰਤੂਸਾਂ ਸਮੇਤ ਅਤੇ ਇੱਕ ਕਾਰ ਬਰਾਮਦ ਕੀਤੀ ਹੈ। ਉਕਤ ਦੋਸ਼ੀ ਕਥਿਤ ਤੌਰ 'ਤੇ ਹਰਪ੍ਰੀਤ ਹੈਪੀ ਗੈਂਗ ਨਾਲ ਸਬੰਧਿਤ ਦੱਸੇ ਜਾ ਰਹੇ ਹਨ। ਦੋਸ਼ੀਆਂ ਨੂੰ ਕਾਬੂ ਕੀਤੇ ਜਾਣ ਮਗਰੋਂ ਆਰੰਭੀ ਗਈ ਤਫਤੀਸ਼ ਦੌਰਾਨ ਇਹ ਸਾਹਮਣੇ ਆਇਆ ਕਿ ਮੁਲਜ਼ਮ ਵਿਦੇਸ਼ 'ਚ ਬੈਠੇ ਗੈਂਗਸਟਰਾਂ ਦੇ ਇਸ਼ਾਰੇ 'ਤੇ ਕੰਮ ਕਰਦੇ ਸਨ। ਉਨ੍ਹਾਂ ਨੂੰ ਪੰਜਾਬ 'ਚ ਨਿਸ਼ਾਨਾ ਬਣਾਉਣ ਵਾਲੀਆਂ ਹੱਤਿਆਵਾਂ ਦੀ ਜ਼ਿੰਮੇਵਾਰੀ ਦਿੱਤੀ ਜਾਂਦੀ ਸੀ। ਇਨ੍ਹਾਂ 'ਤੇ ਪਹਿਲਾਂ ਵੀ ਕਤਲ, ਕਤਲ ਦੀ ਕੋਸ਼ਿਸ਼ ਅਤੇ ਆਰਮਜ਼ ਐਕਟ ਦੇ ਕਈ ਕੇਸ ਦਰਜ ਹਨ। ਪੁਲਸ ਹੁਣ ਇਹ ਪਤਾ ਲਗਾ ਰਹੀ ਹੈ ਕਿ ਇਹ ਗੈਂਗ ਹੋਰ ਕਿਹੜੀਆਂ ਵਾਰਦਾਤਾਂ ਵਿੱਚ ਸ਼ਾਮਲ ਸੀ। ਜ਼ਿਕਰਯੋਗ ਹੈ ਬੀਤੀ 31 ਜਨਵਰੀ ਦੀ ਰਾਤ, ਜਦੋਂ ਗੁਰਪ੍ਰੀਤ ਆਪਣੇ ਦੋਸਤ ਦੇ ਨਾਲ ਖਰੜ ਦੇ ਸ਼ਿਵਜੋਤ ਐਨਕਲੇਵ ਮਾਰਕੀਟ 'ਚ ਪੁੱਜਾ ਸੀ ਤਾਂ ਉੱਥੇ ਹੀ ਕੁੱਝ ਹੋਰ ਨੌਜਵਾਨਾਂ ਨਾਲ ਉਸ ਦੀ ਛੋੜੀ ਬਹੁਤ ਕਹਾ ਸੁਣੀ ਹੋ ਗਈ ਸੀ। ਇਹ ਬਹਿਸ ਝਗੜੇ ਵਿੱਚ ਬਦਲ ਗਈ ਅਤੇ ਉਕਤ ਨੌਜਵਾਨਾਂ ਨੇ ਗੁਰਪ੍ਰੀਤ ਨੂੰ ਮੌਤ ਦੇ ਘਾਟ ਉਤਾਰ ਮੌਕੇ ਤੋਂ ਫ਼ਰਾਰ ਹੋ ਗਏ ਸਨ। ਮ੍ਰਿਤਕ ਗੁਰਪ੍ਰੀਤ ਪਹਿਲਾਂ ਕਬੱਡੀ ਖਿਡਾਰੀ ਵੀ ਰਿਹਾ ਸੀ, ਜਿਸ ਕਰਕੇ ਉਸਦੀ ਕੁਝ ਗਰੁੱਪਾਂ ਨਾਲ ਪੁਰਾਣੀ ਰੰਜ਼ਿਸ਼ ਹੋਣ ਦੀ ਵੀ ਸੰਭਾਵਨਾ ਹੈ। ਪੁਲਸ ਵਲੋਂ ਇਸ ਸਬੰਧ 'ਚ ਮੁਕੱਦਮਾ ਦਰਜ ਕਰ ਵਾਰਦਾਤ ਵਾਲੀ ਥਾਂ ਦੇ ਨੇੜੇ ਸੀ. ਸੀ. ਟੀ. ਵੀ. ਫੁਟੇਜ, ਫੋਨ ਕਾਲ ਡਾਟਾ, ਅਤੇ ਹੋਰ ਤਕਨੀਕੀ ਸਬੂਤ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਕੀਤੀ ਤਾਂ ਇਸ ਵਾਰਦਾਤ ਨਾਲ ਜੁੜੇ ਸਾਰੇ ਤਾਰ ਅੱਗੇ ਤੋਂ ਅੱਗੇ ਜੁੜਦੇ ਗਏ, ਜਿਸ ਦੇ ਚੱਲਦਿਆਂ ਪੁਲਸ ਵਲੋਂ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ। ਜਿਨ੍ਹਾਂ ਨੂੰ ਕਾਬੂ ਕਰ ਖਰੜ ਅਦਾਲਤ ਦੇ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਦਾ ਚਾਰ ਦਿਨ ਦਾ ਪੁਲਸ ਰਿਮਾਂਡ ਹਾਸਲ ਕਰ ਪੁਲਸ ਵੱਲੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।



## ਪੰਜਾਬ 'ਚ ਪਾਠੀ ਸਿੰਘਾਂ ਤੇ ਪੁਜਾਰੀਆਂ ਨੂੰ ਮਿਲੇਗੀ ਸਨਮਾਨ ਰਾਸ਼ੀ?

ਚੰਡੀਗੜ੍ਹ/ਜਲੰਧਰ 5 ਅਪ੍ਰੈਲ। ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੇ ਅਖ਼ੀਰਲੇ ਦਿਨ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਨੇ ਸਰਕਾਰ ਨੂੰ ਪੰਜਾਬ ਵਿਚ ਪੁਜਾਰੀਆਂ ਅਤੇ ਪਾਠੀ ਸਿੰਘਾਂ ਦੇ ਲਈ ਸਨਮਾਨ ਰਾਸ਼ੀ ਦੀ ਮੰਗ ਕੀਤੀ। ਉਨ੍ਹਾਂ ਦਿੱਲੀ ਦੀਆਂ ਚੋਣਾਂ ਵੇਲੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਕੀਤੇ ਗਏ ਐਲਾਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਫ਼ੈਸਲਾ ਪੰਜਾਬ ਵਿਚ ਲਾਗੂ ਲਾਗੂ ਕੀਤਾ ਜਾਵੇ। ਵਿਧਾਨ ਸਭਾ ਵਿਚ ਬੋਲਦਿਆਂ ਜਲੰਧਰ ਕੇਂਦਰੀ ਤੋਂ 'ਆਪ' ਦੇ ਵਿਧਾਇਕ ਰਮਨ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਵਿਚ ਸਿੱਖਿਆ, ਸਿਹਤ ਤੇ ਹੋਰ ਵਧੀਆ-ਵਧੀਆ ਨੀਤੀਆਂ ਲੈ ਕੇ ਆਈ ਹੈ ਤੇ ਬਹੁਤ ਚੰਗੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਿੱਲੀ ਵਿਚ ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਜਦੋਂ ਉਨ੍ਹਾਂ ਦੀ ਸਰਕਾਰ ਆਵੇਗੀ ਤਾਂ ਪੁਜਾਰੀਆਂ ਅਤੇ ਪਾਠੀ ਸਿੰਘਾਂ ਨੂੰ ਸਨਮਾਨ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿਚ ਵੀ ਪੁਜਾਰੀਆਂ ਅਤੇ ਪਾਠੀ ਸਿੰਘਾਂ ਨੂੰ ਸਨਮਾਨ ਰਾਸ਼ੀ ਦਿੱਤੀ ਜਾਵੇ। ਰਮਨ ਅਰੋੜਾ ਨੇ ਕਿਹਾ ਕਿ ਇਹ ਚੀਜ਼ਾਂ ਧਰਮ ਅਤੇ ਸੰਸਕ੍ਰਿਤੀ ਨਾਲ ਜੁੜੀਆਂ ਹੋਈਆਂ ਹਨ।

# ਆਂਧਰਾ ਪ੍ਰਦੇਸ਼ ਦੇ ਘਰ 'ਚੋਂ ਮ੍ਰਿਤਕ ਮਿਲੇ ਕਾਰੋਬਾਰੀ ਤੇ ਉਸ ਦੇ ਪਰਿਵਾਰ ਦੇ ਤਿੰਨ ਮੈਂਬਰ

ਮਦਾਕਾਸੀਰਾ 5 ਅਪ੍ਰੈਲ। ਆਂਧਰਾ ਪ੍ਰਦੇਸ਼ ਦੇ ਸ਼੍ਰੀ ਸੱਤਿਆ ਸਾਈਂ ਜ਼ਿਲ੍ਹੇ ਵਿੱਚ ਐਤਵਾਰ ਨੂੰ ਇੱਕ ਕਾਰੋਬਾਰੀ ਅਤੇ ਉਸਦੇ ਪਰਿਵਾਰ ਦੇ ਤਿੰਨ ਮੈਂਬਰ ਆਪਣੇ ਘਰ ਵਿੱਚ ਮ੍ਰਿਤਕ ਪਾਏ ਗਏ। ਇੱਕ ਪੁਲਸ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਕਿਹਾ ਕਿ ਪੁਲਸ ਨੂੰ ਸ਼ੱਕ ਹੈ ਕਿ ਇਨ੍ਹਾਂ ਲੋਕਾਂ ਨੇ ਵਿੱਤੀ ਮੁਸ਼ਕਲਾਂ ਅਤੇ ਅੰਦਰੂਨੀ ਪਰਿਵਾਰਕ ਸਮੱਸਿਆਵਾਂ ਕਾਰਨ ਸਮੂਹਿਕ ਖ਼ੁਦਕੁਸ਼ੀ ਕੀਤੀ ਹੈ। ਅਧਿਕਾਰੀ ਦੇ ਅਨੁਸਾਰ, ਮ੍ਰਿਤਕਾਂ ਦੀ ਪਛਾਣ ਕ੍ਰਿਸ਼ਨਾ ਚਾਰੀ, ਉਨ੍ਹਾਂ ਦੀ ਪਤਨੀ ਸਰਲਾ ਅਤੇ ਜੋੜੇ ਦੇ ਦੋ ਪੁੱਤਰਾਂ ਵਜੋਂ ਹੋਈ ਹੈ। ਚਾਰੀ ਮਦਾਕਾਸੀਰਾ ਦੇ ਗਾਂਧੀ ਬਾਜ਼ਾਰ ਇਲਾਕੇ ਵਿੱਚ ਸੋਨੇ ਦੇ ਗਹਿਣਿਆਂ ਦੀ ਦੁਕਾਨ ਦਾ ਮਾਲਕ ਹੈ। ਅਧਿਕਾਰੀ ਨੇ ਪੀਟੀਆਈ ਨੂੰ ਦੱਸਿਆ, ÷ਪਰਿਵਾਰ ਨੇ ਸਾਈਨਾਈਡ ਦਾ ਸੇਵਨ ਕੀਤਾ, ਜੋ ਉਨ੍ਹਾਂ ਨੂੰ ਸੋਨੇ ਦੇ ਗਹਿਣਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਹੋਣ ਕਰ ਕੇ ਉਪਲਬਧ ਸੀ।÷ ਅਧਿਕਾਰੀ ਦੇ ਅਨੁਸਾਰ, ਚਾਰੀ ਤਿੰਨ ਭੈਣ-ਭਰਾਵਾਂ ਵਿੱਚੋਂ ਸਭ ਤੋਂ ਵੱਡਾ ਸੀ ਅਤੇ ਬਹੁਤ ਜ਼ਿਆਦਾ ਕਰਜ਼ੇ ਵਿੱਚ ਡੁੱਬਿਆ ਹੋਇਆ ਸੀ। ਉਨ੍ਹਾਂ ਨੇ ਕਿਹਾ ਕਿ ਉਹ ਆਪਣੇ ਭੈਣ-ਭਰਾਵਾਂ ਦੀ ਸਫਲਤਾ ਤੋਂ ਈਰਖਾ ਕਰਦਾ ਸੀ। ਅਧਿਕਾਰੀ ਦੇ ਅਨੁਸਾਰ, ਚਾਰੀ ਦੇ ਪਿਤਾ ਨੇ ਘਰ ਵਿੱਚ ਚਾਰ ਲਾਸ਼ਾਂ ਦੇਖ ਕੇ ਪੁਲਸ ਨੂੰ ਸੂਚਿਤ ਕੀਤਾ। ਉਸਨੇ ਕਿਹਾ ਕਿ ਪੁਲਸ ਨੂੰ ਘਰ ਦੀ ਤਲਾਸ਼ੀ ਦੌਰਾਨ ਇੱਕ ਖਾਲੀ ਸਾਈਨਾਈਡ ਬੋਤਲ ਮਿਲੀ, ਜਿਸ ਤੋਂ ਪਤਾ ਚੱਲਦਾ ਹੈ ਕਿ ਉਸਦੀ ਮੌਤ ਸਾਈਨਾਈਡ ਦੇ ਸੇਵਨ ਨਾਲ ਹੋਈ ਹੈ। ਅਧਿਕਾਰੀ ਦੇ ਅਨੁਸਾਰ, ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਚਾਰੀ ਦੇ ਟੁੱਟੇ ਹੋਏ ਮੋਬਾਈਲ ਫੋਨ ਦੀ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀ ਨੇ ਕਿਹਾ ਕਿ ਇਹ ਪਤਾ ਲਗਾਉਣ ਲਈ ਵਿਸਥਾਰਤ ਜਾਂਚ ਕੀਤੀ ਜਾ ਰਹੀ ਹੈ ਕਿ ਕੀ ਪਰਿਵਾਰ ਨੇ ਵਿੱਤੀ ਸੰਕਟ ਕਾਰਨ ਖ਼ੁਦਕੁਸ਼ੀ ਕੀਤੀ ਹੈ ਜਾਂ ਉਨ੍ਹਾਂ ਦੀ ਮੌਤ ਪਿੱਛੇ ਕੋਈ ਹੋਰ ਕਾਰਨ ਹੈ।



## ਭਾਰੀ ਮਾਤਰਾ 'ਚ ਨਾਜਾਇਜ਼ ਸ਼ਰਾਬ ਸਣੇ ਇਕ ਔਰਤ ਗ੍ਰਿਫ਼ਤਾਰ

ਦੀਨਾਨਗਰ 5 ਅਪ੍ਰੈਲ। ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਅੰਦਰ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਮੁਹਿੰਮ ਤਹਿਤ ਐੱਸ. ਐੱਸ. ਪੀ. ਗੁਰਦਾਸਪੁਰ ਅਦਿੱਤਿਆ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਜ ਸਰਹੱਦੀ ਖੇਤਰ ਅੰਦਰ ਪੁਲਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ, ਜਦੋਂ ਇੱਕ ਗੁਪਤ ਸੂਚਨਾ ਦੇ ਆਧਾਰ 'ਤੇ ਇੱਕ ਔਰਤ ਕੋਲੋਂ 499 ਦੇ ਕਰੀਬ ਨਾਜਾਇਜ਼ ਸ਼ਰਾਬ ਦੀਆਂ ਬੋਤਲਾਂ ਬਰਾਮਦ ਕਰਨ 'ਚ ਕਾਮਯਾਬੀ ਹਾਸਲ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਅਤੇ ਜਾਂਚ ਅਧਿਕਾਰੀ ਸਲਵਿੰਦਰ ਸਿੰਘ ਨੇ ਦੱਸਿਆ ਕਿ ਇਲਾਕੇ ਅੰਦਰ ਪੁਲਸ ਪਾਰਟੀ ਸਮੇਤ ਗਸ਼ਤ ਕੀਤੀ ਜਾ ਰਹੀ ਸੀ। ਜਦ ਕਿਸੇ ਖ਼ਾਸ



ਮੁਖਬਰ ਨੇ ਸੂਚਨਾ ਦਿੱਤੀ ਕਿ ਸਰਹੱਦੀ ਖੇਤਰ ਦੇ ਪਿੰਡ ਇਸਲਾਮਪੁਰ ਵਿਖੇ ਇੱਕ ਔਰਤ ਨਾਜਾਇਜ਼ ਸ਼ਰਾਬ ਵੇਚਣ ਦਾ ਧੰਦਾ ਕਰਦੀ ਹੈ। ਜਦ ਪੁਲਸ ਪਾਰਟੀ ਨਾਲ ਉਸ ਦੇ ਘਰ ਰੇਡ ਕੀਤੀ ਗਈ ਤਾਂ ਘਰ ਦੇ ਬਾਹਰਵਾਰ ਬਣੇ ਬਰਾਂਡੇ ਦੀ ਤਲਾਸ਼ੀ ਕੀਤੀ ਗਈ ਤਾਂ ਉਸ ਵਿੱਚੋਂ ਵੱਖ-ਵੱਖ ਕੈਨਾਂ ਵਿੱਚ ਰੱਖੀ ਨਾਜਾਇਜ਼ ਸ਼ਰਾਬ ਦੀਆਂ ਕਰੀਬ 499 ਬੋਤਲਾਂ ਬਰਾਮਦ ਹੋਈਆਂ ਪੁਲਸ ਵੱਲੋਂ ਮੌਕੇ 'ਤੇ ਹੀ ਔਰਤ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਲਸ ਦੇ ਮੁਤਾਬਕ ਔਰਤ ਦੀ ਪਛਾਣ ਸੁਨੀਤਾ ਪਤਨੀ ਰੌਸ਼ਨ ਲਾਲ ਵਾਸੀ ਇਸਲਾਮਪੁਰ ਵਜੋਂ ਦੱਸੀ ਗਈ ਹੈ। ਪੁਲਸ ਨੇ ਥਾਣਾ ਦੌਰਾਗਲਾ ਵਿਖੇ ਇਸ ਔਰਤ ਖ਼?ਲਾਫ਼ ਵੱਖ-ਵੱਖ ਧਾਰਵਾ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।


# ਮੋਹਾਲੀ 'ਚ ਵਧੀਆ ਚੋਰੀਆਂ ਦੀਆਂ ਵਾਰਦਾਤਾਂ, 3 ਕਾਰਾਂ ਸਣੇ ਬੁਲਟ ਮੋਟਰਸਾਈਕਲ ਚੋਰੀ

ਮੋਹਾਲੀ 5 ਅਪ੍ਰੈਲ। ਮੋਹਾਲੀ ਸ਼ਹਿਰ ਦੇ ਅੰਦਰ ਵਾਹਨ ਚੋਰੀ ਦੀਆਂ ਵਾਪਰੀਆਂ ਵੱਖ-2 ਘਟਨਾਵਾਂ ਦੇ ਅੰਦਰ ਤਿੰਨ ਕਾਰਾਂ ਤੋਂ ਇਲਾਵਾ ਇੱਕ ਬੁਲਟ ਮੋਟਰਸਾਈਕਲ ਸਮੇਤ ਕੁੱਲ 4 ਵਾਹਨ ਚੋਰੀ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਇਸ ਦੀ ਇਤਲਾਹ ਸਬੰਧਿਤ ਥਾਣਿਆਂ ਦੀ ਪੁਲਸ ਨੂੰ ਦਿੱਤੇ ਜਾਣ 'ਤੇ ਪੁਲਸ ਵਲੋਂ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕਰ ਲੋੜੀਂਦੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਪਹਿਲੀ ਘਟਨਾ 'ਚ ਮਨਜਿੰਦਰ ਸਿੰਘ ਵਾਸੀ ਪਿੰਡ ਅਤਾਲਾ, ਜ਼ਿਲ੍ਹਾ ਪਟਿਆਲਾ ਮੁਤਾਬਕ ਉਹ ਟ?ਰਾਈਸਿਟੀ ਦੇ ਅੰਦਰ ਕਾਰ ਕਿਰਾਏ 'ਤੇ ਲੈ ਇਸ ਨੂੰ ਚਲਾਉਣ ਦਾ ਕੰਮ ਕਰਦਾ ਹੈ। ਪਿਛਲੇ ਕੁੱਝ ਦਿਨਾਂ ਤੋਂ ਉਸ ਨੇ ਆਪਣੇ ਹੀ ਪਿੰਡ ਦੇ ਜਾਣਕਾਰ ਦੀ ਸਵਿੱਫਟ ਡਿਜ਼ਾਇਰ ਕਾਰ ਆਪਣੀ ਘਰੇਲੂ ਵਰਤੋਂ ਲਈ ਲੈ ਰੱਖੀ ਸੀ। ਇਸੇ ਦੌਰਾਨ ਉਸਨੇ ਕਾਰ ਨੂੰ ਸੋਹਾਣਾ ਵਿਖੇ ਸਥਿਤ ਪੀ. ਜੀ. ਦੇ ਬਾਹਰ ਖੜ੍ਹੀ ਕੀਤਾ ਸੀ ਪਰ ਜਦੋਂ ਅਗਲੇ ਦਿਨ ਦੇਖਿਆ ਤਾਂ ਕਾਰ ਆਪਣੀ ਜਗ?ਹਾ ਤੋਂ ਗਾਇਬ ਸੀ। ਕਾਰ ਦੀ ਉਸਨੇ ਕਾਫੀ ਭਾਲ ਕੀਤੀ ਪਰ ਉਸਦਾ ਕਿਧਰੇ ਕੁਝ ਪਤਾ ਨਹੀਂ ਲੱਗਾ। ਇਸੇ ਤਰ੍ਹਾਂ ਦੀ ਦੂਸਰੀ ਘਟਨਾ ਸਬੰਧੀ ਚੰਡੀਗੜ੍ਹ ਦੇ ਰਹਿਣ ਵਾਲੇ ਸੰਜੇ ਕੁਮਾਰ ਮੁੰਜਾਲ ਨੇ ਦੱਸਿਆ ਕਿ ਉਸਦੇ ਕੋਲ ਵੈਗਨਾਰ ਕਾਰ ਹੈ, ਜਿਸ ਨੂੰ ਬੀਤੇ ਦਿਨੀ ਉਸਨੇ ਆਪਣੇ ਦੋਸਤ ਦੇ ਘਰ ਖੜ੍ਹਾ ਕੀਤਾ ਸੀ ਪਰ ਕੁੱਝ ਅਣਪਛਾਤੇ ਵਿਅਕਤੀ ਉਸਨੂੰ ਚੋਰੀ ਕਰ ਲੈ ਗਏ। ਜਿਸ ਦੀ ਕਾਫੀ ਤਲਾਸ਼ ਦੇ ਬਾਵਜੂਦ ਕਿਧਰੋਂ ਕੋਈ ਸੁਰਾਗ ਹੱਥ ਨਹੀਂ ਲੱਗਾ। ਅਜਿਹੀ ਹੀ ਤੀਜੀ ਘਟਨਾ ਫੇਜ਼-7 ਥਾਣਾ ਮਟੌਰ ਨੇੜੇ ਉਸ ਵੇਲੇ ਵਾਪਰੀ, ਜਦੋਂ ਹਰਮਿੰਦਰ ਸਿੰਘ ਨਾਂ ਦੇ ਵਿਅਕਤੀ ਦੀ ਕਾਰ ਨੂੰ ਅਣਜਾਣ ਵਿਅਕਤੀ ਚੋਰੀ ਕਰ ਲੈ ਗਏ। ਚੌਥੀ ਘਟਨਾ ਤਹਿਤ ਗੁਰਦੁਆਰਾ ਸਾਹਿਬ ਪਿੰਡ ਮਟੌਰ ਨੇੜੇ ਪੀ. ਜੀ. 'ਚ ਰਹਿ ਰਹੇ ਕੰਵਰਜੋਤ ਨੇ ਆਪਣੇ ਕੰਮ ਤੋਂ ਵਾਪਸ ਆ ਕੇ ਬੁਲਟ ਮੋਟਰਸਾਈਕਲ ਹਮੇਸ਼ਾ ਵਾਂਗ ਬਾਹਰ ਖੜ੍ਹਾ ਕੀਤਾ ਸੀ, ਜੋ ਉਸ ਨੂੰ ਗਾਇਬ ਮਿਲਿਆ। ਉਸਨੂੰ ਵੀ ਕੋਈ ਅਣਪਛਾਤਾ ਵਿਅਕਤੀ ਚੋਰੀ ਕਰ ਲੈ ਜਾ ਚੁੱਕਾ ਸੀ। ਉਪਰੋਕਤ ਚੋਰੀ ਦੀਆਂ ਸ਼ਿਕਾਇਤਾਂ ਮਿਲਣ ਮਗਰੋਂ ਥਾਣਾ ਮਟੌਰ ਅਤੇ ਸੋਹਾਣਾ ਪੁਲਸ ਨੇ ਅਣਪਛਾਤੇ ਵਿਅਕਤੀਆਂ ਖ਼?ਲਾਫ਼ ਕੇਸ ਦਰਜ ਕਰ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ




## ਅਮਰੀਕਾ ਭੇਜਣ ਦੇ ਨਾਂ 'ਤੇ ਕੀਤੀ 43 ਲੱਖ ਤੋਂ ਵਧੇਰੇ ਦੀ ਠੱਗੀ

ਦਸੂਹਾ 5 ਅਪ੍ਰੈਲ। ਅਮਰੀਕਾ ਭੇਜਣ ਦੇ ਨਾਂ 'ਤੇ 43 ਲੱਖ 55 ਹਜ਼ਾਰ ਰੁਪਏ ਦੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਦਸੂਹਾ ਦੇ ਪਿੰਡ ਮੋਰੀਆਂ ਦੇ ਵਸਨੀਕ ਸੁਰਜੀਤ ਸਿੰਘ ਦੇ ਪੁੱਤਰ ਸੁੱਚਾ ਸਿੰਘ ਨੇ ਐੱਸ. ਐੱਸ. ਪੀ. ਹੁਸਿਆਰਪੁਰ ਨੂੰ ਲਿਖਤੀ ਸ਼ਿਕਾਇਤ ਕੀਤੀ ਸੀ ਕਿ ਦੋ ਟ?ਰੈਵਲ ਏਜੰਟਾਂ, ਦਵਿੰਦਰ ਸਿੰਘ, ਪੁੱਤਰ ਮਲਕੀਤ ਸਿੰਘ ਅਤੇ ਉਸ ਦੀ




ਪਤਨੀ ਰਮਨ ਕੌਰ, ਨੇ ਉਸ ਦੇ ਪੁੱਤਰ ਨੂੰ ਅਮਰੀਕਾ ਭੇਜਣ ਦੇ ਨਾਮ 'ਤੇ ਉਸ ਨਾਲ ਧੋਖਾ ਕੀਤਾ ਅਤੇ ਉਸ ਤੋਂ 43 ਲੱਖ 55 ਹਜ਼ਾਰ ਰੁਪਏ ਠੱਗੇ ਅਤੇ ਨਾ ਤਾਂ ਉਨ੍ਹਾਂ ਨੇ ਉਸ ਦੇ ਪੁੱਤਰ ਨੂੰ ਅਮਰੀਕਾ ਭੇਜਿਆ ਅਤੇ ਨਾ ਹੀ ਪੈਸੇ ਵਾਪਸ ਕੀਤੇ, ਸਗੋਂ ਉਸ ਨੂੰ ਧਮਕੀਆਂ ਦੇਣ ਲੱਗ ਪਏ। ਇਸ ਸਬੰਧੀ ਦਸੂਹਾ ਥਾਣਾ ਮੁਖੀ ਹਰਪ੍ਰੇਮ ਸਿੰਘ ਅਤੇ ਐੱਸ. ਆਈ. ਸਰਬਜੀਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਐੱਸ. ਐੱਸ. ਪੀ. ਹੁਸਿਆਰਪੁਰ ਨੇ ਡੀ. ਐੱਸ. ਪੀ. ਦਸੂਹਾ ਵੱਲੋਂ ਜਾਂਚ ਤੋਂ ਬਾਅਦ, ਦੋਵਾਂ ਟ?ਰੈਵਲ ਏਜੰਟਾਂ ਵਿਰੁੱਧ ਦਸੂਹਾ ਥਾਣੇ ਵਿੱਚ ਕੇਸ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਵੀ ਕੀਤੀ ਜਾ ਰਹੀ ਹੈ।

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POON-AM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAG-WAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUD-DHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHAR-GAON, TEH-SANGAMNER, DISTT-AHMADNAGAR, MAHA-RASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.


**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DAT-TATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DIS-OBEDIENT. ANYBODY DEALING WITH THEM SHALL BEAR AT THEIR OWN COST, RISK & CON-SEQUENCES
**PINKI LAMBA MANN**
ADVOCATE
OFF. A-205A, NORTH
EX.MALL, SECTOR-9,
ROHINI, NEW DELHI

# ਵਕ.ਫ ਸੋਧ ਬਿੱਲ ਨੂੰ ਸੁਪਰੀਮ ਕੋਰਟ ਵਿਚ ਜਲਦੀ ਚੁਣੌਤੀ ਦੇਵਾਂਗੇ: ਕਾਂਗਰਸ

**ਨਵੀਂ ਦਿੱਲੀ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਨੇ ਅੱਜ ਕਿਹਾ ਕਿ ਉਹ ਵਕਫ਼ ਸੋਧ ਬਿੱਲ 2025 ਨੂੰ ਜਲਦੀ ਸੁਪਰੀਮ ਕੋਰਟ ਵਿਚ ਚੁਣੌਤੀ ਦੇਵੇਗੀ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਸੋਸ਼ਲ ਮੀਡੀਆ ਮੰਚ ਐਕਸ ’ਤੇ ਇਕ ਪੋਸਟ ਵਿਚ ਪਾਰਟੀ ਵੱਲੋਂ ਪਹਿਲੇ ਵੀ ਕਈ ਵਿਵਾਦਿਤ ਮੁੱਦਿਆਂ ਨੂੰ ਕੋਰਟ ਵਿਚ ਚੁਣੌਤੀ ਦੇਣ ਦੀ ਗੱਲ ਚੇਤੇ ਕਰਵਾਈ ਤੇ ਕਿਹਾ ਕਿ ਉਹ ਸਾਰੇ ਮਾਮਲੇ ਵੀ ਸੁਪਰੀਮ ਕੋਰਟ ਵਿਚ ਵਿਚਾਰਧੀਨ ਹਨ।



ਉਨ੍ਹਾਂ ਲਿਖਿਆ, “ਇੰਡੀਅਨ ਨੈਸ਼ਨਲ ਕਾਂਗਰਸ (9©3) ਵੱਲੋਂ ਨਾਗਰਿਕਤਾ ਸੋਧ ਐਕਟ (311), 2019 ਨੂੰ ਸੁਪਰੀਮ ਕੋਰਟ ਵਿਚ ਚੁਣੌਤੀ ਦਿੱਤੀ ਗਈ ਹੈ ਤੇ ਇਹ ਮਾਮਲਾ ਸੁਣਵਾਈ ਅਧੀਨ ਹੈ। ਸੂਚਨਾ ਦਾ ਅਧਿਕਾਰ ਐਕਟ 2005 ਵਿਚ ਕੀਤੇ ਗਏ 2019 ਦੀਆਂ ਸੋਧਾਂ ਨੂੰ ਵੀ ਕਾਂਗਰਸ ਨੇ ਕੋਰਟ ਵਿਚ ਚੁਣੌਤੀ ਦਿੱਤੀ ਹੈ। ਇਸੇ ਤਰ੍ਹਾਂ 2024 ਵਿਚ ਚੋਣ ਨੇਮਾਂ ਵਿਚ ਕੀਤੀਆਂ ਗਈਆਂ ਸੋਧਾਂ ਦੀ ਵੈਧਤਾ ਨੂੰ ਲੈ ਕੇ ਵੀ 9©3 ਸੁਪਰੀਮ ਕੋਰਟ ਵਿਚ ਕੇਸ ਲੜ ਰਹੀ ਹੈ।”

ਉਨ੍ਹਾਂ ਲਿਖਿਆ, “1991 ਦੇ ਪੂਜਾ ਅਸਥਾਨ ਐਕਟ ਦੇ ਅਸਲ ਆਸੇ ਨੂੰ ਕਾਇਮ ਰੱਖਣ ਲਈ ਕਾਂਗਰਸ ਨੇ ਸੁਪਰੀਮ ਕੋਰਟ ਦਾ ਦਰ ਖੜਕਾਇਆ ਹੈ। ਹੁਣ ਬਹੁਤ ਜਲਦੀ ਪਾਰਟੀ ਵਕਫ਼ ਸੋਧ ਬਿੱਲ 2025 ਦੀ ਸੰਵਿਧਾਨਕ ਵੈਧਤਾ ਨੂੰ ਸੁਪਰੀਮ ਕੋਰਟ ਵਿਚ ਚੁਣੌਤੀ ਦੇਣ ਜਾ ਰਹੀ ਹੈ।”

ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਨਿਆਂਪਾਲਿਕਾ ਵਿਚ ਪੂਰਾ ਵਿਸ਼ਵਾਸ ਹੈ ਤੇ ਪਾਰਟੀ ਸੰਵਿਧਾਨ ਵਿਚ ਦਰਜ ਸਿਧਾਂਤਾਂ, ਵਿਵਸਥਾਵਾਂ ਤੇ ਰਵਾਇਤਾਂ ਉੱਤੇ ਨਰਿੰਦਰ ਮੋਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਹਮਲਿਆਂ ਦਾ ਡਟ ਕੇ ਵਿਰੋਧ ਕਰਦੀ ਰਹੇਗੀ।

# ਮੋਗਾ ਸੈਕਸ ਸਕੈਂਡਲ: ਦੋਸ਼ੀਆਂ ਨੂੰ ਹੁਣ ਸੋਮਵਾਰ ਨੂੰ ਸੁਣਾਈ ਜਾਵੇਗੀ ਸਜ਼ਾ

**ਮੁਹਾਲੀ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਹਾਲੀ ਦੀ ਵਿਸ਼ੇਸ਼ ਸੀਬੀਆਈ ਅਦਾਲਤ ਵੱਲੋਂ ਬਹੁਚਰਚਿਤ ਮੋਗਾ ਸੈਕਸ ਸਕੈਂਡਲ ਮਾਮਲੇ ਵਿੱਚ ਮੋਗਾ ਦੇ ਤਤਕਾਲੀ ਐੱਸਐੱਸਪੀ ਦਵਿੰਦਰ ਸਿੰਘ ਗਰਚਾ, ਤਤਕਾਲੀ ਐਸਪੀ (ਐੱਚ) ਪਰਮਦੀਪ ਸਿੰਘ ਸੰਧੂ ਸਮੇਤ ਮੋਗਾ ਸਿਟੀ ਥਾਣੇ ਦੇ ਦੋ ਸਾਬਕਾ ਐਸਐਚਓਜ਼ ਰਮਨ ਕੁਮਾਰ ਅਤੇ ਇੰਸਪੈਕਟਰ ਅਮਰਜੀਤ ਸਿੰਘ ਨੂੰ ਹੁਣ ਸੋਮਵਾਰ ਨੂੰ ਸਜ਼ਾ ਸੁਣਾਈ ਜਾਵੇਗੀ।

ਅਦਾਲਤ ਵੱਲੋਂ ਦੋਸ਼ੀਆਂ ਨੂੰ ਸਜ਼ਾ ਸੁਣਾਉਣ ਲਈ ਪਹਿਲਾਂ ਅੱਜ ਚਾਰ ਅਪਰੈਲ ਦਾ ਦਿਨ ਮੁਕੱਰਰ ਕੀਤਾ ਗਿਆ ਸੀ। ਉਪਰੋਕਤ ਪੁਲੀਸ ਅਫ਼ਸਰਾਂ ਨੂੰ ਭ੍ਰਿਸ਼ਟਾਚਾਰ ਅਤੇ ਜਬਰੀ ਵਸੂਲੀ ਦਾ ਦੋਸ਼ੀ ਪਾਇਆ ਗਿਆ ਹੈ।

ਇਸ ਮਾਮਲੇ ਵਿੱਚ ਨਾਮਜ਼ਦ ਸਾਬਕਾ ਅਕਾਲੀ ਮੰਤਰੀ ਜਥੇਦਾਰ ਤੋਤਾ ਸਿੰਘ ਦੇ ਪੁੱਤਰ ਬਰਜਿੰਦਰ ਸਿੰਘ ਉਰਫ਼ ਮੱਖਣ ਬਰਾੜ ਅਤੇ ਸੁਖਰਾਜ ਸਿੰਘ ਨੂੰ ਪਿਛਲੀ ਤਰੀਕ ‘ਤੇ ਸਾਰੇ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ ਸੀ। ਇਸ ਤੋਂ ਇਲਾਵਾ ਇੱਕ ਮਹਿਲਾ ਮੁਲਜ਼ਮ ਮਨਜੀਤ ਕੌਰ ਦੀ ਕੇਸ ਦੀ ਸੁਣਵਾਈ ਦੌਰਾਨ ਮੌਤ ਹੋ ਚੁੱਕੀ ਹੈ।

ਇਸ ਮਾਮਲੇ ਵਿਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ’ਤੇ ਸੀਬੀਆਈ ਨੇ 11 ਦਸੰਬਰ, 2007 ਨੂੰ ਕੇਸ ਦਰਜ ਕਰ ਕੇ ਕਾਰਵਾਈ ਆਰੰਭੀ ਸੀ।

# ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਤੋਂ ਬਾਅਦ ਤਬਾਦਲਿਆਂ ਦੇ ਹੁਕਮ ਪੰਜਾਬ ਭਾਸ਼ਾ ਵਿਚ ਜਾਰੀ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਮਗਰੋਂ ਪੰਜਾਬ ਸਰਕਾਰ ਨੇ ਅਫਸਰਾਂ ਦੇ ਤਬਾਦਲਿਆਂ ਦੇ ਹੁਕਮ ਪੰਜਾਬੀ ਭਾਸ਼ਾ ’ਚ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਹਨ। ਪੰਜਾਬ ਸਰਕਾਰ ਨੇ 2 ਆਈਏਐੱਸ ਅਤੇ ਇਕ ਪੀਸੀਐੱਸ ਅਧਿਕਾਰੀ ਦੇ ਤਬਾਦਲਿਆਂ ਦੇ ਹੁਕਮ ਪੰਜਾਬੀ ’ਚ ਜਾਰੀ ਕੀਤੇ ਹਨ।

ਅਹਿਮ ਸੂਤਰਾਂ ਅਨੁਸਾਰ ਮੁੱਖ ਮੰਤਰੀ ਨੇ ਦੋ ਦਿਨ ਪਹਿਲਾਂ ਮੁੱਖ ਸਕੱਤਰ ਨੂੰ ਮੀਟਿੰਗ ਦੌਰਾਨ ਪੰਜਾਬੀ ਭਾਸ਼ਾ ’ਚ ਕੰਮ ਕਰਨ ਅਤੇ ਬਦਲੀਆਂ ਦੇ ਹੁਕਮ ਪੰਜਾਬੀ ਵਿੱਚ ਕਰਨ ਲਈ ਕਿਹਾ ਸੀ। ਚੇਤੇ ਰਹੇ ਕਿ ਇਸ ਤੋਂ ਪਹਿਲਾਂ ਬਦਲੀਆਂ ਦੇ ਹੁਕਮ ਅੰਗਰੇਜ਼ੀ ਵਿੱਚ ਜਾਰੀ ਹੁੰਦੇ ਸਨ।

# ਮੋਦੀ ਵੱਲੋਂ ਬੈਂਕਾਕ ’ਚ ਬੰਗਲਾਦੇਸ਼ ਦੀ ਅੰਤਰਿਮ ਸਰਕਾਰ ਦੇ ਮੁਖੀ ਮੁਹੰਮਦ ਯੂਨਸ ਨਾਲ ਮੁਲਾਕਾਤ

**ਨਵੀਂ ਦਿੱਲੀ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਬੰਗਲਾਦੇਸ਼ ਦੀ ਅੰਤਰਿਮ ਸਰਕਾਰ ਦੇ ਮੁਖੀ ਮੁਹੰਮਦ ਯੂਨਸ ਅੱਜ ਬੈਂਕਾਕ ਵਿਚ BIMSTEC ਸਿਖਰ ਵਾਰਤਾ ਤੋਂ ਇਕਪਾਸੇ ਇਕ ਦੂਜੇ ਨੂੰ ਮਿਲੇ। ਬੰਗਲਾਦੇਸ਼ੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੂੰ ਪਿਛਲੇ ਸਾਲ ਸੱਤਾ ਤੋਂ ਲਾਂਭੇ ਕੀਤੇ ਜਾਣ ਤੇ ਹਸੀਨਾ ਨੂੰ ਭਾਰਤ ਵਿਚ ਸਿਆਸੀ ਸ਼ਰਣ ਦੇਣ ਕਰਕੇ ਦੋਵਾਂ ਮੁਲਕਾਂ ਵਿਚ ਬਣੀ ਤਲਖੀ ਦਰਮਿਆਨ ਦੋਵਾਂ ਮੁਲਕਾਂ ਦੇ ਆਗੂਆਂ ਦਰਮਿਆਨ ਇਹ ਪਹਿਲੀ ਗੱਲਬਾਤ ਹੈ। ਉਂਝ ਬੈਂਕਾਕ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਬੰਗਲਾਦੇਸ਼ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਸ ਵਿਚਕਾਰ ਸੰਭਾਵਿਤ ਮੁਲਾਕਾਤ ਤੋਂ ਪਹਿਲਾਂ, ਸਰਕਾਰ ਨੇ ਦੇਸ਼ ਦੀ ਸੰਸਦ ਨੂੰ ਸੂਚਿਤ ਕੀਤਾ ਹੈ ਕਿ ਉਹ ਉਮੀਦ ਕਰਦੀ ਹੈ ਕਿ ਢਾਕਾ ਘੱਟਗਿਣਤੀਆਂ, ਖਾਸ ਕਰਕੇ ਹਿੰਦੂਆਂ ਵਿਰੁੱਧ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੀ ਪੂਰੀ ਜਾਂਚ ਕਰੇਗਾ। ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਸੰਸਦ ਵਿੱਚ ਪੇਸ਼ ਕੀਤੇ ਗਏ ਇੱਕ ਲਿਖਤੀ ਜਵਾਬ ਵਿੱਚ ਕਿਹਾ, “ਭਾਰਤ ਸਰਕਾਰ ਨੇ ਬੰਗਲਾਦੇਸ਼ ਵਿੱਚ ਹਿੰਦੂਆਂ ਅਤੇ ਹੋਰ ਘੱਟਗਿਣਤੀਆਂ ਦੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੀਆਂ ਘਟਨਾਵਾਂ ਦਾ ਨੋਟਿਸ ਲਿਆ ਹੈ ਅਤੇ ਵੱਖ-ਵੱਖ ਮੌਕਿਆਂ ’ਤੇ ਬੰਗਲਾਦੇਸ਼ ਸਰਕਾਰ ਕੋਲ ਇਹ ਮੁੱਦਾ ਉਠਾਇਆ ਹੈ। 10 ਦਸੰਬਰ, 2024 ਨੂੰ, ਬੰਗਲਾਦੇਸ਼ ਸਰਕਾਰ ਨੇ ਇੱਕ ਪ੍ਰੈਸ ਬ੍ਰੀਫਿੰਗ ਵਿੱਚ ਐਲਾਨ ਕੀਤਾ ਕਿ ਬੰਗਲਾਦੇਸ਼ ਵਿੱਚ ਘੱਟਗਿਣਤੀਆਂ ਵਿਰੁੱਧ ਹਮਲਿਆਂ ਨਾਲ ਸਬੰਧਤ 88 ਮਾਮਲਿਆਂ ਵਿੱਚ 70 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ; ਜਨਵਰੀ 2025 ਵਿੱਚ ਪੁਲੀਸ ਜਾਂਚ ਵਿੱਚ ਸਿਰਫ਼ 1,254 ਘਟਨਾਵਾਂ ਦੀ ਪੁਸ਼ਟੀ ਹੋਈ ਸੀ। ਨਵਿਆਈ ਜਾਣਕਾਰੀ ਅਨੁਸਾਰ, 5 ਅਗਸਤ 2024 ਤੋਂ 23 ਮਾਰਚ, 2025 ਤੱਕ ਘੱਟਗਿਣਤੀ ਨਾਲ ਸਬੰਧਤ 2,400 ਤੋਂ ਵੱਧ ਘਟਨਾਵਾਂ ਰਿਪੋਰਟ ਕੀਤੀਆਂ ਗਈਆਂ ਹਨ।”



ਸਰਕਾਰ ਨੇ ਅੱਗੇ ਕਿਹਾ, “ਇਹ ਉਮੀਦ ਕੀਤੀ ਜਾਂਦੀ ਹੈ ਕਿ ਬੰਗਲਾਦੇਸ਼ ਇਨ੍ਹਾਂ ਘਟਨਾਵਾਂ ਦੀ ਪੂਰੀ ਤਰ੍ਹਾਂ ਜਾਂਚ ਕਰੇਗਾ ਅਤੇ ਘੱਟਗਿਣਤੀਆਂ ਵਿਰੁੱਧ ਕਤਲਾਂ, ਅੱਗਜ਼ਨੀ ਅਤੇ ਹਿੰਸਾ ਦੇ ਸਾਰੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਖੜ੍ਹਾ ਕਰੇਗਾ।” ਸਰਕਾਰ ਨੇ ਕਿਹਾ ਕਿ 16 ਫਰਵਰੀ, 2025 ਨੂੰ ਬੰਗਲਾਦੇਸ਼ ਦੇ ਵਿਦੇਸ਼ ਸਲਾਹਕਾਰ ਮੁਹੰਮਦ ਤੌਹੀਦ ਹੁਸੈਨ ਨਾਲ ਵਿਦੇਸ਼ ਮੰਤਰੀ ਦੀ ਮੁਲਾਕਾਤ ਦੌਰਾਨ ਇਨ੍ਹਾਂ ਉਮੀਦਾਂ ਨੂੰ ਦੁਹਰਾਇਆ ਗਿਆ ਸੀ। ਸਰਕਾਰ ਨੇ ਕਿਹਾ ਕਿ ਬੰਗਲਾਦੇਸ਼ ਦੇ ਸਾਰੇ ਨਾਗਰਿਕਾਂ, ਜਿਨ੍ਹਾਂ ਵਿੱਚ ਘੱਟਗਿਣਤੀਆਂ ਵੀ ਸ਼ਾਮਲ ਹਨ, ਦੇ ਜੀਵਨ ਅਤੇ ਆਜ਼ਾਦੀ ਦੀ ਸੁਰੱਖਿਆ ਦੀ ਮੁੱਢਲੀ ਜ਼ਿੰਮੇਵਾਰੀ ਬੰਗਲਾਦੇਸ਼ ਸਰਕਾਰ ਦੀ ਹੈ।

# ਲੋਕ ਸਭਾ ਤੇ ਰਾਜ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ

**ਨਵੀਂ ਦਿੱਲੀ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੰਸਦ ਦੇ ਦੋਵਾਂ ਸਦਨਾਂ ਲੋਕ ਸਭਾ ਤੇ ਰਾਜ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ਹੈ। ਸੰਸਦ ਅਣਮਿੱਥੇ ਲਈ ਚੁੱਕੇ ਜਾਣ ਨਾਲ 31 ਜਨਵਰੀ ਤੋਂ ਸ਼ੁਰੂ ਹੋਇਆ ਬਜਟ ਸੈਸ਼ਨ ਦਾ ਦੂਜਾ ਗੇੜ ਸਮਾਪਤ ਹੋ ਗਿਆ ਹੈ। ਉਂਝ ਸੰਸਦੀ ਕਾਰਵਾਈ ਮੁਲਤਵੀ ਕੀਤੇ ਜਾਣ ਤੋਂ ਪਹਿਲਾਂ ਦੋਵਾਂ ਸਦਨਾਂ ਵਿਚ ਜਮ ਕੇ ਹੰਗਾਮਾ ਦੇਖਣ ਨੂੰ ਮਿਲਿਆ। ਕਾਂਗਰਸ ਆਗੂ ਸੋਨੀਆ ਗਾਂਧੀ ਦੇ ਬਿਆਨ ਨੂੰ ਲੈ ਕੇ ਪਏ ਰੌਲੇ-ਰੱਪੇ ਮਗਰੋਂ ਲੋਕ ਸਭਾ ਦੀ ਕਾਰਵਾਈ 12 ਵਜੇ ਤੱਕ ਮੁਲਤਵੀ ਕੀਤੇ ਜਾਣ ਤੋਂ ਬਾਅਦ ਜਿਵੇਂ ਹੀ ਸਦਨ ਮੁੜ ਜੁੜਿਆ ਤਾਂ ਲੋਕ ਸਭਾ ਦੇ ਸਪੀਕਰ ਓਮ ਬਿਰਲਾ ਨੇ ਆਪਣਾ ਸਮਾਪਤੀ ਭਾਸ਼ਣ ਪੜ੍ਹਿਆ ਅਤੇ ਸਦਨ ਨੂੰ ਅਣਮਿੱਥੇ ਸਮੇਂ ਲਈ (ਨਵਾਂ ਸੈਸ਼ਨ ਬੁਲਾਏ ਜਾਣ ਤੱਕ) ਮੁਲਤਵੀ ਕਰ ਦਿੱਤਾ। ਬਿਰਲਾ ਨੇ ਕਿਹਾ ਕਿ ਸੈਸ਼ਨ ਦੌਰਾਨ ਵਕਫ਼ ਸੋਧ ਬਿੱਲ ਸਣੇ ਕੁੱਲ 16 ਬਿੱਲ ਪਾਸ ਕੀਤੇ ਗਏ ਅਤੇ ਸਦਨ ਦੀ ਕੰਮਕਾਜੀ ਉਤਪਾਦਕਤਾ 118 ਪ੍ਰਤੀਸ਼ਤ ਤੋਂ ਵੱਧ ਰਹਿਣ ਦਾ ਅਨੁਮਾਨ ਹੈ। ਬਿਰਲਾ ਦੇ ਸੰਬੋਧਨ ਦੌਰਾਨ ਵਿਰੋਧੀ ਧਿਰ ਦੇ ਮੈਂਬਰ ਸੋਨੀਆ ਗਾਂਧੀ ਬਾਰੇ ਟਿੱਪਣੀਆਂ ਨੂੰ ਲੈ ਕੇ ਨਾਅਰੇਬਾਜ਼ੀ ਕਰਦੇ ਰਹੇ। ਬਜਟ ਸੈਸ਼ਨ ਦੌਰਾਨ ਲੋਕ ਸਭਾ ਵੱਲੋਂ ਵੱਖ-ਵੱਖ ਮੰਤਰਾਲਿਆਂ ਲਈ ਗ੍ਰਾਂਟਾਂ ਦੀਆਂ ਮੰਗਾਂ ਦੇ ਨਾਲ-ਨਾਲ ਵਿੱਤ ਬਿੱਲ ਨੂੰ ਮਨਜ਼ੂਰੀ ਦੇਣ ਤੋਂ ਬਾਅਦ ਸਰਕਾਰ ਨੇ ਆਪਣਾ ਬਜਟ ਅਭਿਆਸ ਪੂਰਾ ਕਰ ਲਿਆ।

# ਯੁੱਧ ਨਸ਼ਿਆਂ ਵਿਰੁੱਧ: ਰਾਜਪਾਲ ਨੇ ਫਤਿਹਗੜ੍ਹ ਚੂੜੀਆਂ ਵਿਚ ਪੈਦਲ ਯਾਤਰਾ ਦੀ ਕੀਤੀ ਅਗਵਾਈ




**ਫਤਿਹਗੜ੍ਹ ਚੂੜੀਆਂ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨਸ਼ੇ ਨੂੰ ਜੜੋਂ ਖਤਮ ਕਰਨ ਲਈ ਜਨ ਅੰਦੋਲਨ ਵਿੱਢਣ ਲਈ ਲੋਕਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਹੀ ਇਸ ਅਲਾਮਤ ਨਾਲ ਨਜਿੱਠਿਆ ਜਾ ਸਕਦਾ ਹੈ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਨਸ਼ਿਆਂ ਵਿਰੁੱਧ ਦੂਜੇ ਦਿਨ ਫਤਿਹਗੜ੍ਹ ਚੂੜੀਆਂ ਤੋਂ ਪੈਦਲ ਯਾਤਰਾ ਦੀ ਸ਼ੁਰੂਆਤ ਕਰਨ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਸੂਰਬੀਰਾਂ ਅਤੇ ਯੋਧਿਆਂ ਦੀ ਧਰਤੀ ਹੈ, ਜਿਸ ਨੇ ਹਮੇਸ਼ਾਂ ਦੇਸ਼ ਵਿਰੋਧੀ ਤਾਕਤਾਂ ਨਾਲ ਲੋਹਾ ਲੈਂਦਿਆਂ ਉਨਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਹੈ।

ਰਾਜਪਾਲ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਹੁਣ ਪੰਜਾਬ ਦੇ ਹਰ ਜਾਗਰੂਕ ਨਾਗਰਿਕ ਲਈ ਮੌਕਾ ਹੈ ਕਿ ਉਹ ਇਸ ਲੜਾਈ ’ਚ ਸਰਕਾਰ ਦਾ ਸਾਥ ਦੇਵੇ ਅਤੇ ਪੰਜਾਬ ਦੀ ਧਰਤੀ ਨੂੰ ਨਸ਼ਾ ਮੁਕਤ ਬਣਾਵੇ। ਅੱਜ ਦੀ ਪੈਦਲ ਯਾਤਰਾ ਬੰਦੇਸ਼ਾ ਰਿਜ਼ੋਰਟ ਪਿੰਡ ਢਾਂਡੇ ਤੋਂ ਸ਼ੁਰੂ ਹੋ ਕੇ ਫਤਿਹਗੜ੍ਹ ਚੂੜੀਆਂ ਦੇ ਬਜ਼ਾਰਾਂ ਵਿਚੋਂ ਦੀ ਹੁੰਦੀ ਹੋਈ ਪੰਡਿਤ ਮੋਹਨ ਲਾਲ ਐਸ.ਡੀ ਕਾਲਜ (ਲੜਕੀਆਂ) ਫਤਿਹਗੜ੍ਹ ਚੂੜੀਆਂ ਵਿਖੇ ਸਮਾਪਤ ਹੋਈ। ਇਸ ਮੌਕੇ ਵਿਵੇਕ ਪ੍ਰਤਾਪ ਸਿੰਘ ਪ੍ਰਿੰਸੀਪਲ ਸਕੱਤਰ ਰਾਜਪਾਲ ਪੰਜਾਬ, ਸ਼ਿਵਦੁਲਾਰ ਸਿੰਘ ਢਿੱਲੋਂ, ਸਕੱਤਰ, ਭਾਰਤੀ ਰੈੱਡ ਕਰਾਸ ਸੁਸਾਇਟੀ ਪੰਜਾਬ, ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ, ਸਤਿੰਦਰ ਸਿੰਘ ਡੀ.ਆਈ.ਜੀ.(ਬਾਰਡਰ ਰੇਂਜ) ਅੰਮ੍ਰਿਤਸਰ, ਦਿਲਜਿੰਦਰ ਸਿੰਘ ਐੱਸ.ਐੱਸ.ਪੀ. ਪਠਾਨਕੋਟ, ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ ਹਾਜ਼ਰ ਸਨ।

# ਪੰਜਾਬ ਰਾਜ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਪੌਸ਼ਟਿਕ ਸੁਰੱਖਿਆ ’ਤੇ ਜ਼ੋਰ, ਪਟਿਆਲਾ ਜ਼ਿਲ੍ਹੇ ਅੰਦਰ ਪੋਸ਼ਣ ਮੁਹਿੰਮ ਚਲਾਉਣ ਦਾ ਸੱਦਾ



**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਪੌਸ਼ਟਿਕ ਸੁਰੱਖਿਆ ’ਤੇ ਜ਼ੋਰ ਦਿੰਦਿਆਂ ਪਟਿਆਲਾ ਜ਼ਿਲ੍ਹੇ ਅੰਦਰ ਪੋਸ਼ਣ (ਨਿਊਟ੍ਰੀਸ਼ਨ) ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੌਮੀ ਖਾਧ ਸੁਰੱਖਿਆ ਐਕਟ ਤਹਿਤ ਖੁਰਾਕ ਕਮਿਸ਼ਨ ਦਾ ਕੰਮ ਪੌਸ਼ਟਿਕ ਸੁਰੱਖਿਆ ਨੂੰ ਲਾਜ਼ਮੀ ਕਰਨਾ ਹੈ ਤਾਂ ਕਿ ਹਰੇਕ ਨਾਗਰਿਕ ਅਤੇ ਖਾਸ ਕਰਕੇ ਸਾਡੇ ਬੱਚਿਆਂ ਦਾ ਆਹਾਰ ਪੌਸ਼ਟਿਕ ਹੋਵੇ, ਇਸ ਨਾਲ ਹੀ ਸਾਡਾ ਸਮਾਜ ਤੰਦਰੁਸਤ ਹੋਵੇਗਾ।

ਅੱਜ ਇੱਥੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ, ਏ.ਡੀ.ਸੀ. (ਜਨਰਲ ਤੇ ਦਿਹਾਤੀ ਵਿਕਾਸ) ਇਸ਼ਾ ਸਿੰਗਲ ਤੇ ਫੂਡ ਕਮਿਸ਼ਨ ਨਾਲ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੌਮੀ ਖਾਧ ਸੁਰੱਖਿਆ ਐਕਟ ਤਹਿਤ ਚੱਲ ਰਹੀਆਂ ਸਕੀਮਾਂ ਦਾ ਮੁਲੰਕਣ ਕਰਨ ਲਈ ਬੈਠਕ ਕਰਦਿਆਂ ਜ਼ਿਲ੍ਹੇ ਅੰਦਰ ਮਿਡ ਡੇ ਮੀਲ ਬਣਾਉਣ ਵਾਲਿਆਂ ਤੇ ਹੈਲਪਰਾਂ ਨੂੰ ਸਾਫ਼-ਸਫ਼ਾਈ ਰੱਖਣ ਲਈ ਸਾਲ ਭਰ ਦੀ ਸਿਖਲਾਈ ਦੇਣ ਲਈ ਕੈਲੰਡਰ ਬਣਾਉਣ ਦੇ ਨਿਰਦੇਸ਼ ਵੀ ਜਾਰੀ ਕੀਤੇ।

ਬਾਲ ਮੁਕੰਦ ਸ਼ਰਮਾ ਨੇ ਕਿਹਾ ਕਿ ਬੱਚਿਆਂ ਵਿੱਚ ਵਿਟਾਮਿਨਜ, ਮਿਨਰਲਜ਼ ਤੇ ਹੋਰ ਗੋਲੀਆਂ ਨਾਲ ਘਾਟ ਨਹੀਂ ਪੂਰੀ ਹੋਣੀ ਸਗੋਂ ਉਨ੍ਹਾਂ ਨੂੰ ਪੌਸ਼ਟਿਕ ਭੋਜਨ ਖਾਣ ਲਈ ਪ੍ਰੇਰਤ ਕਰਨਾ ਪਵੇਗਾ, ਜਿਸ ਲਈ ਜ਼ਿਲ੍ਹੇ ਦੇ 939 ਪ੍ਰਾਇਮਰੀ ਸਕੂਲਾਂ ਤੇ 1829 ਆਂਗਨਵਾੜੀਆਂ ਵਿਖੇ ਪੋਸ਼ਣ ਵਾਟਿਕਾ ਸਮੇਤ, ਕਿਚਨ ਗਾਰਡਨ, ਦੇਸੀ ਜੜੀ ਬੂਟੀਆਂ ਵਾਲੇ ਅਸ਼ਵਗੰਧਾ, ਤੁਲਸੀ ਆਦਿ ਦੇ ਬੂਟੇ ਹੋਰ ਲਗਾਏ ਜਾਣ। ਉਨ੍ਹਾਂ ਕਿਹਾ ਕਿ ਫੂਡ ਕਮਿਸ਼ਨ ਵੱਲੋਂ ਆਂਗਣਵਾੜੀਆਂ ਤੇ ਮਿਡ ਡੇ ਮੀਲ ਤਹਿਤ ਸ਼ੁੱਧ ਤੇ ਪੌਸ਼ਟਿਕ ਭੋਜਨ ਨਾਲ ਸਾਡੇ ਬੱਚਿਆਂ ਦੀ ਸਿਹਤ ਠੀਕ ਰੱਖਣ ਸਮੇਤ ਰਾਸ਼ਨ ਡਿਪੂਆਂ ਰਾਹੀਂ ਖਪਤਕਾਰਾਂ ਦੇ ਹਿੱਤ ਸੁਰੱਖਿਅਤ ਰੱਖਣ ਲਈ ਜ਼ੋਰ ਦਿੱਤਾ ਜਾ ਰਿਹਾ ਹੈ।

ਬਾਲ ਮੁਕੰਦ ਸ਼ਰਮਾ ਨੇ ਡੀ.ਐਫ.ਐਸ.ਸੀ. ਕੋਲੋਂ ਪਟਿਆਲਾ ਵਿਖੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ 2013 ਨੂੰ ਲਾਗੂ ਕਰਨ, ਰਾਸ਼ਨ ਡਿਪੂਆਂ ਵਿਖੇ ਖਪਤਕਾਰਾਂ ਨੂੰ ਮਿਲਦੀ ਕਣਕ ਦੀ ਵੰਡ ਯਕੀਨੀ ਤੌਰ ’ਤੇ ਕਰਨ ਅਤੇ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਕੀਤੇ ਕਾਰਜਾਂ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਕੋਲੋਂ ਪੋਸ਼ਣ ਸਕੀਮਾਂ, ਸਿਵਲ ਸਰਜਨ, ਸਕੂਲ ਹੈਲਥ ਅਫ਼ਸਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਕੋਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਸਿਹਤ ਜਾਂਚ ਪ੍ਰਕ੍ਰਿਆ ਅਤੇ ਜ਼ਿਲ੍ਹਾ ਫੂਡ ਅਫ਼ਸਰ ਕੋਲੋਂ ਮਿਡ ਡੇ ਮੀਲ ਕੁੱਕ ਨੂੰ ਸਾਫ਼-ਸਫ਼ਾਈ ਰੱਖਣ ਲਈ ਟ੍ਰੇਨਿੰਗ ਦੇਣ ਤੇ ਚੈਕਿੰਗ ਕਰਨ ਦਾ ਮੁਲੰਕਣ ਵੀ ਕੀਤਾ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਦਾ ਪਟਿਆਲਾ ਪੁੱਜਣ ’ਤੇ ਸਵਾਗਤ ਕਰਦਿਆਂ ਜ਼ਿਲ੍ਹੇ ਅੰਦਰ ਚੱਲ ਰਹੀਆਂ ਵੱਖ-ਵੱਖ ਸਕੀਮਾਂ ਅਤੇ ਇਨ੍ਹਾਂ ਦੀ ਪ੍ਰਗਤੀ ਤੋਂ ਜਾਣੂ ਕਰਵਾਇਆ। ਇਸ ’ਤੇ ਪੰਜਾਬ ਫੂਡ ਕਮਿਸ਼ਨ ਦੇ ਚੇਅਰਮੈਨ ਨੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਗੱਲ ’ਤੇ ਵੀ ਜ਼ੋਰ ਦਿੱਤਾ ਕਿ ਸਾਰੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਜ਼ਿਲ੍ਹੇ ਅੰਦਰ ਪੌਸ਼ਟਿਕ ਸੁਰੱਖਿਆ ’ਤੇ ਠੋਸ ਕੰਮ ਕਰਨਾ ਯਕੀਨੀ ਬਣਾਉਣ ਅਤੇ ਉਹ ਸਤੰਬਰ ਮਹੀਨੇ ਮੁੜ ਤੋਂ ਮੁਲੰਕਣ ਕਰਨ ਲਈ ਪਟਿਆਲਾ ਪੁੱਜਣਗੇ।

# ਪਾਬੰਦੀਸ਼ੁਦਾ ਕੀਟਨਾਸ਼ਕ ਜ਼ਬਤ, ਐਫ.ਆਈ.ਆਰ. ਦਰਜ: ਗੁਰਮੀਤ ਸਿੰਘ ਖੁੱਡੀਆਂ



**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੈਰ-ਮਿਆਰੀ ਅਤੇ ਗੈਰ-ਕਾਨੂੰਨੀ ਖੇਤੀਬਾੜੀ ਸਬੰਧੀ ਵਸਤਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਦੋ ਫਰਮਾਂ @ਤੇ ਛਾਪੇ ਮਾਰੇ ਅਤੇ ਪਾਬੰਦੀਸ਼ੁਦਾ ਕੀਟਨਾਸ਼ਕਾਂ ਤੇ ਮਿਆਦ ਪੁੱਗ ਚੁੱਕੇ ਸਟਾਕ ਜ਼ਬਤ ਕੀਤੇ ਹਨ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਜੁਆਇੰਟ ਡਾਇਰੈਕਟਰ (ਵਿਸਥਾਰ ਤੇ ਸਿਖਲਾਈ) ਦਿਲਬਾਗ ਸਿੰਘ ਦੀ ਨਿਗਰਾਨੀ ਹੇਠ ਇੱਕ ਵਿਸ਼ੇਸ਼ ਟੀਮ ਨੇ ਮੈਸਰਜ਼ ਜਨਕ ਰਾਜ ਨਰਿੰਦਰ ਕੁਮਾਰ, ਨਵੀਂ ਅਨਾਜ ਮੰਡੀ, ਹੁਸ਼ਿਆਰਪੁਰ ਵਿਖੇ ਅਚਨਚੇਤ ਛਾਪਾ ਮਾਰਿਆ ਅਤੇ ਜਾਂਚ ਦੌਰਾਨ ਟੀਮ ਨੂੰ ਆਈਪ੍ਰੋਕੈਮ ਐਗਰੀ ਕੇਅਰ, ਪੰਚਕੂਲਾ, ਹਰਿਆਣਾ ਵੱਲੋਂ ਬਣਾਏ ਅਤੇ ਮਾਰਕੀਟ ਕੀਤੇ ਗਏ ਪਾਬੰਦੀਸ਼ੁਦਾ ਅਮੋਨੀਅਮ ਸਾਲਟ- ਗਲਾਈਫੋਸੇਟ 71% ਐਸ.ਜੀ. ਦੇ 99 ਪੈਕੇਟ (ਹਰੇਕ 100 ਗ੍ਰਾਮ) ਬਰਾਮਦ ਕੀਤੇ ਗਏ ਹਨ।

ਖੇਤੀਬਾੜੀ ਮੰਤਰੀ ਨੇ ਅੱਗੇ ਦੱਸਿਆ ਕਿ ਛਾਪੇਮਾਰੀ ਦੌਰਾਨ ਵੱਡੀ ਮਾਤਰਾ ਵਿੱਚ ਮਿਆਦ ਪੁੱਗ ਚੁੱਕੇ ਅਤੇ ਗੈਰ-ਮਿਆਰੀ ਕੀਟਨਾਸ਼ਕ ਵੀ ਬਰਾਮਦ ਕੀਤੇ ਗਏ ਜਿਨ੍ਹਾਂ ਵਿੱਚ 20 ਪੈਕੇਟ ਪੈਂਡੀਮੇਥਾਲਿਨ (1 ਲੀਟਰ), 10 ਪੈਕੇਟ ਪ੍ਰੋਫੇਨੋਫੋਸ + ਸਾਈਪਰਮੇਥਰਿਨ (1 ਲੀਟਰ), 40 ਪੈਕੇਟ ਥਿਆਮੇਥੋਕਸਮ (250 ਗ੍ਰਾਮ), ਪੰਜ ਪੈਕੇਟ ਕਾਰਬੈਂਡਾਜ਼ਿਮ (250 ਗ੍ਰਾਮ), 75 ਪੈਕੇਟ ਕਲੋਡੀਨਾਫੌਪ ਪ੍ਰੋਪਾਰਗਿਲ (160 ਗ੍ਰਾਮ), 23 ਪੈਕੇਟ ਐਟਰਾਜ਼ੀਨ (500 ਗ੍ਰਾਮ), ਪੰਜ ਪੈਕੇਟ ਮੈਟਾਲੈਕਸਿਲ + ਮੈਨਕੋਜ਼ੇਬ (250 ਗ੍ਰਾਮ) ਅਤੇ 10 ਪੈਕੇਟ ਮੈਨਕੋਜ਼ੇਬ (1 ਲੀਟਰ) ਸ਼ਾਮਲ ਹਨ।

ਖੁੱਡੀਆਂ ਨੇ ਦੱਸਿਆ ਕਿ ਇਸ ਜਾਂਚ ਦੌਰਾਨ ਨਮੂਨੇ ਲਏ ਗਏ ਅਤੇ ਕੀਟਨਾਸ਼ਕ ਐਕਟ, 1968 ਅਤੇ ਨਿਯਮ, 1971 ਦੀਆਂ ਸਬੰਧਿਤ ਧਾਰਾਵਾਂ ਤਹਿਤ ਥਾਣਾ ਮਾਡਲ ਟਾਊਨ, ਹੁਸ਼ਿਆਰਪੁਰ ਵਿਖੇ ਐਫ.ਆਈ.ਆਰ. ਦਰਜ ਕੀਤੀ ਗਈ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇੱਕ ਹੋਰ ਕਾਰਵਾਈ ਵਿੱਚ ਟੀਮ ਵੱਲੋਂ ਇਸੇ ਬਾਜ਼ਾਰ ਵਿੱਚ ਮੈਸਰਜ਼ ਵਿਜ ਟ੍ਰੇਡਰਜ਼ ਦਾ ਵੀ ਨਿਰੀਖਣ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਕੀਟਨਾਸ਼ਕਾਂ, ਖਾਦਾਂ ਅਤੇ ਬੀਜਾਂ ਦੇ ਦੋ-ਦੋ ਨਮੂਨੇ ਲਏ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਕੀਟਨਾਸ਼ਕਾਂ ਅਤੇ ਬੀਜਾਂ ਦੀ ਵਿਕਰੀ ਤੁਰੰਤ ਬੰਦ ਕਰ ਦਿੱਤੀ ਗਈ ਹੈ ਕਿਉਂਕਿ ਇਹ ਫਰਮ ਸਬੰਧਤ ਐਕਟਾਂ ਤਹਿਤ ਸਹੀ ਲਾਇਸੈਂਸ ਐਡੋਰਸਮੈਂਟ ਤੋਂ ਬਿਨਾਂ ਕੰਮ ਕਰ ਰਹੀ ਸੀ।

# ਫਿਲੌਰ ‘ਚ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਕਰਨ ਦੇ ਮਾਮਲੇ ’ਚ 2 ਗ੍ਰਿਫ਼ਤਾਰ



**ਫਗਵਾੜਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਫਿਲੌਰ ਪੁਲੀਸ ਨੇ ਪਿੰਡ ਨੰਗਲ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ’ਤੇ ਖਾਲਿਸਤਾਨੀ ਨਾਅਰੇ ਲਿਖਣ ਦੇ ਦੋਸ਼ ਹੇਠ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਦੀ ਪਛਾਣ ਸੁਖਵੀਰ ਸਿੰਘ ਅਤੇ ਅਵਤਾਰ ਸਿੰਘ, ਦੋਵੇਂ ਵਾਸੀ ਨੂਰਪੁਰ ਛੰਨਾ, ਨਕੋਦਰ ਵਜੋਂ ਹੋਈ ਹੈ। ਸੀਨੀਅਰ ਕਪਤਾਨ ਪੁਲੀਸ (ਜਲੰਧਰ ਦਿਹਾਤੀ) ਜਸਪ੍ਰੀਤ ਕੌਰ ਬਾਠ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਕਾਰਵਾਈ ਕਰਦਿਆਂ ਡੀਐਸਪੀ ਸਰਵਣ ਸਿੰਘ ਬੱਲ ਅਤੇ ਇੰਸਪੈਕਟਰ ਸੰਜੀਵ ਕਪੂਰ ਦੀ ਦੇਖ-ਰੇਖ ‘ਚ ਪੁਲੀਸ ਵੱਲੋਂ ਚਲਾਈ ਮੁਹਿੰਮ ਦੌਰਾਨ ਇਨ੍ਹਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਜਲੰਧਰ ਦੇ ਡੀਆਈਜੀ ਨਵੀਨ ਸਿੰਗਲਾ ਨੇ ਦੱਸਿਆ ਕਿ ਐਫਆਈਆਰ ਨੰਬਰ 85, ਮਿਤੀ 31 ਮਾਰਚ, 2025 ਦੇ ਤਹਿਤ ਕੇਸ ਦਰਜ ਕੀਤਾ ਗਿਆ ਹੈ, ਜਿਸ ਵਿੱਚ ਬੀਐਨਐਸ ਦੀ ਧਾਰਾ 299 ਅਤੇ 113 ਦੇ ਨਾਲ-ਨਾਲ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟਦੀ ਧਾਰਾ 10 ਅਤੇ 13 ਦੀ ਵਰਤੋਂ ਕੀਤੀ ਗਈ ਹੈ। ਡੀਆਈਜੀ ਨੇ ਕਿਹਾ ਕਿ ਮੁਲਜ਼ਮ ਪਿਛਲੇ ਮਹੀਨੇ ਦੌਰਾਨ ਨਕੋਦਰ, ਜਲੰਧਰ, ਦਿੱਲੀ ਅਤੇ ਊਨਾ ਵਿੱਚ ਵਿਦਿਅਕ ਸੰਸਥਾਵਾਂ, ਸਰਕਾਰੀ ਇਮਾਰਤਾਂ ਅਤੇ ਜਨਤਕ ਬੁਨਿਆਦੀ ਢਾਂਚੇ ਵਿੱਚ ਖਾਲਿਸਤਾਨੀ ਨਾਅਰੇ ਲਿਖਣ ਅਤੇ ਝੰਡੇ ਲਗਾਉਣ ਸਮੇਤ ਕਈ ਤਰ੍ਹਾਂ ਦੀਆਂ ਭੜਕਾਊ ਕਾਰਵਾਈਆਂ ਵਿੱਚ ਸ਼ਾਮਲ ਸਨ। ਉਨ੍ਹਾਂ ਕੋਲੋਂ ਇੱਕ ਮੋਟਰਸਾਈਕਲ ਅਤੇ ਚਾਰ ਮੋਬਾਈਲ ਫ਼ੋਨ ਵੀ ਜ਼ਬਤ ਕੀਤੇ ਗਏ ਹਨ, ਜਿਨ੍ਹਾਂ ਦੀ ਹੁਣ ਫੋਰੈਂਸਿਕ ਜਾਂਚ ਕੀਤੀ ਜਾ ਰਹੀ ਹੈ।

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਰਕਾਰੀ ਰਜਿੰਦਰਾ ਹਸਪਤਾਲ ਦੀ ਐਮਰਜੈਂਸੀ ’ਚ ਮਰੀਜਾਂ ਲਈ ਮੁਫ਼ਤ ਦਵਾਈਆਂ ਦੀ ਸ਼ੁਰੂਆਤ ਕਰਵਾਈ

**ਪਟਿਆਲਾ, 5 ਅਪ੍ਰੈਲ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਰਕਾਰੀ ਰਾਜਿੰਦਰਾ ਹਸਪਤਾਲ ਦੀ ਐਮਰਜੈਂਸੀ ਵਿਖੇ ਪੰਜਾਬ ਸਰਕਾਰ ਵੱਲੋਂ ਮਰੀਜਾਂ ਲਈ ਮੁਫ਼ਤ ਦਵਾਈਆਂ ਦੀ ਸ਼ੁਰੂਆਤ ਕਰਵਾਈ। ਉਨ੍ਹਾਂ ਨੇ ਇਸ ਮੌਕੇ ਪਟਿਆਲਾ ਹੈਲਥ ਫਾਊਂਡੇਸ਼ਨ ਯੂ.ਐਸ.ਏ ਚੈਪਟਰ ਦੇ ਸਹਿਯੋਗ ਨਾਲ ਐਮਰਜੈਂਸੀ ਦੇ ਆਈ.ਸੀ.ਯੂ ਵਿਖੇ 11 ਲੱਖ ਰੁਪਏ ਦੀ ਲਾਗਤ ਨਾਲ ਲਗਾਈ ਗਈ ਗੁਰਦੇ ਦੇ ਮਰੀਜਾਂ ਦੇ ਡਾਇਲੇਸਿਸ ਲਈ ਨਵੀਂ ਮਸ਼ੀਨ ਅਤੇ ਹਸਪਤਾਲ ਅੰਦਰ ਨਵੇਂ ਲਗਾਏ ਗਏ 8 ਵਾਟਰ ਕੂਲਰ ਵੀ ਮਰੀਜਾਂ ਨੂੰ ਸਮਰਪਿਤ ਕੀਤੇ। ਉਨ੍ਹਾਂ ਕਿਹਾ ਕਿ ਐਮਰਜੈਂਸੀ ਵਿਖੇ ਹੁਣ ਮਰੀਜਾਂ ਦੇ ਵਾਰਸਾਂ ਨੂੰ ਬਾਹਰੋਂ ਕੋਈ ਦਵਾਈ ਨਹੀਂ ਮੰਗਵਾਉਣੀ ਪਵੇਗੀ, ਜਿਸ ਨਾਲ ਮਰੀਜਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਵੱਡੀ ਰਾਹਤ ਮਿਲੀ ਹੈ ਅਤੇ ਇਹ ਇੱਕ ਵਰਦਾਨ ਸਾਬਤ ਹੋਵੇਗੀ।



ਡਾ. ਬਲਬੀਰ ਸਿੰਘ ਨੇ ਮੀਡੀਆ ਨਾਲ ਗ਼ੈਰ ਰਸਮੀ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 2022 ’ਚ 80 ਦੇ ਕਰੀਬ ਮੁਫ਼ਤ ਦਵਾਈਆਂ ਦੀ ਸ਼ੁਰੂਆਤ ਸੂਬੇ ਵਿੱਚ ਸਿਹਤ ਕਰਾਂਤੀ ਲਿਆਉਣ ਦੇ ਮਕਸਦ ਨਾਲ ਸ਼ੁਰੂ ਕੀਤੇ ਆਮ ਆਦਮੀ ਕਲੀਨਿਕਾਂ ਤੋਂ ਕੀਤੀ ਗਈ ਸੀ, ਜਿੱਥੋਂ 3 ਕਰੋੜ ਲੋਕ ਇਸ ਸਹੂਲਤ ਦਾ ਲਾਭ ਲੈ ਚੁੱਕੇ ਹਨ। ਇਸ ਤੋਂ ਬਾਅਦ 26 ਜਨਵਰੀ 2024 ’ਚ ਸੈਕੰਡਰੀ ਹੈਲਥ ਕੇਅਰ ਜ਼ਿਲ੍ਹਾ ਹਸਪਤਾਲਾਂ, ਸਬ ਡਵੀਜਨ ਹਸਪਤਾਲ ਤੇ ਕਮਿਊਨਿਟੀ ਹੈਲਥ ਸੈਂਟਰਾਂ ’ਚ ਇਸ ਸਹੂਲਤ ਦੀ ਸ਼ੁਰੂਆਤ ਕੀਤੀ ਗਈ ਹੈ। ਹੁਣ ਟਰਸ਼ਰੀ ਕੇਅਰ ਤਹਿਤ ਰਾਜਿੰਦਰਾ ਹਸਪਤਾਲ ਦੀ ਐਮਰਜੈਂਸੀ ਤੋਂ 100 ਫ਼ੀਸਦੀ ਮੁਫ਼ਤ ਦਵਾਈਆਂ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਪੜਾਅਵਾਰ ਸਾਰੇ ਪੰਜਾਬ ਵਿੱਚ ਦਵਾਈਆਂ ਮੁਫ਼ਤ ਮਿਲਣੀਆਂ ਸ਼ੁਰੂ ਹੋ ਜਾਣਗੀਆਂ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪ੍ਰਾਇਮਰੀ ਅਤੇ ਸੈਕੰਡਰੀ ਕੇਅਰ ਹਸਪਤਾਲ ਵਿਖੇ ਡਾਕਟਰ ਕੋਈ ਦਵਾਈ ਬਾਹਰੋਂ ਲਿਖਕੇ ਨਹੀਂ ਦੇ ਰਹੇ ਅਤੇ 276 ਜ਼ਰੂਰੀ ਦਵਾਈਆਂ ਦੀ ਸੂਚੀ ’ਚ ਸ਼ਾਮਲ ਸਾਰੀਆਂ ਦਵਾਈਆਂ ਮੁਫ਼ਤ ਮਿਲ ਰਹੀਆਂ ਹਨ ਪਰੰ ਜਿਹੜੀਆਂ ਦਵਾਈਆਂ ਇਸ ਸੂਚੀ ਤੋਂ ਬਾਹਰ ਹਨ, ਉਹ ਵੀ ਸਬੰਧਤ ਐਸ.ਐਮ.ਓਜ ਵੱਲੋਂ ਖਰੀਦ ਕੇ ਦਿੱਤੀਆਂ ਜਾ ਰਹੀਆਂ ਹਨ। ਪਰੰਤੂ ਜਿੱਥੇ ਕਿਤੇ ਇਹ ਦਵਾਈਆਂ ਨਹੀਂ ਮਿਲਦੀਆਂ, ਉਥੇ ਵੀ ਇਹ ਦਵਾਈਆਂ ਦਿਵਾਉਣ ਲਈ ਹੈਲਪਲਾਈਨ ਨੰਬਰ 73472-00994 ਲਿਖਕੇ ਲਗਾ ਦਿੱਤੇ ਗਏ ਹਨ ਅਤੇ ਜੇਕਰ ਦਵਾਈਆਂ ਨਹੀਂ ਮਿਲਦੀਆਂ ਤਾਂ ਐਸ.ਐਮ.ਓਜ ਜਵਾਬ ਦੇਹ ਹੋਣਗੇ।

ਸਿਹਤ ਮੰਤਰੀ ਨੇ ਦੱਸਿਆ ਕਿ ਟਰਸ਼ਰੀ ਕੇਅਰ ’ਚ ਕੇਵਲ ਐਮਰਜੈਂਸੀ ਵਿਖੇ ਹੀ ਦਵਾਈਆਂ ਮੁਫ਼ਤ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਹੌਲੀ-ਹੌਲੀ ਸਾਰੇ ਵਿੰਗਜ਼ ’ਚ ਇਹ ਦਵਾਈਆਂ ਮਿਲਣਗੀਆਂ।

ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਰੋਗੀ ਕਲਿਆਣ ਸੰਮਤੀ, ਪਟਿਆਲਾ ਹੈਲਥ ਫਾਊਂਡੇਸ਼ਨ ਸਮੇਤ ਹੋਰ ਸਮਾਜ ਸੇਵੀ ਸੰਸਥਾਵਾਂ ਵੀ ਸਿਹਤ ਖੇਤਰ ਵਿੱਚ ਸਹਿਯੋਗ ਕਰ ਰਹੀਆਂ ਹਨ। ਪਟਿਆਲਾ ਹੈਲਥ ਫਾਊਂਡੇਸ਼ਨ ਯੂ.ਐਸ.ਏ. ਚੈਪਟਰ ਨੇ ਆਈ.ਸੀ.ਯੂ ’ਚ ਡਾਇਲੇਸਿਸ ਮਸ਼ੀਨ ਲਈ 11 ਲੱਖ ਰੁਪਏ ਖ਼ਰਚੇ ਹਨ ਅਤੇ 30 ਲੱਖ ਰੁਪਏ ਦੀ ਲਾਗਤ ਨਾਲ ਹਸਪਤਾਲ ’ਚ 8 ਵਾਟਰ ਕੂਲਰ ਦੇਣ ਸਮੇਤ ਦੋ ਲਾਅਨ ਤਿਆਰ ਕਰਵਾਉਣ ਤੋਂ ਇਲਾਵਾ ਮੈਡੀਕਲ ਕਾਲਜ ਦਾ ਸਪੋਰਟਸ ਗਰਾਊਂਡ ਵੀ ਮੈਨੇਟੇਨ ਕੀਤਾ ਜਾ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੂਬਾ ਨਿਵਾਸੀਆਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ ਹੈ, ਜਿਸ ਤਹਿਤ ਰਾਜਿੰਦਰਾ ਹਸਪਤਾਲ ਨੂੰ ਸਰਕਾਰ ਵੱਲੋਂ ਲਗਾਤਾਰ ਅਪਗ੍ਰੇਡ ਕੀਤਾ ਜਾ ਰਿਹਾ ਹੈ।

# 3.50 ਲੱਖ ਰੁਪਏ ਰਿਸ਼ਵਤ ਲੈਂਦਾ ਹੋਮਿਓਪੈਥਿਕ ਡਾਕਟਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਰੱਈਆ ਦੇ ਰਹਿਣ ਵਾਲੇ ਇੱਕ ਪ੍ਰਾਈਵੇਟ ਹੋਮਿਓਪੈਥਿਕ ਡਾਕਟਰ, ਡਾ. ਅਰਵਿੰਦ ਕੁਮਾਰ ਨੂੰ ਤਰਨਤਾਰਨ ਵਿੱਚ 3.50 ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ।

ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਪਟਿਆਲਾ ਜ਼ਿਲ੍ਹੇ ਦੇ ਕਸਬਾ ਪਾਤੜਾਂ ਦੇ ਵਸਨੀਕ ਅਸ਼ੋਕ ਕੁਮਾਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ, ਡਾ. ਅਰਵਿੰਦ ਕੁਮਾਰ ਨੇ ਸ਼ੁਰੂ ਵਿੱਚ ਡਾ. ਸੁਮਿਤ ਸਿੰਘ, ਜੋ ਇਸ ਸਮੇਂ ਮਾਨਾਂਵਾਲਾ, ਅੰਮ੍ਰਿਤਸਰ ਵਿਖੇ ਸੀਨੀਅਰ ਮੈਡੀਕਲ ਅਫਸਰ (ਐਸਐਸਓ) ਵਜੋਂ ਸੇਵਾ ਨਿਭਾ ਰਿਹਾ ਹੈ, ਦੀ ਤਰਫੋਂ 5 ਲੱਖ ਰੁਪਏ ਦੀ ਰਿਸ਼ਵਤ ਮੰਗੀ ਸੀ। ਇਹ ਰਿਸ਼ਵਤ ਕਥਿਤ ਤੌਰ ’ਤੇ ਚੱਲ ਰਹੇ ਇੱਕ ਅਦਾਲਤੀ ਕੇਸ ਵਿੱਚ ਸ਼ਿਕਾਇਤਕਰਤਾ ਦੇ ਹੱਕ ਵਿੱਚ ਡਾ. ਸੁਮਿਤ ਸਿੰਘ ਦੀ ਗਵਾਹੀ ਦੇਣ ਦੇ ਇਵਜ਼ ਵਿੱਚ ਸੀ। ਬਾਅਦ ਵਿੱਚ ਇਹ ਰਕਮ 3.50 ਲੱਖ ਰੁਪਏ ਤੱਕ ਘਟਾ ਦਿੱਤੀ ਗਈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਹ ਮਾਮਲਾ ਐਸਐਮਓ ਰਾਜੇਸ਼ ਕੁਮਾਰ ਦੀ ਸ਼ਿਕਾਇਤ ਦੇ ਆਧਾਰ ’ਤੇ ਪਾਤੜਾਂ ਪੁਲਿਸ ਸਟੇਸ਼ਨ ਵਿੱਚ ਪੀਐਨਡੀਟੀ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਅਸ਼ੋਕ ਕੁਮਾਰ ਅਤੇ ਹੋਰਾਂ ਵਿਰੁੱਧ ਦਰਜ ਕੀਤੇ ਗਏ ਕੇਸ ਨਾਲ ਸਬੰਧਤ ਹੈ। ਡਾ. ਸੁਮਿਤ ਸਿੰਘ ਇਸ ਮਾਮਲੇ ਵਿੱਚ ਇੱਕ ਮੁੱਖ ਗਵਾਹ ਹਨ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਤਰਨਤਾਰਨ ਵਿਖੇ ਡਾ. ਅਰਵਿੰਦ ਕੁਮਾਰ, ਜੋ ,ਸਰਹੱਦੀ ਖੇਤਰ ਦੇ ਵਸਨੀਕਾਂ ਦੀ ਭਲਾਈ, ਖਾਸ ਕਰਕੇ ਦਾਜ ਦੇ ਮਾਮਲਿਆਂ ਅਤੇ ਮਹਿਲਾ ਸਸ਼ਕਤੀਕਰਨ ਲਈ ਕੰਮ ਕਰਨ ਵਾਲੀ ਇੱਕ ਰਾਸ਼ਟਰੀ ਪੱਧਰ ਦੀ ਕਮੇਟੀ, ‘ਸਰਹਦੀ ਲੋਕ ਸੇਵਾ ਸਮਿਤੀ’ ਦੇ ਦਫ਼ਤਰ ਵਿੱਚ ਮੌਜੂਦ ਸਨ, ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 3.50 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਸਬੂਤ ਵਜੋਂ ਪੇਸ਼ ਕੀਤੀਆਂ ਗਈਆਂ ਆਡੀਓ ਰਿਕਾਰਡਿੰਗਾਂ ਨੇ ਰਿਸ਼ਵਤ ਦੀ ਮੰਗ ਦੀ ਪੁਸ਼ਟੀ ਕੀਤੀ, ਜਿਸ ਕਾਰਨ ਗ੍ਰਿਫਤਾਰੀ ਸੰਭਵ ਹੋਈ। ਇਸ ਸਬੰਧ ਵਿੱਚ ਡਾ. ਅਰਵਿੰਦ ਕੁਮਾਰ ਵਿਰੁੱਧ ਮੋਹਾਲੀ ਵਿਖੇ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ, ਪੰਜਾਬ ਦੇ ਫਲਾਇੰਗ ਸਕੁਐਡ-1 ਵਿਖੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹੋਰ ਜਾਂਚ ਜਾਰੀ ਹੈ, ਅਤੇ ਡਾ. ਸੁਮਿਤ ਸਿੰਘ ਅਤੇ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਭੂਮਿਕਾ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਜਾਵੇਗੀ।

# ਆਈ.ਏ.ਐਸ., ਆਈ.ਪੀ.ਐਸ., ਆਈ.ਐਫ.ਐਸ. ਅਧਿਕਾਰੀ ਵਿਦਿਆਰਥੀਆਂ ਨੂੰ ਆਪਣੀ ਜ਼ਿੰਦਗੀ ਦੇ ਵੱਡੇ ਟੀਚੇ ਮਿੱਥਣ ਲਈ ਕਰਨਗੇ ਪ੍ਰੇਰਿਤ: ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮਰੱਥ ਬਣਾਉਣ ਦੀ ਦਿਸ਼ਾ ਵਿੱਚ ਨਿਵੇਕਲਾ ਤੇ ਅਹਿਮ ਕਦਮ ਚੁੱਕਦਿਆਂ ਸੂਬਾ ਸਰਕਾਰ ਵੱਲੋਂ ਦੇਸ਼ ਭਰ ਵਿੱਚ ਆਪਣੀ ਕਿਸਮ ਦਾ ਪਹਿਲਾ ÷ਸਕੂਲ ਮੈਂਟਰਸ਼ਿਪ ਪ੍ਰੋਗਰਾਮ÷ ਸ਼ੁਰੂ ਕੀਤਾ ਗਿਆ ਹੈ, ਜਿਸ ਵਿੱਚ ਵਿਦਿਆਰਥੀਆਂ ਨੂੰ ਆਪਣੀ ਜ਼ਿੰਦਗੀ ਦੇ ਵੱਡੇ ਟੀਚੇ ਮਿੱਥਣ ਲਈ ਪ੍ਰੇਰਿਤ ਅਤੇ ਮਾਰਗਦਰਸ਼ਨ ਕਰਨ ਵਾਸਤੇ ਸੀਨੀਅਰ ਆਈਏਐੱਸ ਤੇ ਆਈਪੀਐੱਸ ਅਧਿਕਾਰੀਆਂ ਨੂੰ ਸ਼ਾਮਲ ਕੀਤਾ ਜਾ ਰਿਹਾ ਹੈ।

ਅੱਜ ਇੱਥੇ ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੇਂਡੂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਵਿਦਿਆਰਥੀਆਂ ਦਾ ਜੀਵਨ ਵਿੱਚ ਉੱਤਮਤਾ ਹਾਸਲ ਕਰਨ ਲਈ ਮਾਰਗਦਰਸ਼ਨ ਕਰਨ ਵਾਸਤੇ ਆਈ.ਏ.ਐਸ., ਆਈ.ਪੀ.ਐਸ., ਆਈ.ਐਫ.ਐਸ. ਅਤੇ ਹੋਰ ਸਿਵਲ ਅਧਿਕਾਰੀਆਂ ਨੂੰ ਸੱਦਾ ਦਿੱਤਾ ਗਿਆ ਹੈ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਹਰ ਸਫ਼ਲ ਬੱਚੇ ਦੇ ਪਿੱਛੇ ਕੋਈ ਨਾ ਕੋਈ ਅਜਿਹਾ ਵਿਅਕਤੀ ਹੁੰਦਾ ਹੈ ਜਿਸ ਨੇ ਉਸ ਬੱਚੇ ਵਿੱਚ ਕਦੇ ਨਾ ਕਦੇ ਆਪਣਾ ਵਿਸ਼ਵਾਸ ਜਤਾਇਆ ਸੀ। ਇਸ ਪ੍ਰੋਗਰਾਮ ਰਾਹੀਂ ਸਫ਼ਲ ਅਧਿਕਾਰੀ ਅਜਿਹੇ ਸਕੂਲਾਂ ਦੇ ਰਾਹ ਦਸੇਰੇ ਬਣਨਗੇ। ਇਹ ਕਾਰਜ ਸਿਵਲ ਅਧਿਕਾਰੀਆਂ ਲਈ ਪ੍ਰਸ਼ਾਸਕੀ ਫ਼ਰਜ਼ਾਂ ਦੇ ਨਾਲ-ਨਾਲ ਵਿਦਿਆਰਥੀਆਂ ਦੀਆਂ ਜ਼ਿੰਦਗੀਆਂ ਨੂੰ ਰੁਸ਼ਨਾਉਣ ਦਾ ਮੌਕਾ ਹੈ। ਪ੍ਰੋਗਰਾਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਮਾਰਗਦਰਸ਼ਨ ਕਰਨ ਲਈ ਸੀਨੀਅਰ ਨੌਕਰਸ਼ਾਹ ਸਵੈ-ਇੱਛਾ ਨਾਲ ਇੱਕ ਸਰਕਾਰੀ ਸਕੂਲ ਦੀ ਚੋਣ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਅਧਿਕਾਰੀ ਵਿਦਿਆਰਥੀਆਂ, ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨਾਲ ਜੁੜਨਗੇ ਤਾਂ ਜੋ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਮਹੱਤਵਪੂਰਨ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾ ਸਕੇ। ਇਸ ਨਾਲ ਅਧਿਆਪਕਾਂ ਨੂੰ ਨਵੀਨਤਾਕਾਰੀ ਸਿੱਖਿਆ ਪ੍ਰਣਾਲੀ ਅਪਣਾਉਣ ਵਿੱਚ ਸਹਾਇਤਾ ਮਿਲੇਗੀ ਅਤੇ ਸਕੂਲ ਦੇ ਬੁਨਿਆਦੀ ਢਾਂਚੇ, ਸਰੋਤਾਂ ਅਤੇ ਮੌਕਿਆਂ ਵਿੱਚ ਸੁਧਾਰ ਲਿਆਉਣ ਲਈ ਉਨ੍ਹਾਂ ਦੇ ਤਜ਼ਰਬੇ ਅਤੇ ਨੈੱਟਵਰਕ ਦੀ ਵਰਤੋਂ ਕੀਤੀ ਜਾ ਸਕੇਗੀ। ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਅਧਿਕਾਰੀਆਂ ਨੂੰ ਦੂਰ-ਦੁਰਾਡੇ, ਪੇਂਡੂ ਜਾਂ ਚੁਣੌਤੀਪੂਰਨ ਸਥਿਤੀਆਂ ਵਾਲੇ ਸਕੂਲਾਂ ਨੂੰ ਚੁਣਨ ਲਈ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਇੱਕ ਵਾਰ ਸਕੂਲ ਚੁਣਨ ਬਾਅਦ ਅਧਿਕਾਰੀ ਘੱਟੋ-ਘੱਟ ਪੰਜ ਸਾਲਾਂ ਲਈ ਮਾਰਗਦਰਸ਼ਨ ਕਰਨਗੇ ਜੋ ਲੰਬੇ ਸਮੇਂ ਲਈ ਆਪਣੀ ਸ਼ਮੂਲੀਅਤ ਅਤੇ ਸਲਾਹ ਦੇਣ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਅੱਗੇ ਕਿਹਾ ਕਿ ਇਹ ਅਧਿਕਾਰੀ ਆਪਣੇ ਤਬਾਦਲਿਆਂ ਅਤੇ ਤਾਇਨਾਤੀਆਂ ਦੇ ਬਾਵਜੂਦ ਸਬੰਧਤ ਸਕੂਲਾਂ ਦੇ ਮੈਂਟਰ ਦੀ ਭੂਮਿਕਾ ਨਿਭਾਉਂਦੇ ਰਹਿਣਗੇ। ਉਨ੍ਹਾਂ ਅੱਗੇ ਦੱਸਿਆ ਕਿ ਸਿਵਲ ਸਰਵਿਸ ਅਫ਼ਸਰ ਆਪਣੇ ਨਾਲ ਵਿਸ਼ਾਲ ਤਜਰਬਾ, ਪ੍ਰਸ਼ਾਸਨ ਚਲਾਉਣ ਦਾ ਅਨੁਭਵ ਅਤੇ ਉੱਤਮਤਾ ਦਾ ਟਰੈਕ ਰਿਕਾਰਡ ਲੈ ਕੇ ਆਉਂਦੇ ਹਨ।

# ਮੁੱਖ ਮੰਤਰੀ ਨੇ ਨਸ਼ਿਆਂ ਖ਼ਿਲਾਫ਼ ਜੰਗ ਲਈ ਹਜ਼ਾਰਾਂ ਨੌਜਵਾਨਾਂ ਨੂੰ ਦਿਵਾਇਆ ਹਲ਼ਫ

## ਨਸ਼ਾ ਪੀੜਤਾਂ ਦੀਆਂ ਚਿਤਾਵਾਂ ਉਤੇ ਤਸਕਰਾਂ ਨੂੰ ਮੁਨਾਫ਼ਾ ਬਣਾਉਣ ਦੀ ਇਜਾਜ਼ਤ ਨਹੀਂ ਦੇਵਾਂਗੇ: ਭਗਵੰਤ ਸਿੰਘ ਮਾਨ ਦਾ ਅਹਿਦ

**ਲੁਧਿਆਣਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਸ਼ਿਆਂ ਦੀ ਅਲਾਮਤ ਉਤੇ ਆਖ਼ਰੀ ਹੱਲਾ ਬੋਲਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਬੁੱਧਵਾਰ ਨੂੰ ਹਜ਼ਾਰਾਂ ਨੌਜਵਾਨਾਂ ਨੂੰ ਹਲਫ਼ ਦਿਵਾਉਣ ਮਗਰੋਂ ਇਸ ਖ਼ਤਰੇ ਖ਼ਿਲਾਫ਼ ਜਨ-ਜਾਗਰੂਕਤਾ ਮੁਹਿੰਮ ਨੂੰ ਹਰੀ ਝੰਡੀ ਦਿਖਾਈ।




ਨਸ਼ਿਆਂ ਦੀ ਅਲਾਮਤ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਮਾਰਚ ਪਾਸਟ ਲਈ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਨਸ਼ਿਆਂ ਵਿਰੁੱਧ ਫੈਸਲਾਕੁਨ ਜੰਗ ਹੈ ਅਤੇ ਅਸੀਂ ਸਾਰੇ ਸੂਬੇ ਵਿੱਚੋਂ ਇਸ ਸਰਾਪ ਦੇ ਖ਼ਾਤਮੇ ਦਾ ਅਹਿਦ ਲੈਂਦੇ ਹਾਂ।

ਮੁੱਖ ਮੰਤਰੀ ਨੇ ਕਿਹਾ ਕਿ ਬਹੁਤ ਹੋ ਗਿਆ ਅਤੇ ਹੁਣ ਸੂਬਾ ਸਰਕਾਰ ਚੁੱਪ ਕਰ ਕੇ ਨਹੀਂ ਬੈਠੇਗੀ ਅਤੇ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਤੇ ਚਿਤਾਵਾਂ ਉਤੇ ਤਸਕਰਾਂ ਨੂੰ ਵਧਦਾ-ਫੁੱਲਦਾ ਨਹੀਂ ਦੇਖੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਹੈ ਅਤੇ ਇਸ ਘਿਨਾਉਣੇ ਜੁਰਮ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਧੱਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵੱਲੋਂ ਗੈਰ-ਕਾਨੂੰਨੀ ਤਰੀਕਿਆਂ ਨਾਲ ਬਣਾਈ ਜਾਇਦਾਦ ਨੂੰ ਸੂਬਾ ਸਰਕਾਰ ਨੇ ਪਹਿਲੀ ਦਫ਼ਾ ਢਾਹਿਆ ਜਾਂ ਜ਼ਬਤ ਕੀਤਾ ਹੈ ਤਾਂ ਕਿ ਇਹ ਹੋਰਾਂ ਨੂੰ ਇਸ ਕੰਮ ਵਿੱਚ ਆਉਣ ਤੋਂ ਰੋਕੇ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਮਾੜੀ ਕਾਰਗੁਜ਼ਾਰੀ ਕਾਰਨ ਸੂਬੇ ਵਿੱਚ ਨਸ਼ਿਆਂ ਦੀ ਸਮੱਸਿਆ ਬਹੁਤ ਗੰਭੀਰ ਹੋ ਗਈ ਹੈ ਅਤੇ ਇਹ ਹੁਣ ਸਾਡੀਆਂ ਨਸਾਂ ਵਿੱਚ ਵੜ ਚੁੱਕੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੋਂ ਸੇਧ ਮਿਲੀ ਹੈ, ਜਿਨ੍ਹਾਂ ਦਿੱਲੀ ਵਿੱਚੋਂ ਕਈ ਬੁਰਾਈਆਂ ਦੇ ਖ਼ਾਤਮੇ ਦੇ ਨਾਲ-ਨਾਲ ਕਈ ਖ਼ੇਤਰਾਂ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆਂਦੀਆਂ ਹਨ। ਉਨ੍ਹਾਂ ਕਿਹਾ ਕਿ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਦੀ ਲਗਾਤਾਰ ਅਗਵਾਈ ਹੇਠ ਪੰਜਾਬ ਜਲਦੀ ਹੀ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਨੂੰ ਲੋਕ ਲਹਿਰ ਵਿੱਚ ਬਦਲਿਆ ਜਾਵੇਗਾ ਕਿਉਂਕਿ ਇਹ ਸਿਰਫ਼ ਪੁਲਿਸ ਦੀ ਲੜਾਈ ਨਹੀਂ, ਸਗੋਂ ਸਮੁੱਚੇ ਸਮਾਜ ਦੀ ਲੜਾਈ ਹੈ। ਉਨ੍ਹਾਂ ਕਿਹਾ ਕਿ ਇਹ ਖ਼ੁਸ਼ੀ ਦੀ ਗੱਲ ਹੈ ਕਿ ਹੁਣ ਲੋਕ ਇਸ ਮੁਹਿੰਮ ਲਈ ਅੱਗੇ ਆ ਰਹੇ ਹਨ ਅਤੇ ਕਈ ਪਿੰਡਾਂ ਦੀਆਂ ਪੰਚਾਇਤਾਂ ਨਸ਼ਿਆਂ ਵਿਰੁੱਧ ਮਤੇ ਪਾਸ ਕਰ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਸ ਜੰਗ ਵਿੱਚ ਲੋਕਾਂ ਦਾ ਸਹਿਯੋਗ ਲੈਣ ਲਈ ਵਟਸਐਪ ਹੈਲਪਲਾਈਨ ਨੰਬਰ 97791-00200 ਜਾਰੀ ਕੀਤਾ ਹੈ।

ਮੁੱਖ ਮੰਤਰੀ ਨੇ ਲੋਕਾਂ ਨੂੰ ਆਪਣੇ ਇਲਾਕੇ ਵਿੱਚ ਨਾਜਾਇਜ਼ ਗਤੀਵਿਧੀਆਂ ਚਲਾ ਰਹੇ ਨਸ਼ਾ ਤਸਕਰਾਂ ਬਾਰੇ ਕੋਈ ਵੀ ਜਾਣਕਾਰੀ ਇਸ ਵਟਸਐਪ ਨੰਬਰ ਉਤੇ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਫੋਨ ਕਰਨ ਵਾਲੇ ਵਿਅਕਤੀ ਦੀ ਪਛਾਣ ਗੁਪਤ ਰੱਖੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਜੰਗ ਵਿੱਚ ਲੋਕਾਂ ਦਾ ਪੂਰਾ ਸਮਰਥਨ ਅਤੇ ਸਹਿਯੋਗ ਬਹੁਤ ਜ਼ਰੂਰੀ ਹੈ, ਜਿਸ ਕਾਰਨ ਲੋਕਾਂ ਨੂੰ ਇਸ ਕਦਮ ਦਾ ਵੱਡੇ ਪੱਧਰ 'ਤੇ ਸਮਰਥਨ ਕਰਨਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਅਣਗਿਣਤ ਕੁਰਬਾਨੀਆਂ ਦੇ ਕੇ ਦੇਸ਼ ਦੀ ਸੇਵਾ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਵਿਵਸਥਾ ਬਣਾਈ ਰੱਖਣ ਦੇ ਆਪਣੇ ਮੁੱਖ ਫ਼ਰਜ਼ ਨੂੰ ਨਿਭਾਉਣ ਤੋਂ ਇਲਾਵਾ ਪੰਜਾਬ ਪੁਲਿਸ ਨੇ ਹਮੇਸ਼ਾ ਦੇਸ਼ ਅਤੇ ਲੋਕਾਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਪੰਜਾਬ ਪੁਲਿਸ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਵਿੱਚ ਮੋਹਰੀ ਭੂਮਿਕਾ ਨਿਭਾ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਆਮ ਆਦਮੀ ਨਸ਼ਿਆਂ ਵਿਰੁੱਧ ਜੰਗ ਵਿੱਚ ਸਰਗਰਮ ਭੂਮਿਕਾ ਨਿਭਾਏ। ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ, ਜਦੋਂ ਹਰ ਕੋਈ ਨਸ਼ਿਆਂ ਦੀ ਬੁਰਾਈ ਵਿਰੁੱਧ ਅੱਗੇ ਆਏ ਅਤੇ ਪੈਸਾ ਕਮਾਉਣ ਲਈ ਸੂਬੇ ਦੀਆਂ ਪੀੜ੍ਹੀਆਂ ਨੂੰ ਬਰਬਾਦ ਕਰ ਰਹੇ ਮੁੱਠੀ ਭਰ ਤਸਕਰਾਂ ਦਾ ਨਾਮੋ-ਨਿਸ਼ਾਨ ਮਿਟਾ ਦੇਵੇ। ਭਗਵੰਤ ਸਿੰਘ ਮਾਨ ਨੇ ਹਰੇਕ ਪੰਜਾਬ ਵਾਸੀ ਨੂੰ ਨਸ਼ਿਆਂ ਵਿਰੁੱਧ ਜੰਗ ਵਿੱਚ ਸਿਪਾਹੀ ਬਣਨ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਇਆ ਜਾ ਸਕੇ।

# ਪੰਜਾਬ ਪੁਲਿਸ ਵੱਲੋਂ ਪੁਲਿਸ ਕਲੀਅਰੈਂਸ ਸਰਟੀਫਿਕੇਟਾਂ ਲਈ ਕਿਊਆਰ ਕੋਡ ਪ੍ਰਮਾਣਿਕਤਾ ਦੀ ਸ਼ੁਰੂਆਤ

## ਕਿਊਆਰ ਕੋਡ ਪ੍ਰਣਾਲੀ ਦਸਤਾਵੇਜ਼ ਦੀ ਅਖੰਡਤਾ ਨੂੰ ਸੁਰੱਖਿਅਤ ਰੱਖਣ, ਜਨਤਕ ਵਿਸ਼ਵਾਸ ਨੂੰ ਮਜ਼ਬੂਤ ਕਰਨ ਅਤੇ ਸੇਵਾਵਾਂ ਵਿੱਚ ਕੁਸ਼ਲਤਾ ਨੂੰ ਹੋਰ ਬਿਹਤਰ ਬਣਾਉਣ ਲਈ ਤਿਆਰ ਕੀਤੀ ਗਈ ਹੈ: ਵਿਸ਼ੇਸ਼ ਡੀਜੀਪੀ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦਸਤਾਵੇਜ਼ਾਂ ਸਬੰਧੀ ਧੋਖਾਧੜੀ ਨੂੰ ਰੋਕਣ ਅਤੇ ਸੁਰੱਖਿਆ ਵਿੱਚ ਵਾਧਾ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ, ਪੰਜਾਬ ਪੁਲਿਸ ਨੇ ਪੁਲਿਸ ਕਲੀਅਰੈਂਸ ਸਰਟੀਫਿਕੇਟ (ਪੀਸੀਸੀ) ਲਈ ਕਿਊਆਰ ਕੋਡ ਅਧਾਰਤ ਪ੍ਰਮਾਣੀਕਰਨ ਪ੍ਰਣਾਲੀ ਸ਼ੁਰੂ ਕੀਤੀ ਹੈ। ਇਸ ਪਹਿਲਕਦਮੀ ਦਾ ਉਦੇਸ਼ ਪੀਸੀਸੀ ਜੋ ਅਕਸਰ ਰੁਜ਼ਗਾਰ, ਵੀਜ਼ਾ ਅਤੇ ਹੋਰ ਅਧਿਕਾਰਤ ਉਦੇਸ਼ਾਂ ਲਈ ਲੋੜੀਂਦਾ ਹੁੰਦਾ ਹੈ, ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇੱਕ ਸੁਰੱਖਿਅਤ ਅਤੇ ਭਰੋਸੇਮੰਦ ਤਰੀਕਾ ਪ੍ਰਦਾਨ ਕਰਨਾ ਹੈ।




ਇਸ ਸਬੰਧੀ ਜਾਣਕਾਰੀ ਦਿੰਦਿਆਂ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਨੇ ਦੱਸਿਆ ਕਿ ਇਸ ਨਵੀਂ ਪ੍ਰਣਾਲੀ ਤਹਿਤ ਜਾਰੀ ਕੀਤੇ ਗਏ ਹਰੇਕ ਪੀਸੀਸੀ 'ਤੇ ਇੱਕ ਵਿਲੱਖਣ ਕਿਊਆਰ ਕੋਡ ਹੋਵੇਗਾ। ਉਨ੍ਹਾਂ ਦੱਸਿਆ ਕਿ ਸਕੈਨ ਕਰਨ 'ਤੇ ਇਹ ਕਿਊਆਰ ਕੋਡ ਉਪਭੋਗਤਾਵਾਂ ਨੂੰ ਪੰਜਾਬ ਪੁਲਿਸ ਦੇ ਅਧਿਕਾਰਤ ਸਰਵਰਾਂ (https://certificate.ppsaanjh.in) 'ਤੇ ਉਪਲੱਬਧ ਸਰਟੀਫਿਕੇਟ ਦੀ ਸੁਰੱਖਿਅਤ ਆਨਲਾਈਨ ਕਾਪੀ ਤੱਕ ਪਹੁੰਚ ਕਰਵਾਏਗਾ ਜਿਸ ਨਾਲ ਤੁਰੰਤ ਅਤੇ ਸਹੀ ਪ੍ਰਮਾਣਿਕਤਾ ਨੂੰ ਯਕੀਨੀ ਬਣਾਇਆ ਜਾ ਸਕੇਗਾ।

ਪੁਲਿਸ ਵੱਲੋਂ ਉਪਭੋਗਤਾਵਾਂ ਨੂੰ ਇਹ ਵੀ ਸਲਾਹ ਦਿੱਤੀ ਹੈ ਕਿ ਉਹ ਕਿਊਆਰ ਕੋਡ ਨੂੰ ਸਕੈਨ ਕਰਨ ਉਪਰੰਤ ਇਹ ਪੁਸ਼ਟੀ ਜ਼ਰੂਰ ਕਰਨ ਕਿ ਪੀਸੀਸੀ ਨੂੰ ਡਾਊਨਲੋਡ ਕਰਨ ਲਈ ਅਧਿਕਾਰਤ ਵੈੱਬਸਾਈਟ (https://certificate.ppsaanjh.in) ਹੀ ਕਨੈਕਟ ਹੋਈ ਹੈ।

# ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਨੇ ਯੂ.ਟੀ. ਦੇ ਮੁੱਖ ਸਕੱਤਰ ਨੂੰ ਆਪਣੀ ਚਿੱਤਰ ਕਲਾ ਕੀਤੀ ਪੇਸ਼




**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਸੂਚਨਾ ਕਮਿਸ਼ਨਰ ਸ੍ਰੀ ਹਰਪ੍ਰੀਤ ਸੰਧੂ ਨੇ ਅੱਜ ਯੂ.ਟੀ. ਸਕੱਤਰੇਤ ਵਿਖੇ ਮੁੱਖ ਸਕੱਤਰ ਯੂ.ਟੀ. ਚੰਡੀਗੜ੍ਹ ਸ੍ਰੀ ਰਾਜੀਵ ਵਰਮਾ ਨੂੰ ਆਪਣੀ ਕਲਾਕ੍ਰਿਤੀ ਪੇਸ਼ ਕੀਤੀ।

ਸ. ਹਰਪ੍ਰੀਤ ਸੰਧੂ ਵੱਲੋਂ ਤਿਆਰ ਕੀਤੀ ਇਸ ਚਿੱਤਰ ਕਲਾ ਮੋਰ ਦੀ ਸ਼ਾਨ - ਭਾਰਤ ਦੀ ਸ਼ਾਨ ਨੇ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਕੁਦਰਤੀ ਸ਼ਾਨ ਨੂੰ ਵਿਲੱਖਣ ਢੰਗ ਨਾਲ ਪੇਸ਼ ਕੀਤਾ ਹੈ। ਇਹ ਕਲਾਕ੍ਰਿਤੀ ਭਾਰਤ ਦੇ ਰਾਸ਼ਟਰੀ ਪੰਛੀ ਦੀ ਮਹੱਤਤਾ @ਤੇ ਜ਼ੋਰ ਦੇਣ ਅਤੇ ਮਨੁੱਖ ਤੇ ਕੁਦਰਤ ਦਰਮਿਆਨ ਅੰਦਰੂਨੀ ਬੰਧਨ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਰਚਨਾਤਮਕ ਯਤਨ ਵਜੋਂ ਕੰਮ ਕਰਦੀ ਹੈ। ਇਸ ਦਾ ਉਦੇਸ਼ ਰਾਸ਼ਟਰ ਦੇ ਵੱਖ-ਵੱਖ ਰਾਜਾਂ-ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦਰਮਿਆਨ ਸੱਭਿਆਚਾਰਕ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨਾ ਹੈ, ਜੋ ਕਿ ਭਾਰਤ ਦੀ ਵਿਭਿੰਨ ਕਲਾਵਾਂ ਨੂੰ ਜੋੜਨ ਵਾਲੀ ਕੁਦਰਤੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਸਮੂਹਿਕ ਜ਼ਿੰਮੇਵਾਰੀ ਨੂੰ ਦਰਸਾਉਂਦਾ ਹੈ।

ਇਸ ਮੌਕੇ ਸ੍ਰੀ ਰਾਜੀਵ ਵਰਮਾ ਨੇ ਹਰਪ੍ਰੀਤ ਸੰਧੂ ਦੇ ਕਲਾਤਮਕ ਯੋਗਦਾਨ ਨੂੰ ਮਾਨਤਾ ਦਿੱਤੀ ਅਤੇ ਇਸ ਕੰਮ ਨੂੰ ਭਾਰਤ ਦੇ ਵਾਤਾਵਰਣ ਅਤੇ ਸੱਭਿਆਚਾਰਕ ਵਿਰਾਸਤ ਦੀ ਚਿੱਤਰਰੇਖੀ ਪ੍ਰਤੀਨਿਧਤਾ ਦੱਸਿਆ। ਉਨ੍ਹਾਂ ਨੇ ਵਾਤਾਵਰਣ ਪ੍ਰਤੀ ਚੇਤਨਾ ਅਤੇ ਰਾਸ਼ਟਰੀ ਧਰੋਹਰਾਂ ਦੀ ਕਦਰ ਕਰਨ ਦੀ ਭਾਵਨਾ ਪੈਦਾ ਕਰਨ ਲਈ ਅਜਿਹੀਆਂ ਪਹਿਲਕਦਮੀਆਂ ਦੀ ਸਾਰਥਕਤਾ @ਤੇ ਜ਼ੋਰ ਦਿੱਤਾ।

ਇਸ ਮੌਕੇ ਪੰਜਾਬ ਦੇ ਰਾਜ ਸੂਚਨਾ ਕਮਿਸ਼ਨਰ ਸ੍ਰੀ ਸੰਦੀਪ ਐਸ ਧਾਲੀਵਾਲ ਅਤੇ ਸ੍ਰੀਮਤੀ ਪੂਜਾ ਗੁਪਤਾ ਵੀ ਹਾਜ਼ਰ ਸਨ।

# ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਭਾਸ਼ਣ

**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਵਿੱਚ ਐੱਨਐੱਸਐੱਸ ਵਿਭਾਗ ਵੱਲੋਂ ਸੱਤ ਰੋਜ਼ਾ ਕੈਂਪ ਦੌਰਾਨ ਨਸ਼ੀਲੇ ਪਦਾਰਥਾਂ ਦੀ ਵਰਤੋਂ ਖ਼ਿਲਾਫ਼ ਜਾਗਰੂਕਤਾ ਭਾਸ਼ਣ ਕਰਵਾਇਆ ਗਿਆ। ਇਸ ਦੌਰਾਨ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਦੇ ਅਧਿਆਪਕ ਪ੍ਰੋ. ਮਮਤਾ ਸ਼ਰਮਾ ਨੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਕੁਝ ਡਰੱਗਜ਼ ਦਾ ਡਾਕਟਰੀ ਮਹੱਤਵ ਹੈ ਪਰ ਉਨ੍ਹਾਂ ਦੀ ਦੁਰਵਰਤੋਂ ਗੰਭੀਰ ਨਤੀਜੇ ਸਾਹਮਣੇ ਲਿਆਉਂਦੀ ਹੈ। ਉਨ੍ਹਾਂ ਨਸ਼ਾ ਪ੍ਰਭਾਵਿਤ ਵਿਅਕਤੀਆਂ ਦੀ ਮਦਦ ਬਾਰੇ ਵੀ ਅਪੀਲ ਕੀਤੀ। ਇਸ ਮੌਕੇ ਵਾਲੰਟੀਅਰਾਂ ਨੂੰ ਨਸ਼ਿਆਂ ਦੀ ਵਰਤੋਂ ਵਿਰੁੱਧ ਸਹੁੰ ਚੁਕਾਈ ਗਈ ਅਤੇ ਜਾਗਰੂਕਤਾ ਫੈਲਾਉਣ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ।

# ਬੀਐੱਸ ਸੰਧੂ ਸਕੂਲ ਦਾ ਵਿਦਿਅਕ ਸੈਸ਼ਨ ਸ਼ੁਰੂ




**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਬੀਐੱਸ ਸੰਧੂ ਮੈਮੋਰੀਅਲ ਪਬਲਿਕ ਸਕੂਲ ਜੁਲਾਹਖੇੜੀ ਵਿੱਚ ਨਵੇਂ ਵਿਦਿਅਕ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਕੂਲ ਵਿੱਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਜਿਸ ਵਿੱਚ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਗੁਰਬਾਣੀ ਦਾ ਕੀਰਤਨ ਤੇ ਉਪਰੰਤ ਚੜ੍ਹਦੀਕਲਾ ਲਈ ਅਰਦਾਸ ਕੀਤੀ ਗਈ। ਸਕੂਲ ਚੇਅਰਮੈਨ ਹਰਦੀਪ ਸਿੰਘ ਸੰਧੂ, ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਅਤੇ ਵਾਈਸ ਪ੍ਰਿੰਸੀਪਲ ਨੀਲਮਾ ਦੀਕਸ਼ਿਤ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਮਿਹਨਤ ਨਾਲ ਪੜ੍ਹਨ ਲਈ ਪ੍ਰੇਰਿਆ।

# ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਵੱਲੋਂ ਫਾਜ਼ਿਲਕਾ ਦਾ ਦੌਰਾ

## ਗਊ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ ਅਤੇ ਮੈਂਬਰ ਅਰੁਣ ਵਧਵਾ ਨੇ ਸਰਕਾਰੀ ਕੈਟਲ ਪੌਂਡ ਦਾ ਲਿਆ ਜਾਇਜ਼ਾ



**ਚੰਡੀਗੜ੍ਹ/ਫਾਜਿਲਕਾ, 3 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ ਅਤੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਮੈਂਬਰ ਸ਼੍ਰੀ ਅਰੁਣ ਵਧਵਾ ਨੇ ਫਾਜ਼ਿਲਕਾ ਦਾ ਦੌਰਾ ਕਰਕੇ ਇੱਥੋਂ ਦੇ ਸਰਕਾਰੀ ਕੈਟਲ ਪੌਂਡ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਬੈਠਕ ਵੀ ਕੀਤੀ। ਇੱਥੇ ਪਹੁੰਚਣ ਤੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਸੁਭਾਸ਼ ਚੰਦਰ, ਐਸਡੀਐਮ ਸ੍ਰੀ ਕੰਵਰਜੀਤ ਸਿੰਘ ਮਾਨ ਅਤੇ ਡੀਡੀਪੀਓ ਨੀਰੂ ਗਰਗ ਨੇ ਉਨਾਂ ਨੂੰ ਜੀਆਇਆਂ ਨੂੰ ਆਖਿਆ।

ਇਸ ਦੌਰਾਨ ਸ੍ਰੀ ਅਸ਼ੋਕ ਕੁਮਾਰ ਸਿੰਗਲਾ, ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਨੇ ਗਊਸ਼ਾਲਾ ਵਿਖੇ ਸਵਾ ਮਣੀ ਵੀ ਕਰਵਾਈ ਅਤੇ ਉੱਥੇ ਕੀਤੇ ਗਏ ਵੱਖ ਵੱਖ ਕੰਮਾਂ ਦਾ ਜਾਇਜ਼ਾ ਲਿਆ। ਉਹਨਾਂ ਨੇ ਇਸ ਮੌਕੇ ਪਸ਼ੂ ਪਾਲਣ ਵਿਭਾਗ ਨੂੰ ਹਦਾਇਤ ਕੀਤੀ ਕਿ ਇੱਥੇ ਰੱਖੀਆਂ ਜਾ ਰਹੀਆਂ ਗਾਵਾਂ ਅਤੇ ਨੰਦੀਆਂ ਦੀ ਸਹੀ ਤਰੀਕੇ ਨਾਲ ਮੈਡੀਕਲ ਦੇਖਭਾਲ ਕੀਤੀ ਜਾਵੇ ਅਤੇ ਸਮੇਂ-ਸਮੇਂ ਸਿਰ ਇਹਨਾਂ ਨੂੰ ਲੋੜ ਅਨੁਸਾਰ ਦਵਾਈ ਦਿੱਤੀ ਜਾਵੇ। ਉਨਾਂ ਨੇ ਕਿਹਾ ਕਿ ਆਗਾਮੀ ਸਾਲ ਲਈ ਵੱਧ ਤੋਂ ਵੱਧ ਮਾਤਰਾ ਵਿੱਚ ਤੂੜੀ ਪੰਚਾਇਤਾਂ ਦੇ ਮਾਰਫਤ ਦਾਨ ਵਿੱਚ ਇਕੱਠੀ ਕੀਤੀ ਜਾਵੇ ਤਾਂ ਜੋ ਆਉਣ ਵਾਲੇ ਸਾਲ ਦੌਰਾਨ ਗਊ ਧਨ ਲਈ ਚਾਰੇ ਦੀ ਕੋਈ ਕਮੀ ਨਾ ਰਹੇ। ਇਸ ਦੌਰਾਨ ਉਨਾਂ ਦੱਸਿਆ ਕਿ ਇੱਥੇ 16 ਨਵੇਂ ਸ਼ੈਡ ਬਣਾਏ ਜਾਣ ਦਾ ਪ੍ਰਸਤਾਵ ਹੈ ਜਿਸ ਵਿੱਚੋਂ ਚਾਰ ਸ਼ੈਡ ਬਣ ਚੁੱਕੇ ਹਨ ਅਤੇ ਬਾਕੀ ਸ਼ੈਡ ਵੀ ਜਲਦੀ ਹੀ ਬਣਾਏ ਜਾਣਗੇ। ਉਨਾਂ ਨੇ ਇੱਥੇ ਵਿਸ਼ੇਸ਼ ਤੌਰ ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਕਿਹਾ ਕਿ ਉਹਨਾਂ ਵੱਲੋਂ ਬਹੁਤ ਹੀ ਸਲਾਘਾਯੋਗ ਕਾਰਜ ਕੀਤਾ ਜਾ ਰਿਹਾ ਹੈ।

ਬਾਅਦ ਵਿੱਚ ਉਹਨਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਨੂੰ ਹਦਾਇਤ ਕੀਤੀ ਕਿ ਬਣਦਾ ਕਾਓ ਸੈਸ ਇਕੱਤਰ ਕਰਕੇ ਕੈਟਲ ਪੌਂਡ ਨੂੰ ਜਮਾ ਕਰਵਾਇਆ ਜਾਵੇ ਤਾਂ ਜੋ ਗਊ ਧਨ ਦੀ ਵਧੀਆ ਤਰੀਕੇ ਨਾਲ ਸੰਭਾਲ ਕੀਤੀ ਜਾ ਸਕੇ। ਇਸ ਮੌਕੇ ਉਨਾਂ ਨੇ ਕਿਹਾ ਕਿ ਜੰਗਲਾਤ ਵਿਭਾਗ ਦੇ ਮਾਰਫਤ ਗਊਸ਼ਾਲਾ ਵਿੱਚ ਵੱਧ ਤੋਂ ਵੱਧ ਪੌਦੇ ਲਗਾਏ ਜਾਣ।

ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਸੁਭਾਸ਼ ਚੰਦਰ, ਐਸ ਡੀ ਐਮ ਸ੍ਰੀ ਕੰਵਰਜੀਤ ਸਿੰਘ ਮਾਨ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਨੀਰੂ ਗਰਗ, ਤਹਿਸੀਲਦਾਰ ਬਲਜਿੰਦਰ ਸਿੰਘ, ਸਹਾਇਕ ਡਾਇਰੈਕਟਰ ਪਸ਼ੂ ਪਾਲਣ ਡਾ ਗੁਰਚਰਨ ਸਿੰਘ, ਨਗਰ ਕੌਂਸਲ ਤੋਂ ਜਗਦੀਪ ਸਹਿਗਲ ਕੈਟਲ ਪੌਂਡ ਦੇ ਕੇਅਰ ਟੇਕਰ ਸੋਨੂ ਵਰਮਾ ਤੋਂ ਇਲਾਵਾ ਸਮਾਜ ਸੇਵੀ ਦਿਨੇਸ਼ ਮੋਦੀ, ਨਰੇਸ਼ ਚਾਵਲਾ, ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# 43 ਲੱਖ ਰੁਪਏ ਦੀ ਲਾਗਤ ਨਾਲ ਹੋਵੇਗੀ ਜਲੰਧਰ ਬਾਈਪਾਸ ਤੋਂ ਫਗਵਾੜਾ ਚੌਂਕ ਤੱਕ ਸੜਕ ਦੀ ਰਿਪੇਅਰ: ਬ੍ਰਮ ਸ਼ੰਕਰ ਜਿੰਪਾ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਜਲੰਧਰ ਬਾਈਪਾਸ ਤੋਂ ਫਗਵਾੜਾ ਚੌਂਕ ਤੱਕ ਸੜਕ ਦੀ ਮਾੜੀ ਹਾਲਤ ਦੇ ਮੱਦੇਨਜ਼ਰ ਬੀਤੇ ਦਿਨੀ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਵਲੋਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਸਮੇਤ ਕੀਤੇ ਦੌਰੇ ਉਪਰੰਤ ਸੜਕ ਦੀ ਰਿਪੇਅਰ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕਾਂ ਲਈ ਸੁਖਾਲੀ ਆਵਾਜਾਈ ਦੇ ਮੱਦੇਨਜ਼ਰ ਪੰਜਾਬ ਸਰਕਾਰ ਵਲੋਂ 43 ਲੱਖ ਰੁਪਏ ਦੀ ਲਾਗਤ ਨਾਲ ਸੜਕ ਦੀ ਮੁਕੰਮਲ ਰਿਪੇਅਰ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਕਾਰਜ ਕੁਝ ਹੀ ਦਿਨਾਂ ਵਿਚ ਨੇਪਰੇ ਚੜ੍ਹਨ ਉਪਰੰਤ ਲੋਕਾਂ ਲਈ ਇਸ ਰੂਟ 'ਤੇ ਆਉਣਾ-ਜਾਣਾ ਹੋਰ ਸੌਖਾ ਹੋ ਜਾਵੇਗਾ।



ਨੇੜਲੇ ਪਿੰਡ ਸ਼ੇਰਗੜ੍ਹ ਵਿਖੇ ਪੁਲ ਦੀ ਮਾੜੀ ਹਾਲਤ ਬਾਰੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ 2.34 ਕਰੋੜ ਰੁਪਏ ਦੀ ਲਾਗਤ ਨਾਲ ਇਹ ਕੰਮ ਮੁਕੰਮਲ ਹੋਵੇਗਾ ਜਿਸ ਦੀ ਟੈਂਡਰ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਵਾਸੀਆਂ ਦੀ ਚਿਰੋਕਲੀ ਮੰਗ ਸੀ ਕਿ ਇਸ ਪੁਲ ਨੂੰ ਬਣਵਾਇਆ ਜਾਵੇ ਜੋ ਕਿ ਆਉਂਦੇ ਕੁਝ ਹਫ਼ਤਿਆਂ ਵਿਚ ਪੂਰੀ ਹੋ ਜਾਵੇਗੀ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸੂਬੇ ਭਰ ਸ਼ਹਿਰੀ ਖੇਤਰ ਵਿਚ ਨਾਗਰਿਕਾਂ ਨੂੰ ਅਤਿ-ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਵੱਡੀਆਂ-ਵੱਡੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 166 ਕਸਬਿਆਂ ਵਿਚ ਸਾਫ਼-ਸਫਾਈ, ਪਾਣੀ ਦੀ ਸਪਲਾਈ, ਸੀਵਰੇਜ, ਸੜਕਾਂ ਅਤੇ ਸਟਰੀਟ ਲਾਈਟਾਂ ਇਕਸਾਰ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਵਲੋਂ ਬਜਟ ਵਿਚ ਮਿਊਂਸਪਲ ਡਿਵੈਲਪਮੈਂਟ ਫੰਡ ਤਹਿਤ 225 ਕਰੋੜ ਰੁਪਏ ਅਲਾਟ ਕੀਤੇ ਗਏ ਹਨ ਜਿਸ ਨਾਲ ਸ਼ਹਿਰੀ ਬੁਨਿਆਦੀ ਢਾਂਚੇ ਵੱਡਾ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਹਰ ਖੇਤਰ ਵਿਚ ਲੋੜੀਂਦਾ ਵਿਕਾਸ ਕਰਵਾਉਣ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।

# ਅਲੀ ਰਾਜਪੁਰਾ ਸਾਹਿਤ ਅਕਾਦਮੀ ਦੇ ਐਸੋਸੀਏਟ ਮੈਂਬਰ ਬਣੇ

**ਰਾਜਪੁਰਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਾਹਿਤ ਅਕਾਦਮੀ ਸਰਪ੍ਰਸਤ ਅਦਾਰਾ ਪੰਜਾਬ ਕਲਾ ਪਰਿਸ਼ਦ ਵੱਲੋਂ ਸਟੇਟ ਐਵਾਰਡੀ, ਸਾਹਿਤਕਾਰ ਅਤੇ ਲੇਖਕ ਅਲੀ ਰਾਜਪੁਰਾ ਨੂੰ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਦੇ ਐਸੋਸੀਏਟ ਮੈਂਬਰ ਵਜੋਂ ਨਾਮਜ਼ਦ ਕੀਤਾ ਗਿਆ ਹੈ। ਅਕਾਦਮੀ ਦੇ ਪ੍ਰਧਾਨ ਡਾ. ਆਤਮ ਸਿੰਘ ਰੰਧਾਵਾ ਨੇ ਅਲੀ ਰਾਜਪੁਰਾ ਨੂੰ ਨਿਯੁਕਤੀ ਪੱਤਰ ਭੇਜਿਆ ਹੈ। ਸਾਹਿਤ ਕਲਾ ਮੰਚ ਰਾਜਪੁਰਾ ਵੱਲੋਂ ਡਾ. ਹਰਜਿੰਦਰ ਕੌਰ ਸੱਧਰ, ਲੇਖਕ ਕੁਲਦੀਪ ਸਾਹਿਲ, ਪੰਖੜੀਆਂ ਦੇ ਸੰਪਾਦਕ ਦਰਸ਼ਨ ਬਨੂੜ, ਬਾਲ ਲੇਖਕ ਕੁਲਵੰਤ ਜੱਸਲ, ਲੇਖਕ ਮੁਨੀਸ਼ ਤੂਰ, ਲੇਖਕ ਗੁਰਮੋਹਨ ਸਿੰਘ, ਲੇਖਕ ਬਲਦੀਪ ਕਲੌੜ, ਸ਼ਾਮ ਸੁੰਦਰ ਗਾਂਧੀ, ਅੰਗਰੇਜ਼ ਕਲੇਰ ਅਤੇ ਲੇਖਕ ਵਿੱਕੀ ਕੋਸ਼ਿਸ਼ ਨੇ ਲੇਖਕ ਅਲੀ ਰਾਜਪੁਰਾ ਨੂੰ ਵਧਾਈ ਦੇਣ ਦੇ ਨਾਲ ਨਾਲ ਪੰਜਾਬ ਸਾਹਿਤ ਅਕਾਦਮੀ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਰੋਜ਼ਗਾਰ ਮੇਲਾ ਅੱਜ : ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ

**ਫਤਹਿਗੜ੍ਹ ਸਾਹਿਬ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਕੋਰਡੀਆ ਗਰੁੱਪ ਆਫ ਇੰਸਟੀਚਿਊਟ, ਉੱਚਾ ਪਿੰਡ ਸੰਘੋਲ ਵਿਖੇ ਅੱਜ ਸਵੇਰੇ 09:30 ਵਜੇ ਤੋਂ ਰੋਜ਼ਗਾਰ ਮੇਲਾ ਲਾਇਆ ਜਾ ਰਿਹਾ ਹੈ, ਜਿਸ ਦਾ ਜ਼ਿਲ੍ਹੇ ਦੇ ਨੌਜਵਾਨ ਵੱਧ ਤੋਂ ਵੱਧ ਲਾਭ ਲੈਣ। ਇਹ ਜਾਣਕਾਰੀ ਸਾਂਝੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਜ਼ਿਲ੍ਹੇ ਦੀਆਂ ਲੋਕਲ ਪ੍ਰਾਈਵੇਟ ਕੰਪਨੀਆਂ ਵੱਲੋਂ ਰੋਜ਼ਗਾਰ ਮੁਹਈਆ ਕਰਵਾਇਆ ਜਾਣਾ ਹੈ ਅਤੇ ਸਵੈ ਰੋਜ਼ਗਾਰ ਮੁਹਈਆ ਕਰਵਾਉਣ ਵਾਲੇ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗ ਜਿਵੇਂ ਕਿ ਡੇਅਰੀ ਵਿਕਾਸ, ਮੱਛੀ ਪਾਲਣ, ਐੱਸ.ਸੀ.ਕਾਰਪੋਰੇਸ਼ਨ, ਬੀ.ਸੀ. ਕਾਰਪੋਰੇਸ਼ਨ, ਜ਼ਿਲ੍ਹਾ ਉਦਯੋਗ ਕੇਂਦਰ ਸ਼ਾਮਲ ਹੋਣਗੇ।

ਮੇਲੇ ਵਿੱਚ ਹਿੱਸਾ ਲੈਣ ਲਈ ਯੋਗਤਾ 8ਵੀਂ, 10ਵੀਂ 12ਵੀਂ, ਗ੍ਰੈਜੂਏਸ਼ਨ ਅਤੇ ਪੋਸਟ ਗ੍ਰੈਜੂਏਸ਼ਨ ਹਨ। ਬੇਰੁਜ਼ਗਾਰ ਲੜਕੇ-ਲੜਕੀਆਂ ਇਸ ਮੇਲੇ ਵਿੱਚ ਭਾਗ ਲੈ ਸਕਦੇ ਹਨ। ਭਾਗ ਲੈਣ ਲਈ ਪ੍ਰਾਰਥੀ ਆਪਣੇ ਯੋਗਤਾ ਦੇ ਦਸਤਾਵੇਜ਼ ਅਤੇ ਰੈਜ਼ਮੇਅ/ਰਜ਼ਿਊਮ ਨਾਲ ਲੈਕੇ ਆਉਣ।

ਇਸ ਰੋਜ਼ਗਾਰ ਮੇਲੇ ਵਿੱਚ ਭਾਰਤੀ ਫੌਜ ਦੀ ਭਰਤੀ ਲਈ 17 ਤੋਂ ਸਾਢੇ 21 ਸਾਲ ਉਮਰ ਦੇ 10ਵੀਂ ਤੇ 12ਵੀਂ ਪਾਸ ਨੌਜਵਾਨਾਂ ਦੇ ਫਾਰਮ ਵੀ ਭਰੇ ਜਾਣਗੇ। ਇਸ ਲਈ ਫੌਜ ਵਿਚ ਭਰਤੀ ਹੋਣ ਦੇ ਚਾਹਵਾਨ ਪ੍ਰਾਰਥੀ ਵੀ ਇਸ ਮੇਲੇ ਵਿੱਚ ਭਾਗ ਲੈਣ ਲਈ ਆਪਣੇ ਦਸਤਾਵੇਜ਼ ਲੈਕੇ ਹਾਜ਼ਿਰ ਹੋਣ।

## ਤਰਕਸ਼ੀਲ ਸੁਸਾਇਟੀ ਦੇ ਅਹੁਦੇਦਾਰ ਚੁਣੇ

**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਤਰਕਸ਼ੀਲ ਸੁਸਾਇਟੀ ਪਟਿਆਲਾ ਦਾ ਚੋਣ ਇਜਲਾਸ ਤਰਕਸ਼ੀਲ ਲਾਇਬ੍ਰੇਰੀ ਬੰਗ ਮੀਡੀਆ ਕੰਪਲੈਕਸ ਪਟਿਆਲਾ ਵਿੱਚ ਹੋਇਆ। ਇਸ ਦੌਰਾਨ ਸਰਬਸੰਮਤੀ ਨਾਲ ਜਥੇਬੰਦਕ ਵਿਭਾਗ ਦੇ ਮੁਖੀ ਬੀਬੀ ਕੁਲਵੰਤ ਕੌਰ, ਵਿੱਤ ਵਿਭਾਗ ਦੇ ਮੁਖੀ ਸ਼ਤੀਸ਼ ਆਲੋਵਾਲ, ਮੀਡੀਆ ਵਿਭਾਗ ਦੇ ਮੁਖੀ ਰਾਮ ਸਿੰਘ ਬੰਗ, ਮਾਨਸਿਕ ਸਿਹਤ ਸਲਾਹ ਵਿਭਾਗ ਦੇ ਮੁਖੀ ਗੁਰਵਿੰਦਰ ਆਲੋਵਾਲ ਤੇ ਸਭਿਆਚਾਰ ਵਿਭਾਗ ਦੇ ਮੁਖੀ ਓਮ ਪ੍ਰਕਾਸ਼ ਘੜਾਮਾਂ ਨੂੰ ਚੁਣਿਆ ਗਿਆ।

# ਵਿਦਿਆਰਥਣਾਂ ਨੂੰ ਕੀਤਾ ਦੰਦਾਂ ਦੀ ਸਾਂਭ ਸੰਭਾਲ ਬਾਰੇ ਜਾਗਰੂਕ

## 250 ਦੇ ਕਰੀਬ ਵਿਦਿਆਰਥਣਾਂ ਦਾ ਚੈਕਅੱਪ ਕੀਤਾ ਗਿਆ



**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਦੰਦਾਂ ਦੀ ਸਾਂਭ-ਸੰਭਾਲ ਲਈ ਮਨਾਏ ਜਾ ਰਹੇ ਵਿਸ਼ਵ ਮੌਖਿਕ ਸਿਹਤ ਦਿਵਸ ਤਹਿਤ ਡਿਪਟੀ ਡਾਇਰੈਕਟਰ ਕਮ ਜਿਲ੍ਹਾ ਦੰਦ ਸਿਹਤ ਅਫਸਰ ਡਾ. ਸੁੰਨਦਾ ਗਰੋਵਰ ਦੀ ਅਗਵਾਈ ਵਿੱਚ ਸਰਕਾਰੀ ਆਈ.ਟੀ.ਆਈ. ਵੂਮੈਨ ਪਟਿਆਲਾ ਵਿਖੇ ਦੰਦਾਂ ਦੀ ਸਾਂਭ-ਸੰਭਾਲ ਲਈ ਕੈਂਪ ਦਾ ਆਯੋਜਨ ਕੀਤਾ ਗਿਆ ਅਤੇ ਜਿਸ ਵਿਚ ਮੋਬਾਈਲ ਡੈਂਟਲ ਕਲੀਨਿਕ ਵੈਨ ਦੀ ਸਹਾਇਤਾ ਨਾਲ 250 ਦੇ ਕਰੀਬ ਵਿਦਿਆਰਥਣਾਂ ਦਾ ਚੈਕਅੱਪ ਕੀਤਾ ਗਿਆ। ਇਸ ਮੌਕੇ ਉਹਨਾਂ ਨਾਲ ਡੈਂਟਲ ਡਾਕਟਰ ਡਾ. ਸਵਿਤਾ ਗਰਗ, ਡਾ. ਆਰਤੀ, ਡਾ.ਦਵਿੰਦਰ ਸ਼ੈਲੀ ਅਤੇ ਫੈਕਲਟੀ ਸਟਾਫ ਮੌਜੂਦ ਸੀ। ਡਾ. ਸੁੰਨਦਾ ਗਰੋਵਰ ਨੇ ਵਿਦਿਆਰਥਣਾਂ ਨੂੰ ਜਾਗਰੂਕ ਕਰਦੇ ਕਿਹਾ ਕਿ ਅਜੋਕੇ ਸਮੇਂ ਵਿਚ ਦੰਦਾਂ ਦੀਆਂ ਬਿਮਾਰੀਆਂ ਦੇ ਵਧਣ ਦਾ ਕਾਰਨ ਦੰਦਾਂ ਦੀ ਚੰਗੀ ਤਰ੍ਹਾਂ ਸੰਭਾਲ ਨਾ ਕਰਨਾ ਹੈ ਅਤੇ ਸ਼ਰੀਰ ਨੂੰ ਸਿਹਤਮੰਦ ਰੱਖਣ ਲਈ ਦੰਦਾਂ ਦੀ ਸਾਂਭ ਸੰਭਾਲ ਬਹੁਤ ਜਰੂਰੀ ਹੈ। ਉਹਨਾਂ ਕਿਹਾ ਦੰਦਾਂ ਦੀ ਸਹੀ ਸੰਭਾਲ ਕਰਕੇ ਅਸੀ ਮੂੰਹ ਅਤੇ ਪੇਟ ਦੀਆਂ ਕਈ ਤਰਾਂ ਦੀਆਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਇਸ ਮੌਕੇ ਵਿਦਿਆਰਥਣਾਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ ਅਤੇ ਉਹਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਡਿਪਟੀ ਡਾਇਰੈਕਟਰ ਕਮ ਜਿਲ੍ਹਾ ਡੈਂਟਲ ਸਿਹਤ ਅਫਸਰ ਡਾ. ਸੁੰਨਦਾ ਗਰੋਵਰ ਨੇਂ ਦੱਸਿਆਂ ਕਿ ਇਸ ਮਹੀਨੇ ਭਰ ਚੱਲਣ ਵਾਲੇ ਪ੍ਰੋਗਰਾਮ ਦੌਰਾਣ ਜਿਲ੍ਹਾ, ਸਬ ਡਵੀਜਨ ਅਤੇ ਕਮਿਊਨਿਟੀ ਸਿਹਤ ਕੇਂਦਰ ਵਿੱਚ ਦੰਦਾਂ ਦੀ ਸਾਂਭ ਸੰਭਾਲ ਦੀ ਜਾਗਰੂਕਤਾ ਅਤੇ ਮੁਫਤ ਚੈਕਅਪ ਕੈਂਪ ਲਗਾਏ ਜਾ ਰਹੇ ਹਨ ਅਤੇ ਡੈਂਟਲ ਡਾਕਟਰਾਂ ਵੱਲੋਂ ਸਕੂਲਾਂ ਵਿਖੇ ਵੀ ਜਾ ਕੇ ਬੱਚਿਆਂ ਨੂੰ ਦੰਦਾਂ ਦੀਆਂ ਬਿਮਾਰੀਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਡੈਂਟਲ ਡਾਕਟਰ ਡਾ. ਸੁਨੰਦਾ ਨੇ ਵਿਦਿਆਰਥੀਆਂ ਨੂੰ ਰੋਜਾਨਾ ਸਵੇਰੇ ਬਰੱਸ਼ ਕਰਨ ਤੋ ਇਲਾਵਾ ਰਾਤ ਦਾ ਖਾਣਾ ਖਾਣ ਤੋ ਬਾਅਦ ਵੀ ਬਰੱਸ਼ ਕਰਨਾ ਬਹੁੱਤ ਹੀ ਜਰੂਰੀ ਹੈ ਬਾਰੇ ਦੱਸਦੇ ਕਿਹਾ ਕਿ ਗਾਜਰ, ਮੂਲੀ, ਸੇਬ, ਬੇਰ ਅਤੇ ਗੰਨਾਂ ਆਦਿ ਖਾਣ ਨਾਲ ਦੰਦਾਂ ਦੀ ਸਫਾਈ ਦੇ ਨਾਲ-ਨਾਲ ਮਸੂੜਿਆਂ ਨੂੰ ਕੀੜਾ ਵੀ ਨਹੀ ਲੱਗਦਾ।ਇਸ ਤਰ੍ਹਾਂ ਦੁੱਧ, ਅੰਡਾ, ਦਾਲ, ਫਲ ਅਤੇ ਹਰੇ ਪੱਤੇਦਾਰ ਸਬਜ਼ੀਆਂ ਦੰਦਾਂ ਅਤੇ ਮਸੂੜਿਆਂ ਨੂੰ ਮਜ਼ਬੂਤ ਰੱਖਦੀਆਂ ਹਨ ਅਤੇ ਸਿਹਤ ਲਈ ਵੀ ਫਾਇਦੇਮੰਦ ਹਨ।

# 1000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਪਟਵਾਰੀ ਅਤੇ ਉਸਦਾ ਸਹਾਇਕ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਭ੍ਰਿਸ਼ਟਾਚਾਰ ਵਿਰੁੱਧ ਆਪਣੀ 'ਨਾ-ਕਾਬਿਲ-ਏ-ਬਰਦਾਸ਼ਤ' ਪਹੁੰਚ ਨੂੰ ਜਾਰੀ ਰੱਖਦੇ ਹੋਏ, ਪੰਜਾਬ ਵਿਜੀਲੈਂਸ ਬਿਊਰੋ ਨੇ ਇੱਕ ਮਾਲ ਪਟਵਾਰੀ ਅਤੇ ਉਸਦੇ ਸਹਾਇਕ ਨੂੰ 1,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀਆਂ ਦੀ ਪਛਾਣ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਹਲਕਾ ਵੜਿੰਗਖੇੜਾ ਦੇ ਪਟਵਾਰੀ ਕੁਲਵਿੰਦਰ ਸਿੰਘ ਅਤੇ ਉਸਦੇ ਸਹਾਇਕ ਅਸ਼ੋਕ ਕੁਮਾਰ ਵਜੋਂ ਹੋਈ ਹੈ।

ਇੱਥੇ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਮੁਲਜ਼ਮਾਂ ਵਿਰੁੱਧ, ਪਿੰਡ ਵੜਿੰਗਖੇੜਾ ਦੇ ਇੱਕ ਵਸਨੀਕ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਮੁਕੱਦਮਾ ਦਰਜ ਕੀਤਾ ਗਿਆ ਸੀ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਸੀ ਕਿ ਉਕਤ ਪਟਵਾਰੀ ਨੇ ਉਸਦੀ ਜ਼ਮੀਨ ਦੀ ਨਿਸ਼ਾਨਦੇਹੀ ਕਰਨ ਲਈ ਆਪਣੇ ਉਕਤ ਸਾਥੀ (ਅਸ਼ੋਕ) ਰਾਹੀਂ 1,500 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ,ਪਰ ਸੌਦਾ 1,000 ਰੁਪਏ ਵਿੱਚ ਤੈਅ ਹੋ ਗਿਆ।

ਬੁਲਾਰੇ ਨੇ ਦੱਸਿਆ ਕਿ ਤਫ਼ਤੀਸ਼ ਦੌਰਾਨ ਇਹ ਪਾਇਆ ਗਿਆ ਕਿ ਪਟਵਾਰੀ ਵੱਲੋਂ 5 ਫਰਵਰੀ, 2025 ਨੂੰ ਜਦੋਂ ਜ਼ਮੀਨ ਦੀ ਹੱਦਬੰਦੀ ਰਿਪੋਰਟ ਤਿਆਰ ਕੀਤੀ ਗਈ ਸੀ ਤਾਂ ਇਸ ਸਬੰਧ ਵਿੱਚ, 2024-25 ਦੇ ਸਰਕਾਰੀ ਰਜਿਸਟਰ ਜਾਂ ਰੋਜ਼ਾਨਾ ਡਾਇਰੀ ਵਿੱਚ ਕੋਈ ਐਂਟਰੀ ਨਹੀਂ ਕੀਤੀ ਗਈ ਸੀ। ਸ਼ਿਕਾਇਤਕਰਤਾ ਵੱਲੋਂ ਰਿਸ਼ਵਤ ਦੇਣ ਦੀ ਵੀਡੀਓ ਰਿਕਾਰਡ ਕਰ ਲਈ ਗਈ ਸੀ, ਜਿਸ ਵਿੱਚ ਅਸ਼ੋਕ ਕੁਮਾਰ ਪੈਸੇ ਸਵੀਕਾਰ ਕਰਦੇ ਹੋਏ ਸਾਫ਼ ਦਿਖਾਈ ਦੇ ਰਿਹਾ ਸੀ। ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ 7-ਏ ਤਹਿਤ ਵਿਜੀਲੈਂਸ ਬਿਊਰੋ ਰੇਂਜ ਪੁਲਿਸ ਥਾਣਾ, ਬਠਿੰਡਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਦੋਵਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

# ਵਾਮਨ ਅਵਤਾਰ ਮੰਦਰ 'ਚ ਚੋਰੀ ਨਿੰਦਣਯੋਗ, ਪ੍ਰਸ਼ਾਸਨ ਮੰਦਰ ਦੀ ਮੁਰੰਮਤ ਅਤੇ ਸੁਰੱਖਿਆ ਲਈ ਤੁਰੰਤ ਕਦਮ ਉਠਾਏ : ਭਵਯ ਭਾਰਦਵਾਜ

**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਬਜਰੰਗ ਦਲ ਹਿੰਦ ਦੇ ਰਾਸ਼ਟਰੀ ਪ੍ਰਧਾਨ ਭਵਯ ਭਾਰਦਵਾਜ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਵਾਮਨ ਅਵਤਾਰ ਮੰਦਰ 'ਚ ਹੋਈ ਚੋਰੀ ਦੀ ਘਟਨਾ ਦੀ ਕੜੀ ਨਿੰਦਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਚੋਰੀ ਦੀ ਘਟਨਾ ਨਹੀਂ, ਸਗੋਂ ਧਾਰਮਿਕ ਆਸਥਾ ਦੀ ਬੇਅਦਬੀ ਹੈ। ਬਜਰੰਗ ਦਲ ਹਿੰਦ ਦੀ ਪੂਰੀ ਟੀਮ ਇਸ ਘਟਨਾ ਦੀ ਭਰਪੂਰ ਨਿੰਦਾ ਕਰਦੀ ਹੈ ਅਤੇ ਪਟਿਆਲਾ ਪ੍ਰਸ਼ਾਸਨ ਤੋਂ ਇਸ 'ਤੇ ਤੁਰੰਤ ਕਾਰਵਾਈ ਦੀ ਮੰਗ ਕਰਦੀ ਹੈ।



ਭਵਯ ਭਾਰਦਵਾਜ ਨੇ ਇਹ ਵੀ ਦੱਸਿਆ ਕਿ ਵਾਮਨ ਅਵਤਾਰ ਮੰਦਰ ਦੀ ਹਾਲਤ ਬਹੁਤ ਹੀ ਖ਼ਰਾਬ ਹੋ ਚੁੱਕੀ ਹੈ। ਮੰਦਰ ਦੀ ਛਤ ਕਿਸੇ ਵੀ ਵੇਲੇ ਡਿੱਗ ਸਕਦੀ ਹੈ, ਅਤੇ ਮੂਰਤੀ ਵੀ ਖ਼ਤਰੇ 'ਚ ਹੈ। ਹਾਲਾਂਕਿ ਪ੍ਰਸ਼ਾਸਨ ਵਲੋਂ ਮੰਦਰ ਦੇ ਨੇੜੇ ਸਰੋਵਰ ਦਾ ਕੰਮ ਕਰਵਾਇਆ ਜਾ ਰਿਹਾ ਹੈ, ਪਰ ਹਿੰਦੂ ਸਮਾਜ ਦੀ ਆਸਥਾ ਮੰਦਰ ਨਾਲ ਜੁੜੀ ਹੋਈ ਹੈ, ਨਾ ਕਿ ਸਰੋਵਰ ਨਾਲ। ਇਸ ਕਰਕੇ, ਬਜਰੰਗ ਦਲ ਹਿੰਦ ਪ੍ਰਸ਼ਾਸਨ ਤੋਂ ਸਾਫ਼-ਸਾਫ਼ ਮੰਗ ਕਰਦਾ ਹੈ ਕਿ ਵਾਮਨ ਅਵਤਾਰ ਮੰਦਰ ਦੇ ਜੀਰਣੋਂਧਾਰ ਅਤੇ ਸੁਰੱਖਿਆ ਵਾਸਤੇ ਢੁੱਕਵੇਂ ਉਪਾਅ ਕੀਤੇ ਜਾਣ।

ਭਵਯ ਭਾਰਦਵਾਜ ਨੇ ਕਿਹਾ ਕਿ ਜਦੋਂ ਮੰਦਰ ਸਰਕਾਰ ਦੇ ਅਧੀਨ ਹੈ, ਤਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਦੀ ਸਹੀ ਦੇਖ-ਭਾਲ ਕਰੇ ਅਤੇ ਇਸ ਨੂੰ ਸੁਰੱਖਿਅਤ ਬਣਾਏ। ਜੇਕਰ ਪਟਿਆਲਾ ਪ੍ਰਸ਼ਾਸਨ ਵਾਮਨ ਅਵਤਾਰ ਮੰਦਰ ਦੀ ਮੁਰੰਮਤ ਅਤੇ ਸੁਰੱਖਿਆ ਲਈ ਕੋਈ ਮਹੱਤਵਪੂਰਨ ਫ਼ੈਸਲਾ ਨਹੀਂ ਲੈਂਦਾ, ਤਾਂ ਬਜਰੰਗ ਦਲ ਹਿੰਦ ਪੰਜਾਬ ਦੇ ਸਾਰੇ ਹਿੰਦੂ ਸੰਗਠਨਾਂ ਨੂੰ ਨਾਲ ਲੈ ਕੇ ਇਕ ਵਿਆਪਕ ਸੰਘਰਸ਼ ਕਰੇਗਾ ਜੇਕਰ ਸਾਨੂੰ ਆਪਣੇ ਧਾਰਮਿਕ ਸਥਾਨ ਦੀ ਸੁਰੱਖਿਆ ਲਈ ਮਰਨ-ਅੰਸ਼ਨ ਵੀ ਕਰਨਾ ਪਿਆ, ਤਾਂ ਅਸੀਂ ਪਿੱਛੇ ਨਹੀਂ ਹਟਾਂਗੇ। ਸਾਡਾ ਇਕੋ-ਇੱਕ ਉਦੇਸ਼ ਹਿੰਦੂ ਸਮਾਜ ਦੀ ਆਸਥਾ ਦੇ ਪ੍ਰਤੀਕ ਵਾਮਨ ਅਵਤਾਰ ਮੰਦਰ ਨੂੰ ਸੰਭਾਲਣਾ ਅਤੇ ਮਜ਼ਬੂਤ ਬਣਾਉਣਾ ਹੈ। ਇਸ ਮੌਕੇ 'ਤੇ ਰੋਹਿਤ ਜਲੋਟਾ (ਪੰਜਾਬ ਪ੍ਰਧਾਨ), ਹਰਦੀਪ (ਜ਼ਿਲ੍ਹਾ ਪ੍ਰਧਾਨ ਪਟਿਆਲਾ), ਸੁਮਿਤ ਰਾਓ (ਸ਼ਹਿਰੀ ਪ੍ਰਮੁੱਖ), ਗੌਰਵ ਸ਼ਰਮਾ (ਚੇਅਰਮੈਨ ਪਟਿਆਲਾ), ਪ੍ਰਿੰਸ ਗਰੇਵਾਲ (ਸੰਗਠਨ ਮੰਤਰੀ), ਰਾਜੀਵ ਬਾਂਗੜ (ਮੀਡੀਆ ਪ੍ਰਭਾਰੀ), ਪੁਨੀਤ ਜੈਨ (ਪ੍ਰਧਾਨ ਹਲਕਾ ਮਾਨਸਾ), ਸੰਜੂ ਮਹਰਾ (ਪ੍ਰਧਾਨ ਹਲਕਾ ਸਮਾਣਾ), ਦੀਪਕ ਗਰਗ (ਉਪ ਪ੍ਰਧਾਨ ਹਲਕਾ ਸਮਾਣਾ), ਜੈਕੀ ਮਹਰਾ (ਪ੍ਰਧਾਨ ਗੌ ਰੱਖਿਆ ਵਿੰਗ ਸਮਾਣਾ), ਸਾਹਿਲ (ਯੁਵਾ ਪ੍ਰਧਾਨ ਸਮਾਣਾ) ਸਮੇਤ ਬਜਰੰਗ ਦਲ ਹਿੰਦ ਦੇ ਵਰਕਰ ਮੌਜੂਦ ਰਹੇ।

## ਸੰਪਾਦਕੀ


# ਅੱਜ ਦਾ ਸਮਾਂ ਕੁਦਰਤੀ ਸੋਮਿਆਂ ਦੀ ਸੰਭਾਲ ਕਰਨਾ

ਸਮਾਂ ਬਹੁਤ ਹੀ ਬਲਵਾਨ ਹੈ, ਅੱਜ ਦਾ ਸਮਾਂ ਕੁਦਰਤੀ ਵਾਤਾਵਰਨ ਵਿਚਲੇ ਹਵਾ, ਪਾਣੀ ਤੇ ਧਰਤੀ, ਤਿੰਨੇ ਤੱਤ ਹਰ ਤਰ੍ਹਾਂ ਦੇ ਜੈਵਿਕਾਂ (ਮਨੁੱਖਾਂ, ਜੀਵ-ਜੰਤੂਆਂ ਤੇ ਬਨਸਪਤੀ) ਦੀ ਜ਼ਿੰਦਗੀ ਲਈ ਅਹਿਮ ਹਨ। ਇਨ੍ਹਾਂ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦੀ ਜ਼ਿੰਦਗੀ ਸੰਭਵ ਨਹੀਂ। ਇਹ ਕੁਦਰਤ ਦੀਆਂ ਮਨੁੱਖ ਨੂੰ ਦਿੱਤੀਆਂ ਅਨਮੋਲ ਦਾਤਾਂ ਹਨ। ਮਨੁੱਖ ਨੇ ਆਰਥਿਕ ਵਾਧੇ ਅਤੇ ਆਪਣੀਆਂ ਲਾਲਸਾਵਾਂ ਲਈ ਇਹ ਬਹੁਮੁੱਲੇ ਕੁਦਰਤੀ ਸ੍ਰੋਤ ਬੁਰੀ ਤਰ੍ਹਾਂ ਪ੍ਰਦੂਸ਼ਿਤ ਕਰ ਦਿੱਤੇ ਹਨ। ਸਾਡੇ ਵਡੇਰੇ ਕੁਦਰਤੀ ਸ੍ਰੋਤਾਂ ਦੀ ਮਹੱਤਤਾ ਸਮਝਦੇ ਸਨ, ਇਸੇ ਲਈ ਉਹ ਕੁਦਰਤੀ ਸ੍ਰੋਤਾਂ ਨੂੰ ਪੂਜਦੇ ਅਤੇ ਸਤਿਕਾਰਦੇ ਸਨ। ਸਾਡੇ ਧਾਰਮਿਕ ਗ੍ਰੰਥਾਂ ਵਿੱਚ ਵੀ ਕੁਦਰਤੀ ਸ੍ਰੋਤਾਂ ਲਈ ਸਤਿਕਾਰਤ ਸ਼ਬਦ ਵਰਤੇ ਗਏ ਹਨ। ਗੁਰੂ ਨਾਨਕ ਜੀ ਨੇ ਇਨ੍ਹਾਂ ਕੁਦਰਤੀ ਸ੍ਰੋਤਾਂ ਨੂੰ ਗੁਰੂ, ਪਿਤਾ ਅਤੇ ਮਾਤਾ ਸਮਾਨ ਦਰਜਾ ਦਿੱਤਾ- ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ॥ ਕੁਦਰਤੀ ਸ੍ਰੋਤ ਸਿਰਫ਼ ਸੰਭਾਲੇ ਜਾ ਸਕਦੇ ਹਨ, ਬਣਾਏ ਨਹੀਂ ਜਾ ਸਕਦੇ। ਅਫ਼ਸੋਸ ਕਿ ਭਾਰਤ ਸਮੇਤ ਦੁਨੀਆ ਦੇ ਬਹੁਤੇ ਮੁਲਕ ਇਨ੍ਹਾਂ ਕੁਦਰਤੀ ਸ੍ਰੋਤਾਂ ਦੀ ਸੰਭਾਲ ਕਰਨਾ ਭੁੱਲ ਗਏ। ਵਰਲਡ ਹੈਲਥ ਆਰਗੇਨਾਈਜੇਸ਼ਨ (ਡਬਲਿਊਐੱਚਓ) ਦੀ ਰਿਪੋਰਟ ਅਨੁਸਾਰ, ਹਵਾ ਇੰਨੀ ਪ੍ਰਦੂਸ਼ਿਤ ਹੋ ਗਈ ਕਿ ਦੁਨੀਆ ਭਰ ਵਿੱਚੋਂ 10 ਵਿੱਚੋਂ 9 ਵਿਅਕਤੀ ਪ੍ਰਦੂਸ਼ਿਤ ਹਵਾ ਵਿੱਚ ਸਾਹ ਲੈਂਦੇ ਹਨ; 2024 ਦੀ ਗਲੋਬਲ ਏਅਰ ਰਿਪੋਰਟ ਅਨੁਸਾਰ, ਹਰ ਸਾਲ 81 ਲੱਖ ਲੋਕ ਹਵਾ ਦੇ ਪ੍ਰਦੂਸ਼ਣ ਨਾਲ ਮਰ ਜਾਂਦੇ ਹਨ। ਇਸੇ ਰਿਪੋਰਟ ਦਾ ਖੁਲਾਸਾ ਹੈ ਕਿ ਭਾਰਤ ਵਿੱਚ ਇਸ ਪ੍ਰਦੂਸ਼ਣ ਕਾਰਨ 21 ਲੱਖ ਲੋਕ ਹਰ ਸਾਲ ਅਤੇ ਪੰਜ ਸਾਲ ਤੋਂ ਛੋਟੀ ਉਮਰ ਦੇ 464 ਬੱਚੇ ਹਰ ਰੋਜ਼ ਹਵਾ ਦੇ ਪ੍ਰਦੂਸ਼ਣ ਨਾਲ ਸਬੰਧਿਤ ਬਿਮਾਰੀਆਂ ਨਾਲ ਮਰ ਜਾਂਦੇ ਹਨ।

ਹਵਾ ਪ੍ਰਦੂਸ਼ਣ ਨਾਲ ਦਿਲ ਅਤੇ ਸਾਹ ਨਾਲ ਸਬੰਧਿਤ ਬਿਮਾਰੀਆਂ, ਫੇਫੜਿਆਂ ਦਾ ਕੈਂਸਰ, ਦਮਾ, ਸਟ੍ਰੋਕ, ਚਮੜੀ ਅਤੇ ਅੱਖਾਂ ਦੀ ਐਲਰਜੀ ਆਦਿ ਬਿਮਾਰੀਆਂ ਹੋ ਜਾਂਦੀਆਂ ਹਨ। ਅਮਰੀਕਾ ਦੀ ਯੇਲ ਯੂਨੀਵਰਸਿਟੀ ਦੀ ਰਿਪੋਰਟ ਅਨੁਸਾਰ, ਹਵਾ ਦਾ ਪ੍ਰਦੂਸ਼ਣ ਮਨੁੱਖਾਂ ਦੀ ਔਸਤ ਉਮਰ ਉੱਤੇ ਵੀ ਅਸਰ ਪਾਉਂਦਾ ਹੈ। ਜਿੱਥੇ ਜਿੰਨਾ ਜ਼ਿਆਦਾ ਹਵਾ ਪ੍ਰਦੂਸ਼ਣ ਹੋਵੇਗਾ, ਉਸੇ ਅਨੁਪਾਤ ਵਿੱਚ ਉੱਥੋਂ ਦੇ ਲੋਕਾਂ ਦੀ ਔਸਤ ਉਮਰ ਘਟੇਗੀ। ਇਸ ਦਾ ਬੱਚਿਆਂ ਅਤੇ ਬਜ਼ੁਰਗਾਂ ਉੱਤੇ ਨੌਜੁਆਨਾਂ ਨਾਲੋਂ ਵੱਧ ਮਾੜਾ ਅਸਰ ਪੈਂਦਾ ਹੈ। 2024 ਦੀ ਵਰਲਡ ਏਅਰ ਕੁਆਲਿਟੀ ਰਿਪੋਰਟ ਨੇ ਖੁਲਾਸਾ ਕੀਤਾ ਕਿ ਦੁਨੀਆ ਦੇ ਸਿਰਫ਼ 7 ਮੁਲਕ ਆਸਟਰੇਲੀਆ, ਬਾਹਾਮਾਸ, ਬਾਰਬਾਡੋਸ, ਇਸਟੋਨੀਆ, ਗਰਨਾਡਾ, ਆਈਸਲੈਂਡ ਅਤੇ ਨਿਊਜ਼ੀਲੈਂਡ ਹੀ ਪੀਐੱਮ 2.5 ਦੇ ਆਧਾਰ ਉੱਤੇ ਡਬਲਿਊਐੱਚਓ ਮਾਪਦੰਡਾਂ ਉੱਤੇ ਪੂਰੇ ਉਤਰਦੇ ਹਨ। ਰਿਪੋਰਟ ਅਨੁਸਾਰ ਦੁਨੀਆ ਦੀ ਸਭ ਤੋਂ ਪ੍ਰਦੂਸ਼ਿਤ ਰਾਜਧਾਨੀ ਦਿੱਲੀ ਹੈ; ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਬਰਨੀਹਾਟ (ਮੇਘਾਲਿਆ) ਵੀ ਭਾਰਤ ਵਿੱਚ ਹੀ ਹੈ। ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ 20 ਸ਼ਹਿਰਾਂ ਵਿੱਚੋਂ 13 ਭਾਰਤ ਵਿੱਚ ਹਨ। ਹਵਾ ਪ੍ਰਦੂਸ਼ਣ ਦੇ ਦੋ ਮੁੱਖ ਸ੍ਰੋਤ ਹਨ: ਕੁਦਰਤੀ ਸ੍ਰੋਤ ਅਤੇ ਮਨੁੱਖੀ ਗਤੀਵਿਧੀਆਂ। ਕੁਦਰਤੀ ਸ੍ਰੋਤਾਂ ਰਾਹੀਂ ਹੋਣ ਵਾਲਾ ਪ੍ਰਦੂਸ਼ਣ ਥੋੜ੍ਹੇ ਸਮੇਂ ਲਈ ਹੁੰਦਾ ਹੈ। ਕੁਦਰਤੀ ਪ੍ਰਬੰਧਨ (ਈਕੋ ਸਿਸਟਮ) ਉਸ ਨੂੰ ਆਪ ਹੀ ਸਮੇਟ ਲੈਂਦਾ ਹੈ। ਦੂਜਾ ਸ੍ਰੋਤ ਮਨੁੱਖੀ ਗਤੀਵਿਧੀਆਂ ਹਨ ਜਿਨ੍ਹਾਂ ਵਿੱਚ ਉਦਯੋਗਿਕ ਇਕਾਈਆਂ, ਆਵਾਜਾਈ ਦੇ ਸਾਧਨ, ਉਸਾਰੀ ਦੇ ਕੰਮ, ਕੂੜੇ ਦੇ ਢੇਰਾਂ ਤੇ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣਾ, ਥਰਮਲ ਪਲਾਂਟ, ਇੱਟਾਂ ਦੇ ਭੱਠੇ, ਏਅਰ ਕੰਡੀਸ਼ਨਰਜ਼, ਧਾਰਮਿਕ ਤਿਉਹਾਰਾਂ ਤੇ ਸਮਾਜਿਕ ਸਮਾਗਮਾਂ ਉੱਤੇ ਪਟਾਕੇ ਚਲਾਉਣਾ ਆਦਿ ਹਨ। ਇਨ੍ਹਾਂ ਗਤੀਵਿਧੀਆਂ ਰਾਹੀਂ ਹਵਾ ਪ੍ਰਦੂਸ਼ਣ ਨਾਲ ਵੱਖ-ਵੱਖ ਸ੍ਰੋਤਾਂ ਤੋਂ ਨਿਕਲੀਆਂ ਗੈਸਾਂ ਧਰਤੀ ਦੇ ਔਸਤ ਤਾਪਮਾਨ ਵਿੱਚ ਵੀ ਵਾਧਾ ਕਰਦੀਆਂ ਹਨ। ਇਸ ਵਾਧੇ ਕਾਰਨ ਮੌਸਮੀ ਤਬਦੀਲੀਆਂ ਆਉਣ ਨਾਲ ਕੁਦਰਤੀ ਆਫ਼ਤਾਂ ਦੀ ਗਿਣਤੀ ਅਤੇ ਮਾਰ ਵਿੱਚ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। ਇਹ ਗਤੀਵਿਧੀਆਂ ਧਰਤੀ ਉੱਤੇ ਰਹਿਣ ਵਾਲੇ ਸਾਰੇ ਜੈਵਿਕਾਂ ਦੀ ਜ਼ਿੰਦਗੀ ਮੁਸ਼ਕਿਲ ਬਣਾ ਰਹੀਆਂ ਹਨ। ਹਵਾ ਤੋਂ ਬਾਅਦ ਜੈਵਿਕਾਂ ਦੀ ਦੂਜੀ ਮੁੱਢਲੀ ਲੋੜ ਪਾਣੀ ਹੈ। ਪਾਣੀ ਤੋਂ ਬਿਨਾਂ ਧਰਤੀ ਉੱਤੇ ਕਿਸੇ ਵੀ ਤਰ੍ਹਾਂ ਦੀ ਜ਼ਿੰਦਗੀ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਮਨੁੱਖ ਨੇ ਇਸ ਨੂੰ ਵੀ ਪ੍ਰਦੂਸ਼ਿਤ ਕਰ ਦਿੱਤਾ ਹੈ। ਪਾਣੀ ਦੀ ਬੇਲੋੜੀ ਵਰਤੋਂ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਡਿਗ ਰਿਹਾ ਹੈ, ਪੀਣ ਵਾਲੇ ਪਾਣੀ ਦੀ ਥੁੜ੍ਹ ਹੋ ਰਹੀ ਹੈ। ਨੀਤੀ ਆਯੋਗ ਦੀ 2018 ਦੀ ਰਿਪੋਰਟ ਅਨੁਸਾਰ, ਮੁਲਕ ਦੇ 21 ਵੱਡੇ ਸ਼ਹਿਰਾਂ ਦਾ ਧਰਤੀ ਹੇਠਲਾ ਪਾਣੀ ਆਉਣ ਵਾਲੇ ਸਾਲਾਂ ਵਿੱਚ ਖ਼ਤਮ ਹੋ ਜਾਵੇਗਾ; 2030 ਤੱਕ ਮੁਲਕ ਦੀ 40 ਫ਼ੀਸਦ ਆਬਾਦੀ ਕੋਲ ਪੀਣ ਲਈ ਪਾਣੀ ਨਹੀਂ ਹੋਵੇਗਾ। ਵਰਲਡ ਵਾਈਲਡ ਫੰਡ ਦੀ 2020 ਰਿਪੋਰਟ ਅਨੁਸਾਰ, 2050 ਤੱਕ ਭਾਰਤ ਦੇ 30 ਵੱਡੇ ਸ਼ਹਿਰਾਂ ਦਾ ਪਾਣੀ ਖ਼ਤਮ ਹੋ ਜਾਵੇਗਾ। ਸੈਂਟਰਲ ਗਰਾਊਂਡ ਵਾਟਰ ਬੋਰਡ ਦੀ 2023 ਦੀ ਰਿਪੋਰਟ ਅਨੁਸਾਰ, ਮੁਲਕ ਦਾ 70 ਫ਼ੀਸਦ ਧਰਤੀ ਉਤਲਾ ਪੀਣ ਵਾਲਾ ਪਾਣੀ ਪ੍ਰਦੂਸ਼ਿਤ ਹੋ ਚੁੱਕਿਆ ਹੈ ਅਤੇ ਪ੍ਰਦੂਸ਼ਿਤ ਪਾਣੀ ਪੀਣ ਨਾਲ ਹਰ ਸਾਲ 3 ਲੱਖ ਵਿਅਕਤੀ ਸਮੇਂ ਤੋਂ ਪਹਿਲਾਂ ਮਰ ਜਾਂਦੇ ਹਨ। 60 ਫ਼ੀਸਦ ਸੀਵਰੇਜ ਅਤੇ ਉਦਯੋਗਾਂ ਦਾ ਗੰਦਾ ਪਾਣੀ ਸ਼ੁੱਧ ਕੀਤੇ ਬਿਨਾਂ ਹੀ ਨਦੀਆਂ ਤੇ ਦਰਿਆਵਾਂ ਵਿੱਚ ਛੱਡ ਦਿੱਤਾ ਜਾਂਦਾ ਹੈ। ਜਲਗਾਹਾਂ (ਝੀਲਾਂ, ਟੋਭੇ, ਦਲਦਲੀ ਖੇਤਰ, ਬਰਸਾਤੀ ਨਾਲੇ, ਦਰਿਆ ਆਦਿ) ਦੇ ਖਾਲੀ ਪਏ ਖੇਤਰਾਂ ਉੱਤੇ ਕੀਤੀਆਂ ਜਾ ਰਹੀਆਂ ਉਸਾਰੀਆਂ ਨੇ ਪਾਣੀ ਰੀਚਾਰਜ ਵਾਲੇ ਖੇਤਰ ਘਟਾ ਦਿੱਤੇ ਹਨ। ਹਵਾ ਤੇ ਪਾਣੀ ਤੋਂ ਬਾਅਦ ਧਰਤੀ ਦੀ ਗੱਲ ਕਰੀਏ ਤਾਂ ਮਨੁੱਖ ਨੇ ਇਸ ਦੀ ਹੋਂਦ ਉੱਤੇ ਵੀ ਖ਼ਤਰਾ ਖੜ੍ਹਾ ਕਰ ਦਿੱਤਾ ਹੈ। ਧਰਤੀ ਦਾ ਬਰਫ਼ ਰਹਿਤ 70 ਫ਼ੀਸਦ ਖੇਤਰ ਮਨੁੱਖ ਨੇ ਆਪਣੀਆਂ ਗਤੀਵਿਧੀਆਂ ਨਾਲ ਬਦਲ ਦਿੱਤਾ ਹੈ। ਧਰਤੀ ਉੱਤੇ ਤਿੰਨ ਤਰ੍ਹਾਂ ਦੇ ਜੈਵਿਕ- ਮਨੁੱਖ, ਜੀਵ-ਜੰਤੂ ਅਤੇ ਬਨਸਪਤੀ ਹੁੰਦੇ ਹਨ। ਤਿੰਨਾਂ ਦੇ ਹਿੱਸੇ ਵਿੱਚ ਧਰਤੀ ਦਾ 33-33 ਫ਼ੀਸਦ ਆਉਂਦਾ ਹੈ। ਲਗਭਗ ਸਾਰੇ ਜੀਵ-ਜੰਤੂ ਜੰਗਲਾਂ ਵਿੱਚ ਰਹਿੰਦੇ ਹਨ। ਸੋ 66 ਫ਼ੀਸਦ ਹਿੱਸਾ ਜੰਗਲਾਂ ਅਤੇ ਜੀਵ-ਜੰਤੂਆਂ ਦੇ ਹਿੱਸੇ ਆਉਣਾ ਬਣਦਾ ਹੈ। ਧਰਤੀ ਉੱਤੇ ਕਿਸੇ ਵੀ ਤਰ੍ਹਾਂ ਦੇ ਵਿਕਾਸ ਲਈ ਸਭ ਤੋਂ ਪਹਿਲਾਂ ਜੰਗਲ ਵੱਢੇ ਜਾਂਦੇ ਹਨ ਜਿਸ ਕਾਰਨ ਬਨਸਪਤੀ ਦੇ ਨਾਲ-ਨਾਲ ਜੀਵ-ਜੰਤੂਆਂ ਦਾ ਬਸੇਰਾ ਅਤੇ ਭੋਜਨ ਦੇ ਸ੍ਰੋਤ ਵੀ ਖ਼ਤਮ ਹੋ ਜਾਂਦੇ ਹਨ। ਨਤੀਜੇ ਵਜੋਂ ਜੰਗਲੀ ਜਾਨਵਰ ਭਟਕਦੇ ਹਨ। ਜੰਗਲਾਂ ਦੀ ਕਟਾਈ ਤੇਜ਼ੀ ਨਾਲ ਹੋ ਰਹੀ ਹੈ। ਇੰਡੀਆ ਸਟੇਟ ਆਫ ਫੋਰੈਸਟ ਦੀ 2023 ਦੀ ਰਿਪੋਰਟ ਅਨੁਸਾਰ, ਜੰਗਲਾਂ ਥੱਲੇ ਰਕਬਾ ਸਿਰਫ਼ 21.76 ਫ਼ੀਸਦ ਅਤੇ ਦਰਖ਼ਤਾਂ ਥੱਲੇ 3.41 ਫ਼ੀਸਦ ਹੈ।

ਜੰਗਲ ਵਾਤਾਵਰਨ ਵਿੱਚ ਆਕਸੀਜਨ ਛੱਡਦੇ ਹਨ ਤੇ ਕਾਰਬਨ ਡਾਇਆਕਸਾਈਡ ਸੋਖ ਕੇ ਆਪਣਾ ਭੋਜਨ ਬਣਾਉਂਦੇ ਹਨ। ਜੰਗਲਾਂ ਥੱਲੇ ਰਕਬਾ ਘਟਣ ਕਾਰਨ ਵਾਤਾਵਰਨ ਵਿੱਚ ਕਾਰਬਨ ਡਾਇਆਕਸਾਈਡ ਦਾ ਅਨੁਪਾਤ ਵਧਣ ਨਾਲ ਧਰਤੀ ਦਾ ਔਸਤ ਤਾਪਮਾਨ ਤੇਜ਼ੀ ਨਾਲ ਵਧ ਰਿਹਾ ਹੈ ਜਿਸ ਨਾਲ ਮੌਸਮੀ ਤਬਦੀਲੀਆਂ ਆ ਰਹੀਆਂ ਹਨ। ਇਨ੍ਹਾਂ ਤਬਦੀਲੀਆਂ ਕਾਰਨ ਬਸੰਤ ਤੇ ਸਰਦੀ ਰੁੱਤ ਛੋਟੀ ਹੋ ਰਹੀ ਹੈ ਅਤੇ ਗਰਮੀ ਦੀ ਰੁੱਤ ਲੰਮੀ ਤੇ ਗਰਮ ਲਹਿਰਾਂ ਵਾਲੀ ਹੋ ਰਹੀ ਹੈ। ਤਾਪਮਾਨ ਵਧਣ ਨਾਲ ਕੁਦਰਤੀ ਆਫ਼ਤਾਂ ਦੀ ਗਿਣਤੀ ਵਧ ਰਹੀ ਹੈ। ਵਧ ਰਹੀ ਆਬਾਦੀ ਲਈ ਵੱਧ ਖੁਰਾਕ ਦੀ ਲੋੜ ਪੂਰੀ ਕਰਨ ਲਈ ਕੁਝ ਰਾਜਾਂ ਵਿੱਚ 1960ਵਿਆਂ ਵਿੱਚ ਨਵੀਂ ਖੇਤੀਬਾੜੀ ਜੁਗਤ ਸ਼ੁਰੂ ਕੀਤੀ ਗਈ। ਇਹ ਵੱਧ ਝਾੜ ਦੇਣ ਵਾਲੇ ਬੀਜਾਂ, ਯਕੀਨੀ ਸਿੰਜਾਈ, ਰਸਾਇਣਕ ਖਾਦਾਂ, ਕੀਟਨਾਸ਼ਕ ਤੇ ਨਦੀਨਨਾਸ਼ਕਾਂ, ਖੇਤੀਬਾੜੀ ਮਸ਼ੀਨਰੀ ਅਤੇ ਖੇਤੀਬਾੜੀ ਦੇ ਆਧੁਨਿਕ ਢੰਗਾਂ ਦਾ ਪੈਕੇਜ ਸੀ। ਇਸ ਜੁਗਤ ਲਈ ਪੰਜਾਬ ਚੁਣਿਆ ਗਿਆ। ਪੰਜਾਬ ਦੇ ਮਿਹਨਤੀ ਕਿਸਾਨਾਂ ਨੇ ਆਪਣੇ ਉੱਦਮ ਸਦਕਾ ਮੁਲਕ ਦੀ ਅਨਾਜ ਦੀ ਥੁੜ੍ਹ ਤਾਂ ਪੂਰੀ ਕਰ ਦਿੱਤੀ ਪਰ ਇਸ ਨਾਲ ਪੰਜਾਬ ਦੇ ਧਰਤੀ ਸਮੇਤ ਸਮੁੱਚਾ ਵਾਤਾਵਰਨ ਪ੍ਰਦੂਸ਼ਿਤ ਤੇ ਗੰਧਲਾ ਹੋ ਗਿਆ। ਕੁਦਰਤੀ ਸ੍ਰੋਤ ਨੁਕਸਾਨੇ ਗਏ। ਧਰਤੀ ਦਾ ਪ੍ਰਬੰਧਕੀ ਸੰਤੁਲਨ ਵਿਗੜ ਗਿਆ।

# ਪੰਜਾਬੀ ਯੂਨੀਵਰਸਿਟੀ ਵਿੱਚ 'ਪੁਸਤਕ ਮੇਲਾ' ਸ਼ੁਰੂ



**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਵਿੱਚ 'ਗਿਆਰ੍ਹਵਾਂ ਪੁਸਤਕ ਮੇਲਾ' ਅੱਜ ਸ਼ੁਰੂ ਹੋ ਗਿਆ ਹੈ। ਪਬਲੀਕੇਸ਼ਨ ਬਿਊਰੋ ਵੱਲੋਂ ਲਗਾਏ ਇਸ ਮੇਲੇ ਦਾ ਉਦਘਾਟਨ ਡੀਨ (ਅਕਾਦਮਿਕ ਮਾਮਲੇ) ਪ੍ਰੋ. ਨਰਿੰਦਰ ਕੌਰ ਮੁਲਤਾਨੀ, ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਅਤੇ ਵਿੱਤ ਅਫ਼ਸਰ ਡਾ. ਪ੍ਰਮੋਦ ਅਗਰਵਾਲ ਵੱਲੋਂ ਕੀਤਾ ਗਿਆ।

ਪ੍ਰੋ. ਨਰਿੰਦਰ ਕੌਰ ਮੁਲਤਾਨੀ ਨੇ ਕਿਹਾ ਕਿ ਦਸ ਸਾਲਾਂ ਤੋਂ ਲੱਗਦੇ ਆ ਰਹੇ ਇਸ ਪੁਸਤਕ ਮੇਲੇ ਨੇ ਆਪਣੀ ਵਿਸ਼ੇਸ਼ ਪਛਾਣ ਬਣਾਈ ਹੈ। ਵੱਖ-ਵੱਖ ਇਲਾਕਿਆਂ ਦੇ ਪਾਠਕ ਇਸ ਮੇਲੇ ਦੀ ਉਤਸੁਕਤਾ ਨਾਲ ਪੂਰਾ ਸਾਲ ਉਡੀਕ ਕਰਦੇ ਹਨ ਅਤੇ ਇਸ ਮੇਲੇ ਵਿੱਚੋਂ ਪੁਸਤਕਾਂ ਖਰੀਦਣ ਲਈ ਪਹੁੰਚਦੇ ਹਨ।

ਪਬਲੀਕੇਸ਼ਨ ਬਿਊਰੋ ਦੇ ਇੰਚਾਰਜ ਪੱਪੂ ਸਿੰਘ ਨੇ ਦੱਸਿਆ ਕਿ ਪੰਜ ਦਿਨ ਚੱਲਣ ਵਾਲੇ ਇਸ ਪੁਸਤਕ ਮੇਲੇ ਵਿੱਚ ਇਸ ਵਾਰ ਪੁਸਤਕਾਂ ਦੀ ਵਿਕਰੀ ਨਾਲ਼ ਸਬੰਧਤ 90 ਸਟਾਲ ਹਨ। ਇਸ ਤੋਂ ਇਲਾਵਾ 10 ਸਟਾਲ ਖਾਣ-ਪੀਣ ਦੇ ਸਾਮਾਨ ਨਾਲ ਸਬੰਧਤ ਅਤੇ 15 ਸਟਾਲ ਵੱਖ-ਵੱਖ ਕਲਾਤਮਿਕ ਮਹੱਤਵ ਵਾਲੇ ਸਾਮਾਨ ਦੀ ਵਿੱਕਰੀ ਨਾਲ ਸਬੰਧਤ ਹਨ।

ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਕਿਹਾ ਕਿ ਯੂਨੀਵਰਸਿਟੀ ਦੇ ਪੁਸਤਕ ਮੇਲੇ ਦਾ ਆਪਣਾ ਵੱਖਰਾ ਅਤੇ ਵੱਕਾਰੀ ਮਹੱਤਵ ਹੈ। ਯੂਨੀਵਰਸਿਟੀ ਵੱਲੋਂ ਦਸ ਸਾਲਾਂ ਤੋਂ ਇਸ ਮੇਲੇ ਦੀ ਲਗਾਤਾਰਤਾ ਨੂੰ ਬਣਾ ਕੇ ਰੱਖਿਆ ਗਿਆ ਹੈ ਤਾਂ ਕਿ ਪਾਠਕ ਇਸ ਤੋਂ ਲਾਭ ਲੈ ਸਕਣ। ਇਸ ਮੇਲੇ ਵਿੱਚ ਵੱਖ-ਵੱਖ ਵਿਸ਼ਿਆਂ, ਭਾਸ਼ਾਵਾਂ, ਖੇਤਰਾਂ ਆਦਿ ਨਾਲ਼ ਸਬੰਧਤ ਦੁਨੀਆਂ ਭਰ ਦੀਆਂ ਚੰਗੀਆਂ ਪੁਸਤਕਾਂ ਉਪਲੱਬਧ ਹੁੰਦੀਆਂ ਹਨ। ਉਦਘਾਟਨੀ ਰਸਮ ਮੌਕੇ ਵਿੱਤ ਅਫ਼ਸਰ ਡਾ. ਪ੍ਰਮੋਦ ਅਗਰਵਾਲ ਵੀ ਹਾਜ਼ਰ ਰਹੇ।

# ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਤਹਿਤ ਨੌਜਵਾਨ ਵੱਧ ਤੋਂ ਵੱਧ ਸਹਿਯੋਗ ਦੇਣ ਲਈ ਅੱਗੇ ਆਉਣ

**ਪਟਿਆਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਸਿੰਘ ਵਲੋਂ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਜੀ ਦੀ ਸਰਪ੍ਰਸਤੀ ਅਤੇ ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ ਦੀ ਸਰਪ੍ਰਸਤੀ ਅਤੇ ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਐਸ ਐਸ ਪੀ ਸੰਗਰੂਰ ਸਰਤਾਜ ਸਿੰਘ ਚੈਹਿਲ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਤੇਸੰਪਰਕ ਪ੍ਰੋਜੈਕਟ ਸਬੰਧੀ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਵਿਸ਼ਵ ਦੀ ਸਭ ਉੱਚੀ ਚੋਟੀ ਮਾਊਂਟ ਏਵਰੇਸਟ ਵਿਜੇਤਾ ਅਤੇ ਅੰਤਰਰਾਸ਼ਟਰੀ ਸ਼ੂਟਰ ਵਿਸ਼ਵ ਰਿਕਾਰਡਧਾਰੀ ਡੀ ਐੱਸ ਪੀ ਸਭ ਡਵੀਜ਼ਨ ਦਿੜ੍ਹਬਾ ਪ੍ਰਿਥਵੀ ਸਿੰਘ ਚੈਹਿਲ ਨੇ ਸ਼ਿਰਕਤ ਕੀਤੀ ਨੇ ਸ਼ਿਰਕਤ ਕੀਤੀ। ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨਸ਼ਾ ਮੁਕਤ ਭਾਰਤ,ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਅਤੇ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਨੇ ਕੀਤੀ, ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ,ਲੱਕੀ ਹਰਦਾਸਪਰ ਨੇ ਸ਼ਿਰਕਤ ਕੀਤੀ।




ਇਸ ਮੌਕੇ ਸੰਬੋਧਨ ਕਰਦਿਆਂ ਵਿਸ਼ਵ ਰਿਕਾਰਡ ਹੋਲਡਰ ਡੀ ਐੱਸ ਪੀ ਪ੍ਰਿਥਵੀ ਸਿੰਘ ਚੈਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਕੂਲ ਪੱਧਰ ਤੇ ਬੱਚਿਆਂ, ਸਕੂਲ ਦੇ ਸਟਾਫ ਅਤੇ ਮਾਪਿਆਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ , ਅਤੇ ਵੱਖ ਵੱਖ ਪਿੰਡਾਂ ਦੇ ਸਰਪੰਚਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾ ਜੋ ਉਹਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਸਕੇ,ਉਹਨਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਨੌਜਵਾਨਾਂ ਅਤੇ ਪਬਲਿਕ ਦੇ ਸਹਿਯੋਗ ਦੀ ਲੋੜ ਹੈ ਅਤੇ ਸਾਨੂੰ ਸਾਰਿਆਂ ਨੂੰ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਅੱਗੇ ਆ ਕੇ ਪਹਿਲ ਕਰਨੀ ਚਾਹੀਦੀ ਹੈ, ਉਹਨਾਂ ਕਿਹਾ ਕਿ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ,ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਨਸ਼ਿਆਂ ਵਿਰੁੱਧ ਰੈਲੀਆਂ, ਨੁੱਕੜ ਨਾਟਕ, ਸੈਮੀਨਾਰ, ਵਿਚਾਰ ਚਰਚਾ ਆਦਿ ਲੜੀਵਾਰ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ ਅਤੇ ਭਰਪੂਰ ਸਹਿਯੋਗ ਦਿੱਤਾ ਜਾਵੇਗਾ ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਦੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹਨਾਂ ਵਲੋਂ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਉਪਰਾਲਾ ਹੈ ਉਹਨਾਂ ਵਲੋਂ ਨਸ਼ਿਆਂ ਵਿਰੁੱਧ ਹਰ ਸੰਭਵ ਮਦਦ ਕੀਤੀ ਜਾਵੇਗੀ।

# ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰੂਪਨਗਰ ਵਿਖੇ ਪਲੇਸਮੈਂਟ ਕੈਂਪ

**ਰੂਪਨਗਰ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰੂਪਨਗਰ ਵੱਲੋਂ ਡਿਪਟੀ ਕਮਿਸ਼ਨਰ ਸ਼੍ਰੀ ਵਰਜੀਤ ਵਾਲੀਆ ਦੀ ਅਗਵਾਈ ਹੇਠ ਲਗਾਏ ਜਾਂਦੇ ਹਫਤਾਵਰੀ ਪਲੇਸਮੈਂਟ ਕੈਂਪਾਂ ਦੀ ਲੜੀ ਤਹਿਤ ਅਗਲਾ ਕੈਂਪ ਅੱਜ ਲਗਾਇਆ ਜਾ ਰਿਹਾ ਹੈ।ਇਸ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਰੂਪਨਗਰ ਸ. ਪ੍ਰਭਜੋਤ ਸਿੰਘ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ ਰਿਲਾਇੰਸ ਨਿਪੋਨ ਲਿਮਟਿਡ ਕੰਪਨੀ ਵੱਲੋਂ ਟ੍ਰੇਨਿੰਗ ਮੈਨੇਜਰ ਦੀ ਇੱਕ ਅਸਾਮੀ ਲਈ ਪੋਸਟ ਗ੍ਰੈਜੂਏਟ ਪਾਸ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਉਮੀਦਵਾਰ ਦੀ ਉਮਰ ਸੀਮਾ 25 ਤੋਂ 40 ਸਾਲ ਨਿਰਧਾਰਤ ਕੀਤੀ ਗਈ ਹੈ। ਉਮੀਦਵਾਰ ਕਮਿਊਨੀਕੇਸ਼ਨ ਸਕਿੱਲ ਚੰਗੀ ਅਤੇ ਪ੍ਰਬੰਧਕੀ ਹੁਨਰ ਹੋਣਾ ਚਾਹੀਦਾ ਹੈ।

ਬੀਮੇ ਸਬੰਧੀ ਗਿਆਨ ਵਾਲੇ ਉਮੀਦਵਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ। ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 5 ਲੱਖ ਅਤੇ ਇਸ ਤੋਂ ਵੱਧ ਸਲਾਨਾ ਤਨਖਾਹ ਮਿਲੇਗੀ।

ਇਸ ਤੋਂ ਇਲਾਵਾ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਈਵੈਂਟ ਮੈਨੇਜਰ ਦੀ ਇੱਕ ਅਸਾਮੀ ਲਈ ਗ੍ਰੈਜੂਏਟ ਜਾਂ ਇਸ ਤੋਂ ਵੱਧ ਯੋਗਤਾ ਵਾਲੇ 25 ਤੋਂ 45 ਸਾਲ ਦੇ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ। ਇਸ ਅਸਾਮੀ ਤੇ ਚੁਣੇ ਜਾਣ ਵਾਲੇ ਉਮੀਦਵਾਰ ਨੂੰ 4 ਲੱਖ ਅਤੇ ਇਸ ਤੋਂ ਵੱਧ ਸਲਾਨਾ ਤਨਖਾਹ ਮਿਲੇਗੀ। ਉਮੀਦਵਾਰ ਦੀ ਕਮਿਊਨੀਕੇਸ਼ਨ ਸਕਿੱਲ ਚੰਗੀ ਹੋਣੀ ਚਾਹੀਦੀ ਹੈ ਅਤੇ ਉਮੀਦਵਾਰ ਪ੍ਰੋਗਰਾਮਾਂ ਦਾ ਆਯੋਜਨ ਕਰਨ ਦੇ ਯੋਗ ਹੋਣਾ ਚਾਹੀਦਾ ਹੈ। ਇਸ ਅਸਾਮੀ ਲਈ ਮਰਦ/ਔਰਤ ਦੋਵੇਂ ਅਪਲਾਈ ਕਰ ਸਕਦੇ ਹਨ।

ਇਸ ਦੇ ਨਾਲ ਹੀ ਡਿਵੈਲਪਮੈਂਟ ਮੈਨੇਜਰ ਦੀਆਂ 6 ਅਸਾਮੀਆਂ ਲਈ ਗ੍ਰੈਜੂਏਟ ਪਾਸ 25 ਤੋਂ 45 ਸਾਲ ਦੇ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ। ਨੌਕਰੀ ਕਰਨ ਦਾ ਸਥਾਨ ਰੋਪੜ ਹੈ। ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 2.40 ਲੱਖ ਤੋਂ 7 ਲੱਖ ਪ੍ਰਤੀ ਸਾਲ ਤਨਖਾਹ ਮਿਲੇਗੀ।

ਉਨ੍ਹਾਂ ਦੱਸਿਆ ਕਿ ਇੰਨਸ਼ੋਰੈਂਸ ਮੈਨੇਜਰ ਦੀਆਂ 20 ਅਸਾਮੀਆਂ ਲਈ ਬਾਰਵੀਂ ਪਾਸ ਉਮੀਦਵਾਰਾਂ ਦੀ ਇੰਟਰਵਿਊ ਲਈ ਜਾਵੇਗੀ। ਉਮੀਦਵਾਰ ਦੀ ਉਮਰ 25 ਤੋਂ 45 ਸਾਲ ਦੇ ਵਿੱਚ ਹੋਣੀ ਚਾਹੀਦੀ ਹੈ। ਇਸ ਅਸਾਮੀ ਤੇ ਚੁਣੇ ਜਾਣ ਵਾਲੇ ਉਮੀਦਵਾਰਾਂ ਨੂੰ 1.80 ਲੱਖ ਰੁਪਏ ਸਲਾਨਾ ਤਨਖਾਹ ਮਿਲੇਗੀ। ਨੌਕਰੀ ਕਰਨ ਦਾ ਸਥਾਨ ਰੂਪਨਗਰ ਹੈ। ਇਸ ਅਸਾਮੀ ਲਈ ਪੁਰਸ਼/ਔਰਤ ਦੋਵੇਂ ਅਪਲਾਈ ਕਰ ਸਕਦੇ ਹਨ।

# ਡਿਪਟੀ ਕਮਿਸ਼ਨਰ ਨੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ

**ਰੂਪਨਗਰ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਜ਼ਿਲ੍ਹੇ ਦੀਆਂ ਸਮੂਹ ਮੰਡੀਆਂ ਵਿੱਚ ਕਣਕ ਦੀ ਖਰੀਦ ਦੇ ਪੁਖਤਾ ਪ੍ਰਬੰਧਾਂ ਸਬੰਧੀ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਨੇ ਕਣਕ ਦੀ ਖਰੀਦ ਏਜੰਸੀਆਂ ਅਤੇ ਸਮੂਹ ਆੜਤੀਆਂ ਨਾਲ ਮੀਟਿੰਗ ਕੀਤੀ ਅਤੇ ਸਬ ਡਵੀਜ਼ਨਲ ਮੈਜਿਸਟਰੇਟ ਸਮੇਤ ਜ਼ਿਲ੍ਹਾ ਕੰਟਰੋਲਰ, ਖੁਰਾਕ ਤੇ ਸਪਲਾਈਜ਼ ਡਾ. ਕਿੰਮੀ ਵਨੀਤ ਕੌਰ ਸੇਠੀ ਅਤੇ ਸਬੰਧਿਤ ਵਿਭਾਗਾਂ ਨੂੰ ਕਣਕ ਦੀ ਖਰੀਦ ਦੌਰਾਨ ਆਪਣੀ ਬਣਦੀ ਜਿੰਮੇਵਾਰੀ ਨਾਲ ਨਿਭਾਉਣ ਦੀ ਹਦਾਇਤ ਕੀਤੀ।

ਇਸ ਮੌਕੇ ਉਨਾਂ ਸਮੂਹ ਐੱਸ ਡੀ ਐੱਮ ਨੂੰ ਹਦਾਇਤ ਕਰਦਿਆਂ ਉਨ੍ਹਾਂ ਕਿਹਾ ਕਿ ਆਪਣੇ ਇਲਾਕੇ ਅਧੀਨ ਆਉਂਦੀ ਅਨਾਜ ਮੰਡੀ ਦੀ ਕਣਕ ਦੀ ਖਰੀਦ ਅਤੇ ਸਾਂਭ-ਸੰਭਾਲ ਲਈ ਜਿਲ੍ਹਾ ਮੰਡੀ ਅਫਸਰ ਵਲੋਂ ਕੀਤੇ ਗਏ ਪ੍ਰਬੰਧਾਂ ਦਾ ਜਮੀਨੀ ਪੱਧਰ ਉੱਤੇ ਜਾ ਕੇ ਜਾਇਜਾ ਲਿਆ ਜਾਵੇ।

ਉਨ੍ਹਾਂ ਐੱਸ ਡੀ ਐੱਮ ਨੂੰ ਇਹ ਵੀ ਆਦੇਸ਼ ਦਿੱਤੇ ਕਿ ਆਪਣੀ ਸਬ ਡਿਵੀਜ਼ਨ ਉਤੇ ਖਰੀਦ ਏਜੰਸੀਆਂ, ਆੜ੍ਹਤੀਆਂ ਅਤੇ ਹੋਰ ਸਬੰਧਿਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਖਰੀਦ ਉਤੇ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਆਉਣ ਉਤੇ ਮੌਕੇ ਉਤੇ ਹੱਲ ਕਰਨ ਦੇ ਢੁਕਵੇਂ ਪ੍ਰਬੰਧ ਕੀਤੇ ਜਾਣ। ਉਨ੍ਹਾਂ ਆਦੇਸ਼ ਦਿੱਤੇ ਕਿ ਮੰਡੀਆਂ ਵਿੱਚ ਪੀਣ ਵਾਲਾ ਪਾਣੀ, ਬਿਜਲੀ, ਸਫਾਈ, ਛਾਂ ਅਤੇ ਖਪਾਨਿਆ ਦਾ ਯੋਗ ਪ੍ਰਬੰਧ ਕੀਤਾ ਜਾਵੇ।



ਸ੍ਰੀ ਵਰਜੀਤ ਵਾਲੀਆ ਨੇ ਕਿਹਾ ਕਿ ਜਿਲ੍ਹੇ ਦੀ ਨੋਟੀਫਾਈ ਕੀਤੀਆਂ ਮੰਡੀਆਂ ਵਿਚ ਬਾਰਦਾਨੇ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾ ਦੀ ਫਸਲ ਸਮੇਂ ਸਿਰ ਖਰੀਦ ਕਰਨ ਤੋਂ ਬਾਅਦ ਕਿਸਾਨਾਂ ਨੂੰ ਅਦਾਇਗੀ 48 ਘੰਟਿਆਂ ਦੇ ਅੰਤਰਾਲ ਵਿੱਚ ਹੀ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਅਧਿਕਾਰੀਆਂ ਵਲੋਂ ਜ਼ਿਲ੍ਹੇ ਦੀ ਹਰ ਇੱਕ ਮੰਡੀ ਵਿੱਚ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਕਣਕ ਨੂੰ 72 ਘੰਟਿਆਂ ਦੇ ਅੰਦਰ-ਅੰਦਰ ਮੰਡੀ ਵਿਚੋਂ ਚੁੱਕ ਕੇ ਭੰਡਾਰ ਕਰਨ ਵਾਲੀ ਥਾਂ ਉਤੇ ਸਟੋਰ ਕਰਨ ਲਈ ਲੇਬਰ, ਲੇਬਰ-ਕਾਰਟੇਜ ਅਤੇ ਟਰਾਂਸਪੋਰਟੇਸ਼ਨ ਦੇ ਕੀਤੇ ਗਏ ਪ੍ਰਬੰਧਾਂ ਦੀ ਸਮੀਖਿਆ ਕੀਤੀ ਜਾਵੇ।

ਉਨ੍ਹਾਂ ਪੁਲਿਸ ਵਿਭਾਗ ਨੂੰ ਕਿਹਾ ਕਿ ਸੀਜ਼ਨ ਦੌਰਾਨ ਬਾਹਰਲੇ ਰਾਜਾਂ ਤੋਂ ਜਿਲ੍ਹੇ ਦੀਆਂ ਮੰਡੀਆ ਵਿੱਚ ਐਮ.ਐਸ.ਪੀ. ਤੇ ਕਣਕ ਵੇਚਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੰਟਰ-ਸਟੇਟ ਨਾਕੇ ਅਤੇ ਫਲਾਇੰਗ ਸਕੁਐਡ ਰਾਹੀ ਵਾਹਨਾ ਦੀ ਚੈਕਿੰਗ ਉਤੇ ਸਖ਼ਤੀ ਕੀਤੀ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵ) ਚੰਦਰਯੋਤੀ ਸਿੰਘ, ਐਸ ਪੀ ਅਰਵਿੰਦ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਐਸ.ਡੀ.ਐਮ. ਮੋਰਿੰਡਾ ਸੁਖਪਾਲ ਸਿੰਘ, ਐਸ.ਡੀ.ਐਮ. ਸ੍ਰੀ ਅਨੰਦਪੁਰ ਸਾਹਿਬ ਜਸਪ੍ਰੀਤ ਸਿੰਘ, ਐਸ.ਡੀ.ਐਮ. ਸ੍ਰੀ ਚਮਕੌਰ ਸਾਹਿਬ ਅਮਰੀਕ ਸਿੰਘ ਸਿੱਧੂ, ਐਸ.ਡੀ.ਐਮ. ਰੂਪਨਗਰ ਸਚਿਨ ਪਾਠਕ, ਜ਼ਿਲ੍ਹਾ ਮੈਨੇਜਰ ਮਾਰਕਫੈੱਡ ਸ੍ਰੀਮਤੀ ਨਵੀਤਾ, ਜਿਲ੍ਹਾ ਮੈਨੇਜਰ ਪਨਸਪ ਸ੍ਰੀ ਪਰਮਿੰਦਰਜੀਤ ਬੋਪਾਰਾਏ, ਜਿਲ੍ਹਾ ਮੈਨੇਜਰ ਵੇਅਰਹਾਉਸ ਸ੍ਰੀ ਰਘਵੀਰ ਸਿੰਘ ਅਤੇ ਐਫ.ਸੀ.ਆਈ. ਏਜੰਸੀ ਦੇ ਨੁਮਾਇੰਦੇ, ਆੜਤੀ ਐਸੋਸੀਏਸ਼ਨ ਸ੍ਰੀ ਚਮਕੌਰ ਸਾਹਿਬ ਪ੍ਰਧਾਨ ਮੇਜਰ ਸਿੰਘ ਮਾਂਗਟ, ਮੋਰਿੰਡਾ ਤੋਂ ਆੜਤੀ ਗੁਰਮੇਲ ਰੰਗੀ, ਬੇਲੀ ਤੋਂ ਆੜਤੀ ਸੁਰਿੰਦਰ ਸਿੰਘ, ਰੋਪੜ ਤੋਂ ਟ੍ਰਾਂਸਪੋਟਰ ਗੁਰਮੁਖ ਸਿੰਘ, ਨੰਗਲ ਤੋਂ ਰੋਹਿਤ ਕਾਲੀਆ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਮੋਰਿੰਡਾ ਦੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕਮੀ ਨਹੀ: ਵਿਧਾਇਕ ਡਾ. ਚਰਨਜੀਤ ਸਿੰਘ



**ਰੂਪਨਗਰ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਕਾਰਜਸ਼ੀਲ ਹੈ। ਹੁਣ ਤੱਕ ਸੂਬੇ ਵਿਚ ਵਿਆਪਕ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਗਏ ਹਨ, ਜੋ ਨਿਰੰਤਰ ਜਾਰੀ ਹਨ। ਇਸੇ ਤਰ੍ਹਾਂ ਮੋਰਿੰਡਾ ਦੇ ਵਿਕਾਸ ਕਾਰਜਾਂ ਲਈ ਵੀ ਫੰਡਾਂ ਦੀ ਕਮੀ ਨਹੀ ਆਉਣ ਦਿੱਤੀ ਜਾਵੇਗੀ।

ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਅੱਜ ਮੋਰਿੰਡਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਵਾਰਡ ਨੰਬਰ 8 ਅਤੇ 3 ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।

ਡਾ. ਚਰਨਜੀਤ ਸਿੰਘ ਨੇ ਦੱਸਿਆ ਕਿ ਵਾਰਡ ਨੰਬਰ 3 ਅਤੇ ਵਾਰਡ ਨੰਬਰ 8 ਵਿੱਚ 2 ਰੋਡ ਬਣਾਏ ਜਾਣਗੇ, ਜਿਨ੍ਹਾਂ ਦੀ ਲਾਗਤ ਲਗਭਗ 25 ਲੱਖ ਦੀ ਹੋਵੇਗੀ, ਇਸ ਤੋਂ ਇਲਾਵਾ ਵਿਧਾਇਕ ਵੱਲੋਂ ਵਾਰਡ ਨੰਬਰ 3 ਵਿੱਚ ਓਪਨ ਜ਼ਿੰਮ ਦਾ ਉਦਘਾਟਨ ਵੀ ਕੀਤਾ ਗਿਆ, ਜਿਸ ਵਿੱਚ ਆਮ ਲੋਕ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਇਨ੍ਹਾਂ ਫਿੱਟਨੈੱਸ ਮਸ਼ੀਨਾਂ ਦੀ ਵਰਤੋਂ ਕਰ ਸਕਣਗੇਵਿਧਾਇਕ ਡਾ. ਚਰਨਜੀਤ ਸਿੰਘ ਨੇ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਮੋਰਿੰਡਾ ਸ਼ਹਿਰ ਦੇ ਵਿਕਾਸ ਵਿੱਚ ਭਵਿਖ ਵਿੱਚ ਵੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

# ਪਿੰਡ ਤਰਖਾਣ ਮਾਜਰਾ ਤੋਂ ਭਮਾਰਸੀ ਤੱਕ ਦੀ ਸੜ੍ਹਕ ਦਾ 9.75 ਕਰੋੜ ਰੁਪਏ ਨਾਲ ਕੀਤਾ ਜਾਵੇਗਾ ਨਵੀਨੀਕਰਨ -ਵਿਧਾਇਕ ਰਾਏ

**ਫ਼ਤਹਿਗੜ੍ਹ ਸਾਹਿਬ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਲਿੰਕ ਸੜ੍ਹਕਾਂ ਦੇ ਨਿਰਮਾਣ ਤੇ ਅਪਗ੍ਰੇਡੇਸ਼ਨ ਲਈ 2873 ਕਰੋੜ ਰੁਪਏ ਖਰਚ ਕੀਤੇ ਜਾਣਗੇ ਅਤੇ ਹਰੇਕ ਪਿੰਡ ਨੂੰ ਜਾਣ ਵਾਲੀ ਸੜ੍ਹਕ ਦੀ ਸ਼ਹਿਰਾਂ ਦੀ ਤਰਜ਼ ਤੇ ਨੁਹਾਰ ਬਦਲੀ ਜਾਵੇਗੀ ਤਾਂ ਜੋ ਲੋਕਾਂ ਨੂੰ ਸੜ੍ਹਕੀ ਆਵਾਜਾਈ ਦੌਰਾਨ ਕੋਈ ਪ੍ਰੇਸ਼ਾਨੀ ਨਾ ਆਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ 09.75 ਕਰੋੜ ਦੀ ਲਾਗਤ ਨਾਲ ਪਿੰਡ ਤਰਖਾਣ ਮਾਜਰਾ ਤੋਂ ਭਮਾਰਸੀ ਤੱਕ ਦੀ 10 ਕਿਲੋਮੀਟਰ ਸੜ੍ਹਕ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਮੌਕੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਇਸ ਸੜ੍ਹਕ ਦੇ 05 ਸਾਲ ਤੱਕ ਦੇ ਰੱਖ-ਰਖਾਵ ਲਈ ਵੀ 61 ਲੱਖ ਰੁਪਏ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਜੰਗੀ ਪੱਧਰ ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿੱਚ ਖੜੋਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੜ੍ਹਕ ਦੇ ਮੁਕੰਮਲ ਹੋਣ ਨਾਲ ਆਲੇ ਦੁਆਲੇ ਦੇ ਪਿੰਡਾਂ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਉਪਲਬਧ ਹੋਣਗੀਆਂ ਅਤੇ ਲੋਕਾਂ ਦੀਆਂ ਸੜ੍ਹਕ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਵੀ ਹੋਵੇਗਾ।

ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰੰਗਲਾ ਪੰਜਾਬ ਵਿਕਾਸ ਸਕੀਮ ਅਧੀਨ 585 ਕਰੋੜ ਰੁਪਏ ਰੱਖੇ ਗਏ ਹਨ ਅਤੇ ਹਰੇਕ ਵਿਧਾਨ ਸਭਾ ਹਲਕੇ ਲਈ 5 ਕਰੋੜ ਰੁਪਏ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਬਜਟ ਵਿੱਚ 3500 ਕਰੋੜ ਰੁਪਏ ਰੱਖ ਕੇ ਆਪਣੀ ਵਿਕਾਸ-ਪੱਖੀ ਵਚਨਬੱਧਤਾ ਦਰਸਾਈ ਹੈ ਅਤੇ ਖੇਡਦਾ ਪੰਜਾਬ ਬਦਲਦਾ ਪੰਜਾਬ ਤਹਿਤ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਪਿੰਡਾਂ ਵਿੱਚ ਖੇਡ ਸਟੇਡੀਅਮ ਵੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ 5-5 ਕਰੋੜ ਰੁਪਏ ਨਾਲ ਹਰੇਕ ਹਲਕੇ ਦੇ ਵਿਕਾਸ ਕਰਵਾਇਆ ਜਾਵੇਗਾ। ਜਿਸ ਨਾਲ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਕਾਰਜਾਂ ਵਿੱਚ ਤੇਜੀ ਆਵੇਗੀ।

ਵਿਧਾਇਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੀ ਸਹੂਲਤ ਨੂੰ ਹਮੇਸ਼ਾਂ ਤਰਜੀਹ ਦਿੱਤੀ ਹੈ ਤਾਂ ਜੋ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਨ੍ਹਾਂ ਪਿੰਡ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਤਾਂ ਜੋ ਸੂਬੇ ਨੂੰ ਨਸ਼ਾ ਮੁਕਤ ਕਰਕੇ ਹੱਸਦਾ, ਵੱਸਦਾ ਤੇ ਰੰਗਲਾ ਪੰਜਾਬ ਬਣਾਇਆ ਜਾ ਸਕੇ। ਉਨ੍ਹਾਂ ਪੰਚਾਇਤਾਂ ਨੂੰ ਕਿਹਾ ਕਿ ਪਿੰਡਾਂ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਦੀ ਖੁਦ ਨਿਗਰਾਨੀ ਕੀਤੀ ਜਾਵੇ ਤਾਂ ਜੋ ਕੰਮ ਦੇ ਮਿਆਰ ਵਿੱਚ ਕੋਈ ਕਮੀਂ ਨਾ ਆਵੇ।

ਇਸ ਮੌਕੇ ਪ੍ਰਿਤਪਾਲ ਸਿੰਘ ਜੱਸੀ, ਰਮੇਸ਼ ਕੁਮਾਰ ਸੋਨੂੰ, ਬਲਵੀਰ ਸਿੰਘ ਸੋਢੀ, ਦੀਪਕ ਬਾਤਿਸ਼, ਸਰਪੰਚ ਪਰਵਿੰਦਰ ਸਿੰਘ ਖੋਜੇ ਮਾਜਰਾ, ਸਰਪੰਚ ਸਤਪਾਲ ਸਿੰਘ ਖਰੇ, ਠੇਕੇਦਾਰ ਅਵਤਾਰ ਸਿੰਘ, ਕਿੰਦਰ ਭੱਲ ਮਾਜਰਾ, ਬਲਜਿੰਦਰ ਸਿੰਘ ਕਾਕਾ ਮਲਕੋ ਮਾਜਰਾ, ਚੂਹੜ ਸਿੰਘ, ਅਸੀਸ ਕੁਮਾਰ ਅਤਰੀ, ਬਿਕਰਮਜੀਤ ਸਿੰਘ ਤਰਖਾਣ ਮਾਜਰਾ, ਰਾਜਪਾਲ ਸਿੰਘ ਸਾਬਕਾ ਸਰਪੰਚ, ਮਨਜਿੰਦਰ ਸਿੰਘ ਸਰਪੰਚ ਤੇ ਕਾਲਾ ਪੰਚ ਗੁਰਮੀਤ ਸਿੰਘ ਸਾਬਕਾ ਸਰਪੰਚ, ਜਗਜੀਤ ਸਿੰਘ ਸਰਪੰਚ ਝੋਲਟੀ ਖੇੜੀ, ਗੁਰਵੀਰ ਸਿੰਘ ਜੱਲਾ, ਨੰਬਰਦਾਰ ਸਤਬੀਰ ਸਿੰਘ ਜੱਲਾ, ਰੁਪਿੰਦਰ ਸਿੰਘ, ਚਮਨ ਕੁਰੇਸੀ, ਮਨਦੀਪ ਪੋਲਾ, ਦਿਲਪ੍ਰੀਤ ਭੱਟੀ, ਪੀਏ ਸਤੀਸ਼ ਕੁਮਾਰ ਨਿੱਜੀ ਸਕੱਤਰ ਮਾਨਵ ਟਿਵਾਣਾ ਆਦਿ ਵੀਂ ਹਾਜਰ ਸਨ।

# ਜ਼ਿਲ੍ਹਾ ਮੋਗਾ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ, ਪ੍ਰਬੰਧ ਮੁਕੰਮਲ

**ਮੋਗਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਕਣਕ ਦੀ ਸਰਕਾਰੀ ਖਰੀਦ ਮਿਤੀ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਜਿਸ ਲਈ ਜ਼ਿਲ੍ਹਾ ਮੋਗਾ ਵਿੱਚ ਵੀ ਖਰੀਦ ਪ੍ਰਬੰਧ ਨੇਪਰੇ ਚਾੜ੍ਹੇ ਜਾ ਚੁੱਕੇ ਹਨ।



ਇਸ ਸੰਬੰਧੀ ਅੱਜ ਸ਼੍ਰੀ ਸਾਗਰ ਸੇਤੀਆ, ਡਿਪਟੀ ਕਮਿਸ਼ਨਰ, ਮੋਗਾ ਨੇ ਰੱਬੀ ਸੀਜ਼ਨ 2025-26 ਦੇ ਸਬੰਧ ਵਿੱਚ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ।

ਉਹਨਾਂ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਪ੍ਰਤੀ ਹੈਕਟੇਅਰ 56 ਕੁਇੰਟਲ ਤੋਂ ਵੱਧ ਕਣਕ ਦੀ ਪੈਦਾਵਾਰ ਹੋਣ ਦੀ ਸੰਭਾਵਨਾ ਹੈ। ਪਿਛਲੇ ਸਾਲ ਇਹ ਪੈਦਾਵਾਰ ਪ੍ਰਤੀ ਹੈਕਟੇਅਰ 56 ਕੁਇੰਟਲ ਦਰਜ ਕੀਤੀ ਗਈ ਸੀ।

ਚੱਲਦੇ ਮੌਸਮ ਨੂੰ ਦੇਖਦੇ ਹੋਏ ਸੰਭਾਵਨਾ ਹੈ ਕਿ ਮੰਡੀਆਂ ਵਿਚ ਨਵੀਂ ਕਣਕ ਦੀ ਆਮਦ ਇਕ ਹਫ਼ਤੇ ਤੱਕ ਹੋਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਲ੍ਹੇ ਦੀਆਂ ਕੁੱਲ 109 ਮੰਡੀਆਂ ਵਿੱਚ ਅੰਦਾਜ਼ਨ 735000 ਮੀਟਰਕ ਟਨ ਕਣਕ ਆਮਦ ਆਉਣ ਦੀ ਸੰਭਾਵਨਾ ਹੈ।

ਜਿਸ ਲਈ ਸਮੂਹ ਖਰੀਦ ਏਜੰਸੀਆਂ ਵਿਚਕਾਰ ਇਹਨਾਂ ਮੰਡੀਆਂ ਦੀ ਅਲਾਟਮੈਂਟ ਕਰ ਦਿੱਤੀ ਗਈ ਹੈ। ਸਮੂਹ ਖਰੀਦ ਏਜੰਸੀਆਂ ਕੋਲ ਲੋੜੀਂਦੀ ਮਾਤਰਾ ਵਿੱਚ ਬਾਰਦਾਨਾ / ਗੱਠਾਂ ਉਪਲੱਬਧ ਹਨ।

ਉਹਨਾਂ ਕਿਹਾ ਕਿ ਰੱਬੀ ਸੀਜ਼ਨ 2025-26 ਦੌਰਾਨ ਖਰੀਦ ਦਾ ਸਮਾਂ ਮਿਤੀ 1 ਅਪ੍ਰੈਲ, 2025 ਤੋਂ 31 ਮਈ, 2025 ਤੱਕ ਨਿਰਧਾਰਿਤ ਕੀਤਾ ਹੈ। ਵਿਭਾਗ ਵੱਲੋਂ 2425 ਰੁਪਏ ਪ੍ਰਤੀ ਕੁਇੰਟਲ ਮੁੱਲ ਨਿਰਧਾਰਿਤ ਕੀਤਾ ਗਿਆ ਹੈ।

ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ ਸ਼੍ਰੀਮਤੀ ਗੀਤਾ ਬਿਸ਼ੰਭੂ ਨੇ ਦੱਸਿਆ ਕਿ ਕਣਕ ਦੀ ਸਰਕਾਰੀ ਖਰੀਦ ਲਈ ਜ਼ਿਲ੍ਹਾ ਮੋਗਾ ਵਿੱਚ 109 ਸਰਕਾਰੀ ਖਰੀਦ ਕੇਂਦਰ ਨਿਰਧਾਰਤ ਕੀਤੇ ਗਏ ਹਨ। ਜਿੰਨਾ ਵਿੱਚ ਖਰੀਦ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਵਿੱਚ ਖਰੀਦ ਕਾਰਜਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਸਮੂਹ ਵਿਭਾਗਾਂ ਨੂੰ ਹਦਾਇਤ ਜਾਰੀ ਕਰ ਦਿੱਤੀ ਗਈ ਹੈ।

ਜ਼ਿਲ੍ਹਾ ਪ੍ਰਸ਼ਾਸ਼ਨ ਕਿਸਾਨਾਂ ਦਾ ਇਕ ਇਕ ਦਾਣਾ ਖਰੀਦਣ ਲਈ ਦ੍ਰਿੜ ਵਚਨਬੱਧ ਹੈ। ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਸੁੱਕੀ ਕਣਕ ਮੰਡੀਆਂ ਵਿੱਚ ਲਿਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਕਣਕ ਵਿੱਚ 12 ਫੀਸਦੀ ਤੋਂ ਵੱਧ ਨਮੀ ਨਹੀਂ ਹੋਣੀ ਚਾਹੀਦੀ।

ਉਹਨਾਂ ਕਿਸਾਨਾਂ ਨੂੰ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਦੀ ਵੀ ਅਪੀਲ ਕੀਤੀ।

# ਭਾਖੜਾ ਨਹਿਰ 'ਚ ਡਿੱਗੀ ਕਾਰ ਜਾਨੀ ਨੁਕਸਾਨ ਤੋ ਬਚਾਅ

**ਸਮਾਣਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀਂ ਦੁਪਹਿਰ ਬਾਅਦ ਸਮਾਣਾ- ਪਟਿਆਲਾ ਸੜਕ 'ਤੇ ਭਾਖੜਾ ਪੁਲ ਨੇੜੇ ਇਕ- ਬਲੈਰੋ ਗੱਡੀ ਦਾ ਭਾਖੜਾ ਨਹਿਰ 'ਚ ਅਚਾਨਕ ਡਿੱਗ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਮੌਕੇ 'ਤੇ ਇਕੱਤਰ ਲੋਕਾਂ ਨੇ ਬਲੈਰੋ ਜੀਪ ਨੂੰ ਭਾਖੜਾ ਨਹਿਰ 'ਚੋਂ ਕਰੇਨ ਨਾਲ ਬਾਹਰ ਕੱਢਵਾਇਆ।




ਜਾਣਕਾਰੀ ਦਿੰਦਿਆਂ ਰਾਹਗੀਰਾਂ ਨੇ ਦੱਸਿਆ ਕਿ ਬਲੈਰੋ ਗੱਡੀ 'ਚ ਸਵਾਰ ਪ੍ਰਭ ਸਿੰਘ ਅਤੇ ਸਤਨਾਮ ਸਿੰਘ ਵਾਸੀ ਪਿੰਡ ਫਤਿਹਮਾਜਰੀ ਜੋ ਪਟਿਆਲਾ ਵੱਲੋਂ ਸਮਾਣਾ ਆ ਰਹੇ ਸਨ ਕਿ ਭਾਖੜਾ ਪੁਲ ਨੇੜੇ ਬਲੇਰੋ ਗੱਡੀ ਦੀ ਰਫਤਾਰ ਤੇਜ਼ ਹੋਣ ਕਾਰਨ ਘਬਰਾ ਕੇ ਅਚਾਨਕ ਹੈਂਡ ਬਰੇਕ ਲਾ ਦਿੱਤੇ ਜਾਣ ਕਾਰਨ ਗੱਡੀ ਬੇਕਾਬੂ ਹੋ ਕੇ ਭਾਖੜਾ ਨਹਿਰ 'ਚ ਜਾ ਡਿੱਗੀ। ਬਲੈਰੋ 'ਚ ਸਵਾਰ ਦੋਨੋਂ ਨੌਜਵਾਨਾਂ ਵੱਲੋਂ ਰੌਲਾ ਪਾਉਣ 'ਤੇ ਰਾਹਗੀਰਾਂ ਨੇ ਨਹਿਰ 'ਚ ਛਾਲਾਂ ਮਾਰ ਕੇ ਨੌਜਵਾਨਾਂ, ਨੂੰ ਸੁਰੱਖਿਅਤ ਬਾਹਰ ਕੱਢ ਲਿਆ ਜ਼ਿਕਰਯੋਗ ਹੈ ਕਿ ਨਹਿਰੀ ਵਿਭਾਗ ਵੱਲੋਂ ਭਾਖੜਾ ਨਹਿਰ ਦੀ ਮੁਰਮਤ ਦਾ ਕਈ ਦਿਨਾਂ ਤੋਂ ਕੰਮ ਚੱਲਣ ਕਾਰਨ ਪਾਣੀ ਦਾ ਵਹਾਅ ਕਾਫੀ ਘੱਟ ਕੀਤਾ ਹੋਇਆ ਹੈ।

# ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ ਅਤੇ ਸਰਕਾਰੀ ਸਕੂਲ ਵਿੱਚ 5 ਅਪ੍ਰੈਲ ਤੱਕ ਛੁੱਟੀ ਘੋਸ਼ਿਤ: ਡਿਪਟੀ ਕਮਿਸ਼ਨਰ


**ਬਠਿੰਡਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ ਅਤੇ ਸਰਕਾਰੀ ਸਕੂਲ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ। ਹੁਕਮ ਅਨੁਸਾਰ ਉਹਨਾਂ ਨੇ ਦੱਸਿਆ ਕਿ 3 ਅਪ੍ਰੈਲ 2025 ਨੂੰ ਜਿਲੇ ਦੇ ਪਿੰਡ ਮਾਈਸਰਖਾਨਾ ਵਿਖੇ ਹਰ ਸਾਲ ਦੀ ਤਰ੍ਹਾਂ 3 ਅਪ੍ਰੈਲ 2025 ਨੂੰ ਮੇਲਾ ਲੱਗਦਾ ਹੈ। ਲੱਗਣ ਵਾਲੇ ਮੇਲੇ ਦੇ ਮੱਦੇਨਜ਼ਰ ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ



ਸਕੂਲ ਅਤੇ ਸਰਕਾਰੀ ਸਕੂਲ ਵਿੱਚ 2 ਅਪ੍ਰੈਲ 2025 ਤੋਂ 4 ਅਪ੍ਰੈਲ 2025 ਦਿਨ ਬੁੱਧਵਾਰ ਵੀਰਵਾਰ ਅਤੇ ਹੁਕਮ ਅਨੁਸਾਰ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ ਅਤੇ ਸਰਕਾਰੀ ਸਕੂਲ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ। ਹੁਕਮ ਅਨੁਸਾਰ ਉਹਨਾਂ ਨੇ ਦੱਸਿਆ ਕਿ 3 ਅਪ੍ਰੈਲ 2025 ਨੂੰ ਜਿਲੇ ਦੇ ਪਿੰਡ ਮਾਈਸਰਖਾਨਾ ਵਿਖੇ ਹਰ ਸਾਲ ਦੀ ਤਰ੍ਹਾਂ 3 ਅਪ੍ਰੈਲ 2025 ਨੂੰ ਮੇਲਾਸ਼ੁਕਰਵਾਰ ਨੂੰ ਸਰਕਾਰੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।

# ਹਰਿਆਣਾ ਪਾਵਰ ਰੈਗੂਲੇਟਰੀ ਵੱਲੋਂ ਬਿਜਲੀ ਦਰਾਂ ਵਿੱਚ ਵਾਧਾ



**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਪਾਵਰ ਰੈਗੂਲੇਟਰ ਐਚਈਆਰਸੀ ਨੇ 2025-26 ਲਈ ਬਿਜਲੀ ਟੈਰਿਫ ਆਰਡਰ ਦਾ ਐਲਾਨ ਕੀਤਾ ਹੈ, ਜਿਸ ਵਿੱਚ ਘਰੇਲੂ ਅਤੇ ਉਦਯੋਗਿਕ ਸ਼੍ਰੇਣੀਆਂ ਲਈ ਪਿਛਲੇ ਸਾਲ ਦੇ ਮੁਕਾਬਲੇ 20 ਤੋਂ 30 ਪੈਸੇ ਪ੍ਰਤੀ kWh/kVAh ਤੱਕ ਬਿਜਲੀ ਦਰਾਂ ਵਿੱਚ ਵਾਧਾ ਕੀਤਾ ਗਿਆ ਹੈ। ਹਰਿਆਣਾ ਬਿਜਲੀ ਰੈਗੂਲੇਟਰੀ ਕਮਿਸ਼ਨ (HERC) ਦਾ ਹੁਕਮ ਮੰਗਲਵਾਰ ਦੇਰ ਰਾਤ ਜਨਤਕ ਕੀਤਾ ਗਿਆ।

ਘਰੇਲੂ ਖਪਤਕਾਰਾਂ ਲਈ HERC ਨੇ ਬਿਜਲੀ ਦਰ ਵਿੱਚ 20 ਪੈਸੇ ਪ੍ਰਤੀ kWh (ਕਿਲੋਵਾਟ ਘੰਟੇ) ਦਾ ਵਾਧਾ ਕੀਤਾ ਹੈ। 0 ਤੋਂ 50 ਯੂਨਿਟਾਂ ਦੇ ਸਲੈਬ ਵਿੱਚ ਬਿਜਲੀ ਦੀ ਦਰ ਹੁਣ 2 ਰੁਪਏ ਪ੍ਰਤੀ ਕਿਲੋਵਾਟ ਘੰਟਾ ਤੋਂ ਵਧਾ ਕੇ 2.20 ਰੁਪਏ ਪ੍ਰਤੀ ਕਿਲੋਵਾਟ ਘੰਟਾ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ 51-100 ਯੂਨਿਟਾਂ ਵਾਲੇ ਸਲੈਬ ਵਿਚ ਵੀ ਇਹ ਵਾਧਾ ਦੇਖਿਆ ਗਿਆ ਸੀ ਜਿਸ ਵਿਚ ਦਰ 2.50 ਰੁਪਏ ਪ੍ਰਤੀ ਕਿਲੋਵਾਟ ਘੰਟਾ ਤੋਂ ਵਧਾ ਕੇ 2.70 ਰੁਪਏ ਪ੍ਰਤੀ ਕਿਲੋਵਾਟ ਘੰਟਾ ਕਰ ਦਿੱਤੀ ਗਈ ਹੈ।

ਪ੍ਰਤੀ ਮਹੀਨਾ 100 ਯੂਨਿਟਾਂ ਤੋਂ ਵੱਧ ਖਪਤ ਕਰਨ ਵਾਲੇ ਖਪਤਕਾਰਾਂ ਦੇ ਨਾਲ 0-150 ਯੂਨਿਟਾਂ ਦੇ ਸਲੈਬ ਵਿੱਚ ਦਰ 2.75 ਰੁਪਏ ਪ੍ਰਤੀ ਕਿਲੋਵਾਟ ਘੰਟਾ ਤੋਂ ਵਧਾ ਕੇ 2.95 ਰੁਪਏ ਕਰ ਦਿੱਤੀ ਗਈ ਹੈ।

ਇਹ ਨਵਾਂ ਟੈਰਿਫ ਢਾਂਚਾ ਘੱਟੋ-ਘੱਟ ਮਾਸਿਕ ਚਾਰਜ ($$3) ਦੇ ਬੋਝ ਨੂੰ ਖਤਮ ਕਰਕੇ ਘਰਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਦਾ ਹੈ। 300 ਯੂਨਿਟ ਤੱਕ ਮਾਸਿਕ ਊਰਜਾ ਖਪਤ ਵਾਲੇ ਘਰੇਲੂ ਖਪਤਕਾਰਾਂ ਤੋਂ ਕੋਈ ਸਥਿਰ ਚਾਰਜ ਨਹੀਂ ਲਏ ਜਾਣਗੇ।

ਇਕ ਬਿਆਨ ਵਿਚ ਕਿਹਾ ਗਿਆ ਹੈ ਕਿ ਸ਼੍ਰੇਣੀ-1 ਘਰੇਲੂ ਖਪਤਕਾਰਾਂ ਲਈ ਟੈਰਿਫ ਅਜੇ ਵੀ ਗੁਆਂਢੀ ਰਾਜਾਂ ਵਿੱਚੋਂ ਸਭ ਤੋਂ ਘੱਟ ਹੈ।

# ਸੈਣੀ ਨੇ ਭਾਜਪਾ ਆਗੂ ਨਾਲ ਦੁੱਖ ਸਾਂਝਾ ਕੀਤਾ



**ਸ਼ਾਹਬਾਦ ਮਾਰਕੰਡਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਨੇ ਪਿੰਡ ਕੌਲਾਪੁਰ ਵਿੱਚ ਭਾਜਪਾ ਦੇ ਸੀਨੀਅਰ ਨੇਤਾ ਗਰਜਾ ਸਿੰਘ ਦੀ ਪਤਨੀ ਸਵਰਗੀ ਵਰਸ਼ਾ ਰਾਣੀ ਦੀ ਮੌਤ ’ਤੇ ਉਨ੍ਹਾਂ ਦੇ ਗ੍ਰਹਿ ਜਾ ਕੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਭਾਜਪਾ ਆਗੂ ਗਰਜਾ ਸਿੰਘ, ਪੁੱਤਰ ਅਜੈ ਟੋਰ, ਵਿਜੈ, ਭਰਾ ਜੈ ਚੰਦ ਸੁਕਰਮ ਪਾਲ ਕਸ਼ਯਪ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਤੇ ਪ੍ਰਮਾਤਮਾ ਤੋਂ ਵਿਛੜੀ ਰੂਹ ਲਈ ਸ਼ਾਂਤੀ ਤੇ ਪਰਿਵਾਰ ਨੂੰ ਭਾਣਾ ਮੰਨਣ ਦੀ ਸ਼ਕਤੀ ਪ੍ਰਦਾਨ ਕਰਨ ਦੀ ਮੰਗ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸਵਰਗੀ ਵਰਸ਼ਾ ਰਾਣੀ ਦੀ ਮੌਤ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪਰਮਾਤਮਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਭਾਜਪਾ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਗੋਲਡੀ, ਅਮਰਿੰਦਰ ਸਿੰਘ, ਹਰਮੇਸ਼ ਸੈਣੀ, ਸਤਬੀਰ ਮੰਗੋਲੀ, ਸਤ ਪ੍ਰਕਾਸ਼ ਸੈਣੀ ਮੌਜੂਦ ਸਨ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਬਟਾਲਾ ਵਿਖੇ ਇਕ ਨਵੇਂ ਅਤਿ : ਆਧੁਨਿਕ ਸਕੂਲ ਦਾ ਸ਼ਾਨਦਾਰ ਉਦਘਾਟਨ

**ਬਟਾਲਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖੀ ਅਤੇ ਸਿੱਖਿਆ ਨੂੰ ਸਮਰਪਿਤ ਚੀਫ਼ ਖ਼ਾਲਸਾ ਦੀਵਾਨ ਵੱਲੋਂ 50 ਵਿੱਦਿਅਕ ਅਦਾਰਿਆਂ ਦੀ ਲੜ੍ਹੀ ਵਿਚ ਵਾਧਾ ਕਰਦਿਆਂ ਬਟਾਲਾ ਦੇ ਅਰਬਨ ਅਸਟੇਟ ਵਿਖੇ 3 ਅਪ੍ਰੈਲ, ਦਿਨ ਬੁੱਧਵਾਰ ਨੂੰ ਇਕ ਨਵੇ ਅਤਿ ਆਧੁਨਿਕ ਸਕੂਲ ਦਾ ਉਦਘਾਟਨ ਕੀਤਾ ਜਾ ਰਿਹਾ ਹੈ, ਜਿਸ ਦਾ ਅਗਾਜ ਅਕਾਲ ਪੁਰਖ ਦਾ ਓਟ ਆਸਰਾ ਲੈਂਦਿਆਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਵੇਗਾ।

ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ ਨੇ ਦੱਸਿਆ ਕਿ ਗੁਰਮਤਿ ਅਤੇ ਸਿੱਖ ਵਿਰਾਸਤ ਥੀਮ ਤੇ ਅਧਾਰਿਤ ਇਸ ਉਦਘਾਟਨੀ ਸਮਾਰੋਹ ਵਿਚ ਸਿੱਖ ਵਿਰਾਸਤ, ਇਤਿਹਾਸ ਅਤੇ ਸਭਿਆਚਾਰ ਦਾ ਗੌਰਵਮਈ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਸਿੱਖ ਕਦਰਾਂ-ਕੀਮਤਾਂ, ਇਤਿਹਾਸਕ ਕਲਾ-ਕ੍ਰਿਤੀਆਂ ਦੇ ਨਾਲ-ਨਾਲ ਸਿੱਖ ਧਰਮ ਵਿਚ ਕੁਦਰਤ ਦੀ ਮਹੱਤਤਾ ਨੂੰ ਵੀ ਰੂਪਮਾਨ ਕੀਤਾ ਜਾਵੇਗਾ।




ਚੀਫ਼ ਖ਼ਾਲਸਾ ਦੀਵਾਨ ਦੇ ਮੀਤ ਪ੍ਰਧਾਨ ਸ੍ਰ.ਜਗਜੀਤ ਸਿੰਘ ਅਤੇ ਐਡੀ.ਆਨਰੇਰੀ ਸਕੱਤਰ ਸ੍ਰ.ਸੁਖਜਿੰਦਰ ਸਿੰਘ ਪ੍ਰਿੰਸ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਮਾਰੋਹ ਦੌਰਾਨ ਵਿੱਦਿਆਰਥੀਆਂ ਵੱਲੋਂ ਰਸਭਿੰਨੇ ਕੀਰਤਨ ਦੀ ਛਹਿਬਰ ਲਗਾਉਂਦਿਆਂ ਰੂਹਾਨੀ ਵਾਤਾਵਰਣ ਸਿਰਜਿਆ ਜਾਵੇਗਾ ਅਤੇ ਉਪਰੰਤ ਸਿੱਖੀ ਦੇ ਅਮੀਰ ਵਿਰਸੇ ਦੇ ਪ੍ਰਤੀਕ ਗੱਤਕੇ ਦੇ ਪ੍ਰਦਰਸ਼ਨ ਦੀਆਂ ਤਿਆਰੀਆਂ ਬਹੁਤ ਜੋਸ਼ ਅਤੇ ਉਤਸ਼ਾਹ ਨਾਲ ਚੱਲ ਰਹੀਆਂ ਹਨ। ਉਹਨਾਂ ਨੇ ਦੱਸਿਆ ਕਿ ਦੀਵਾਨ ਦੇ ਆਈ.ਟੀ.ਵਿਭਾਗ ਵੱਲੋਂ ਚੀਫ਼ ਖ਼ਾਲਸਾ ਦੀਵਾਨ ਦੇ ਸ਼ਾਨਦਾਰ ਪੁਰਾਤਨ ਇਤਿਹਾਸ, ਪ੍ਰਾਪਤੀਆਂ ਅਤੇ ਨਵੀਨਤਮ ਪਹਿਲ ਕਦਮੀਆਂ ਆਧੁਨਿਕ ਤਕਨੀਕਾਂ ਰਾਹੀਂ ਵਿਖਾਉਣ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।

ਇਸ ਮੌਕੇ ਪੁਰਾਤਨ ਤੰਤੀ ਸਾਜਾਂ ਅਤੇ ਸਿੱਖ ਧਾਰਮਿਕ ਸ਼ਸਤਰਾਂ ਦੀ ਪ੍ਰਦਰਸ਼ਨੀ ਅਤੇ ਨਰਸਿੰਗ ਕਾਲਜ ਵੱਲੋਂ ਸਿਹਤ ਅਤੇ ਤੰਦਰੁਸਤੀ ਦੇ ਸਟਾਲ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੇ।

ਇਸ ਸਮਾਰੋਹ ਦੀ ਵਿਸ਼ੇਸ਼ਤਾ ਇਹ ਰਹੇਗੀ ਕਿ ਇਸ ਦੌਰਾਨ ਮਾਪਿਆਂ ਅਤੇ ਵਿੱਦਿਆਰਥੀਆਂ ਲਈ ਨਿੱਜੀ ਯਾਦਾਂ ਨੂੰ ਕੈਦ ਕਰਨ ਲਈ ਥੀਮ ਵਾਲੇ ਬੈਕਡ੍ਰੋਪ ਨਾਲ ਵਿਰਾਸਤੀ ਸੈਲਫੀ ਕਾਰਨਰ ਵੀ ਬਣਾਇਆ ਗਿਆ ਹੈ।

# ਕਾਲਜ ਦੇ ਵਿਦਿਆਰਥੀਆਂ ਨੂੰ 35 ਲੱਖ ਦੇ ਵਜ਼ੀਫੇ ਵੰਡੇ




**ਯਮੁਨਾਨਗਰ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂ ਨਾਨਕ ਖਾਲਸਾ ਕਾਲਜ ਨੇ ਯਮਨਾ ਆਟੋ ਇੰਡਸਟਰੀਜ਼ ਦੀ ਸੀਐੱਸਆਰ ਯੂਨਿਟ ਦੇ ਸਹਿਯੋਗ ਨਾਲ ਸਾਲਾਨਾ ਸਕਾਲਰਸ਼ਿਪ ਐਵਾਰਡ ਸਮਾਰੋਹ ਕਰਵਾਇਆ। ਸਮਾਗਮ ਵਿੱਚ ਸਿੱਖਿਆ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਾਪਤੀਆ ਹਾਸਲ ਕਰਨ ਵਾਲੇ 550 ਵਿਦਿਆਰਥੀਆਂ ਨੂੰ ਲਗਪਗ 35 ਲੱਖ ਦੇ ਵਜ਼ੀਫੇ ਵੰਡੇ ਗਏ। ਸਮਾਗਮ ਦੀ ਸ਼ੁਰੂਆਤ ਮੌਕੇ ਕਾਲਜ ਦੀ ਕਾਰਜਕਾਰੀ ਪ੍ਰਿੰਸੀਪਲ ਡਾ. ਪ੍ਰਤਿਮਾ ਸ਼ਰਮਾ ਨੇ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ।

ਮੌਕੇ ’ਤੇ ਸੀਟੀਐੱਮ ਪਿਊਸ਼ ਗੁਪਤਾ, ਡੀਪੀਆਰਓ ਮਨੋਜ ਕੁਮਾਰ ਕਾਲਜ ਪ੍ਰਬੰਧਕ ਕਮੇਟੀ ਦੇ ਉਪ ਪ੍ਰਧਾਨ ਮੇਜਰ ਰਾਜਿੰਦਰ ਸਿੰਘ ਭੱਟੀ, ਜਨਰਲ ਸਕੱਤਰ ਬਲਵੰਤ ਸਿੰਘ ਬੰਗਾ, ਮੁੱਖ ਸੰਚਾਲਨ ਅਧਿਕਾਰੀ ਡਾ. ਪੀਰ ਗੁਲਾਮ ਨਬੀ ਸੁਹੇਲ, ਸ਼੍ਰੀਮਤੀ ਸੰਯਮ ਮਰਾਠਾ (ਮੁੱਖ ਸੀਐੱਸਆਰ ਯੂਨਿਟ, ਯਮੁਨਾ ਆਟੋ ਇੰਡਸਟਰੀਜ਼) ਅਤੇ ਕਈ ਹੋਰ ਪਤਵੰਤੇ ਸ਼ਾਮਲ ਸਨ । ਮੁੱਖ ਮਹਿਮਾਨ ਸੀਟੀਐੱਮ ਪਿਊਸ਼ ਗੁਪਤਾ ਨੇ ਆਪਣੇ ਸੰਬੋਧਨ ਵਿੱਚ ਕਾਲਜ ਦੀ ਅਕਾਦਮਿਕ ਅਤੇ ਖੇਡ ਉੱਤਮਤਾ ਪ੍ਰਤੀ ਵਚਨਬੱਧਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਕਾਲਜ ਵੱਲੋਂ ਸਕਾਲਰਸ਼ਿਪ ਦੇ ਰੂਪ ਵਿੱਚ ਵਿੱਤੀ ਸਹਾਇਤਾ ਬਦਲੇ ਸਖ਼ਤ ਮਿਹਨਤ ਕਰਨ ਅਤੇ ਸਮਾਜ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਕਾਲਜ ਪ੍ਰਬੰਧਕ ਕਮੇਟੀ ਦੇ ਵਾਈਸ ਚੇਅਰਮੈਨ ਮੇਜਰ ਰਾਜਿੰਦਰ ਸਿੰਘ ਭੱਟੀ ਨੇ ਸਮਾਗਮ ਵਿੱਚ ਆਉਣ ਵਾਲੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਨਾਲ ਹੀ ਧੰਨਵਾਦ ਵੀ ਕੀਤਾ। ਯਮੁਨਾ ਆਟੋ ਇੰਡਸਟਰੀਜ਼ ਦੀ ਸੀਐੱਸਆਰ ਯੂਨਿਟ ਦੀ ਮੁਖੀ ਸੰਯਮ ਮਰਾਠਾ ਨੇ ਆਪਣੀ ਕੰਪਨੀ ਯਮੁਨਾ ਆਟੋ ਇੰਡਸਟਰੀਜ਼ ਵੱਲੋਂ ਸਿੱਖਿਆ, ਖੇਡਾਂ, ਵਾਤਾਵਰਨ, ਮਹਿਲਾਵਾਂ ਦੇ ਉਥਾਨ, ਸਿਹਤ ਅਤੇ ਹੋਰ ਖੇਤਰਾਂ ਵਿੱਚ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਉਨ੍ਹਾਂ ਦੀ ਕੰਪਨੀ ਵੱਲੋਂ ਮਿੰਨੀ ਜੰਗਲਾਂ ਨੂੰ ਪੈਦਾ ਕਰਨ ਲਈ ਹਜ਼ਾਰਾਂ ਦੀ ਤਦਾਦ ਵਿੱਚ ਪੌਦੇ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੰਪਨੀ ਵੱਲੋਂ ਆਂਗਣਵਾੜੀ ਵਰਕਰਾਂ ਨੂੰ ਆਰਥਿਕ ਤੌਰ ’ਤੇ ਸਮਰੱਥ ਬਣਾਉਣ ਲਈ ਕਈ ਪ੍ਰੋਡਕਟ ਬਣਾਉਣ ਦੀ ਸਿਖਲਾਈ ਵੀ ਦਿੱਤੀ ਜਾ ਰਹੀ ਹੈ। ਗਵਰਨਿੰਗ ਬਾਡੀ ਅਤੇ ਮੈਨੇਜਿੰਗ ਕਮੇਟੀ ਦੇ ਚੇਅਰਮੈਨ ਰਣਦੀਪ ਸਿੰਘ ਜੌਹਰ ਨੇ ਵਜ਼ੀਫਾ ਵੰਡ ਸਮਾਗਮ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਸੰਸਥਾ ਦੇ ਸੰਪੂਰਨ ਵਿਕਾਸ ਵੱਲ ਯਾਤਰਾ ਵਿੱਚ ਇੱਕ ਮੀਲ ਪੱਥਰ ਦੱਸਿਆ ਅਤੇ ਵਿਦਿਆਰਥੀਆਂ ਦੇ ਉਜਵਲ ਭੱਵਿਖ ਦੀ ਕਾਮਨਾ ਕੀਤੀ। ਪ੍ਰੋਗਰਾਮ ਦੀ ਸਮਾਪਤੀ ਵਾਈਸ ਚੇਅਰਮੈਨ ਮੇਜਰ ਰਾਜਿੰਦਰ ਸਿੰਘ ਭੱਟੀ ਵੱਲੋਂ ਦਿੱਤੇ ਗਏ ਧੰਨਵਾਦ ਮਤੇ ਨਾਲ ਹੋਈ।

# ਨਗਰਪਾਲਿਕਾ ਕਰਮਚਾਰੀ ਸੰਘ ਵੱਲੋਂ ਮੁਜ਼ਾਹਰਾ



**ਯਮੁਨਾਨਗਰ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਪਾਲਿਕਾ ਕਰਮਚਾਰੀ ਸੰਘ ਹਰਿਆਣਾ ਯਮੁਨਾਨਗਰ ਯੂਨਿਟ ਨੇ ਅੱਜ ਆਪਣੀਆਂ ਮੰਗਾਂ ਮੰਨਵਾਉਣ ਲਈ ਗੇਟ ਮੀਟਿੰਗ ਕੀਤੀ। ਬੈਠਕ ਦੀ ਪ੍ਰਧਾਨਗੀ ਯੂਨਿਟ ਮੁਖੀ ਪਾਪਲਾ ਨੇ ਕੀਤੀ ਅਤੇ ਸੰਚਾਲਨ ਸੰਯੁਕਤ ਸਕੱਤਰ ਰਮੇਸ਼ ਕੁਮਾਰ ਟੋਡਰਪੁਰ ਨੇ ਕੀਤਾ। ਮੀਟਿੰਗ ਵਿੱਚ ਸੈਂਕੜੇ ਕਰਮਚਾਰੀਆਂ ਨੇ ਹਿੱਸਾ ਲਿਆ। ਨਗਰ ਨਿਗਮ ਦੇ ਗੇਟ ’ਤੇ ਇਕੱਠੇ ਹੋਏ ਕਰਮਚਾਰੀਆਂ ਨੇ ਨਿਗਮ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕੀਤੀ, ਜਿਸ ਨੂੰ ਦੇਖਦੇ ਹੋਏ ਨਗਰ ਨਿਗਮ ਕਮਿਸ਼ਨਰ ਅਤੇ ਪ੍ਰਸ਼ਾਸਨ ਨੇ ਕਰਮਚਾਰੀਆਂ ਦੀਆਂ ਮੰਗਾਂ ’ਤੇ ਚਰਚਾ ਕਰਨ ਲਈ ਯੂਨੀਅਨ ਦੇ ਵਫ਼ਦ ਨੂੰ ਗੱਲਬਾਤ ਲਈ ਬੁਲਾਇਆ ਗਿਆ। ਇਸ ਦੌਰਾਨ ਕੁੱਝ ਮੰਗਾਂ ’ਤੇ ਸਹਿਮਤੀ ਬਣੀ। ਮੰਨੀਆਂ ਗਈਆਂ ਮੰਗਾਂ ਵਿੱਚ ਕਰਮਚਾਰੀਆਂ ਦੀ ਹਾਜ਼ਰੀ ਦਾ ਸਰਲੀਕਰਨ ਕੀਤਾ ਜਾਵੇਗਾ, ਅਸਥਾਈ ਅਤੇ ਸਥਾਈ ਕਰਮਚਾਰੀਆਂ ਨੂੰ ਜਲਦੀ ਹੀ ਐੱਲਟੀਸੀ ਦਿੱਤਾ ਜਾਵੇਗਾ, ਸਰਕਾਰ ਤੋਂ ਇਜਾਜ਼ਤ ਲੈ ਕੇ ਬਰਾਬਰ ਕੰਮ ਲਈ ਬਰਾਬਰ ਤਨਖਾਹ ਦੇ ਬਕਾਏ ਦਾ ਭੁਗਤਾਨ ਜਲਦੀ ਕੀਤਾ ਜਾਵੇਗਾ, ਸਥਾਈ ਕਰਮਚਾਰੀਆਂ ਦੀ ਸਰਵਿਸ ਬੁੱਕ ਵਿੱਚ ਕਿਸੇ ਵੀ ਕਮੀ ਨੂੰ ਦੂਰ ਕੀਤਾ ਜਾਵੇਗਾ ਅਤੇ ਹੋਰ ਮੰਗਾਂ ਸ਼ਾਮਲ ਹਨ। ਯੂਨੀਅਨ ਪ੍ਰਧਾਨ ਪਾਪਲਾ ਅਤੇ ਸਕੱਤਰ ਪ੍ਰਵੇਸ਼ ਪਰੋਚਾ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਦਿੱਤੇ ਭਰੋਸੇ ਤੋਂ ਬਾਅਦ ਅੰਦੋਲਨ ਕੁਝ ਦਿਨਾਂ ਲਈ ਮੁਲਤਵੀ ਕੀਤਾ ਜਾ ਰਿਹਾ ਹੈ। ਜੇ ਮੰਨੀਆਂ ਗਈਆਂ ਮੰਗਾਂ ਦਾ ਹੱਲ ਨਾ ਹੋਇਆ ਤਾਂ ਉਹ ਦੋਬਾਰਾ ਅੰਦੋਲਨ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਬਲਦੀਪ ਤੂੰਬੀ, ਸੌਰਨ ਢਿੱਲੋਂ, ਸ਼ਿਆਮ ਲਾਲ, ਜੀਤੋ, ਰਮਨ, ਰਾਜ ਕੁਮਾਰ ਧਾਰੀਵਾਲ, ਰਾਜ ਕੁਮਾਰ ਸੰਸੌਲੀ ਹਾਜ਼ਰ ਸਨ।

# ਪੀ.ਐਮ. ਆਵਾਸ ਯੋਜਨਾ (ਗ੍ਰਾਮੀਣ) ਦਾ ਲਾਭ ਲੈਣ ਲਈ 30 ਅਪ੍ਰੈਲ

**ਫ਼ਤਹਿਗੜ੍ਹ ਸਾਹਿਬ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਧੀਨ ਆਉਂਦੀ ਕੱਚੇ ਮਕਾਨਾਂ ਨੂੰ ਪੱਕੇ ਕਰਨ ਦੀ ਸਕੀਮ ਪੀ.ਐਮ. ਆਵਾਸ ਯੋਜਨਾ (ਗ੍ਰਾਮੀਣ) ਅਧੀਨ ਨਵੇਂ ਲਾਭਪਾਤਰੀਆਂ ਦੀ ਸ਼ਨਾਖਤ ਕਰਨ ਲਈ ਮੋਬਾਇਲ ਐਪ ਆਵਾਸ ਪਲੱਸ-2024 ਨੂੰ 30 ਅਪ੍ਰੈਲ ਤੱਕ ਖੋਲਿਆ ਗਿਆ ਹੈ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀ ਸੁਰਿੰਦਰ ਸਿੰਘ ਧਾਲੀਵਾਲ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਵੱਧ ਤੋਂ ਵੱਧ ਲੋਕਾਂ ਨੂੰ ਇਸ ਸਕੀਮ ਦਾ ਲਾਭ ਲੈਣ ਦੇ ਮੰਤਵ ਨਾਲ ਇਸ ਐਪ ਤੇ ਯੋਗ ਲਾਭਪਾਤਰੀਆਂ ਦੀਆਂ ਐਂਟਰੀਆਂ ਘਰ-ਘਰ ਜਾ ਕੇ ਕਰਨ ਲਈ ਬਲਾਕ ਪੱਧਰ ਤੋਂ ਹਰੇਕ ਪਿੰਡ ਲਈ ਵੱਖ-ਵੱਖ ਸਰਵੇਅਰ ਲਗਾਏ ਗਏ ਹਨ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਸ ਸਕੀਮ ਦਾ ਲਾਭ ਲੈਣ ਤੋਂ ਵਾਂਝਾ ਨਾ ਰਹੇ।



ਸ. ਧਾਲੀਵਾਲ ਨੇ ਦੱਸਿਆ ਕਿ ਮੋਬਾਇਲ ਐਪ ਆਵਾਸ ਪਲੱਸ-2024 ਅਤੇ ਆਧਾਰ ਫੇਸ ਆਰ.ਡੀ. ਪਲੇਅ ਸਟੋਰ ਤੇ ਉਪਲਬਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਆਵਾਸ ਪਲੱਸ-2024 ਐਪ ਤੇ ਸੈਲਫ ਸਰਵੇ ਦੀ ਵਿਵਸਥਾ ਵੀ ਦਿੱਤੀ ਗਈ ਹੈ। ਇਸ ਲਈ ਜੇਕਰ ਕੋਈ ਯੋਗ ਲਾਭਪਾਤਰੀ ਆਪਦੇ ਆਪ ਹੀ ਆਪਣੀ ਰਜਿਸਟਰੇਸ਼ਨ ਇਸ ਐਪ ਰਾਹੀਂ ਕਰਨਾ ਚਾਹੁੰਦਾ ਹੈ ਤਾਂ ਉਹ ਪਲੇਅ ਸਟੋਰ ਤੋਂ ਆਵਾਸ ਪਲੱਸ-2024 ਤੇ ਆਧਾਰ ਫੇਸ ਆਰ.ਡੀ. ਨੂੰ ਆਪਣੇ ਫੋਨ ਵਿੱਚ ਇੰਸਟਾਲ ਕਰਕੇ ਆਪਣਾ ਸੈਲਫ ਸਰਵੇ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਹਰੇਕ ਪਿੰਡ ਲਈ ਲਗਾਏ ਗਏ ਸਰਵੇਅਰ ਦੀ ਜਾਣਕਾਰੀ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਦਫ਼ਤਰ ਤੋਂ ਜਾਂ ਸਬੰਧਤ ਪੰਚਾਇਤ ਦੇ ਮਗਨਰੇਗਾ ਸਕੀਮ ਦੇ ਜੀ.ਆਰ.ਐਸ. ਨਾਲ ਸੰਪਰਕ ਕਰਕੇ ਹਾਸਲ ਕੀਤੀ ਜਾ ਸਕਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਲਗਭਗ 3081 ਲਾਭਪਾਤਰੀਆਂ ਦਾ ਅਸਿਸਟਡ ਸਰਵੇ ਅਤੇ 30 ਲਾਭਪਾਤਰੀਆਂ ਵੱਲੋਂ ਆਪਣਾ ਸਰਵੇ ਕੀਤਾ ਜਾ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਇਸ ਮੋਬਾਇਲ ਐਪ ਤੇ ਰਜਿਸਟਰੇਸ਼ਨ ਮੁਫਤ ਹੋਣ ਕਰਕੇ ਲਾਭਪਾਤਰੀਆਂ ਪਾਸੋਂ ਕਿਸੇ ਕਿਸਮ ਦੀ ਕੋਈ ਫੀਸ ਨਹੀਂ ਲਈ ਜਾਂਦੀ। ਉਨ੍ਹਾਂ ਜ਼ਿਲ੍ਹੇ ਦੇ ਪਿੰਡਾਂ ਨਾਲ ਸਬੰਧਤ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

# 15 ਜੂਨ ਤੱਕ ਸਾਰੀ ਖਰਾਬ ਸੜਕਾਂ ਦੀ ਮੁਰੰਮਤ ਦਾ ਕੰਮ ਕੀਤਾ ਜਾਵੇ ਪੂਰਾ : ਮੁੱਖ ਮੰਤਰੀ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੂਬੇ ਦੀ ਸਾਰੀ ਸੜਕਾਂ ਦੀ ਮੁਰੰਮਤ ਦਾ ਕੰਮ 15 ਜੂਨ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਅਧਿਕਾਰੀ ਇੱਕ ਵਿਸ਼ੇਸ਼ ਮੁਹਿੰਮ ਚਲਾ ਕੇ ਇਸ ਸਬੰਧ ਵਿੱਚ ਟੈਂਡਰ ਆਦਿ ਦਾ ਸਾਰੀ ਪ੍ਰਕ੍ਰਿਆਵਾਂ 15 ਦਿਨਾਂ ਦੇ ਅੰਦਰ ਪੂਰਾ ਕਰਨਾ ਯਕੀਨੀ ਕਰਨ ਤਾਂ ਜੋ ਆਉਣ ਵਾਲੇ ਮਾਨਸੂਨ ਤੋਂ ਪਹਿਲਾਂ ਸਾਰੀ ਸੜਕਾਂ ਦੀ ਮੁਰੰਮਤ ਦਾ ਕੰਮ ਚੰਗੀ ਗੁਣਵੱਤਾ ਦੇ ਨਾਲ ਪੂਰਾ ਕੀਤਾ ਜਾ ਸਕੇ।

ਮੁੱਖ ਮੰਤਰੀ ਅੱਜ ਇੱਥੇ ਹਰਿਆਣਾ ਰਾਜ ਖੇਤੀਬਾੜੀ ਮਾਰਕਟਿੰਗ ਬੋਰਡ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰਦੇ ਹੋਏ ਅਧਿਕਾਰੀਆਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ’ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।

ਖਰਾਬ ਸੜਕਾਂ ਦੀ ਮੁਰੰਮਤ ਨੂੰ ਲੈ ਕੇ ਮੁੱਖ ਮੰਤਰੀ ਨੇ ਕਿਹਾ ਕਿ ਖਰਾਬ ਸੜਕਾਂ ਨੂੰ ਚੋਣ ਕਰ 15 ਦਿਨ ਦੇ ਅੰਦਰ ਮੁਰੰਮਤ ਕੰਮ ਸ਼ੁਰੂ ਕਰਵਾਉਣਾ ਯਕੀਨੀ ਕੀਤਾ ਜਾਵੇ ਤਾਂ ਜੋ ਆਮ ਜਨਤਾ ਨੂੰ ਰਾਹਤ ਪ੍ਰਦਾਨ ਕੀਤੀ ਜਾ ਸਕੇ। ਇਸ ਤੋਂ ਇਲਾਵਾ, ਪੰਜ ਜਿਲ੍ਹਿਆਂ ਵਿੱਚ ਜਿਲ੍ਹਾ ਪਰਿਸ਼ਦ ਨੂੰ ਟ੍ਰਾਂਸਫਰ ਕੀਤੀ ਗਈ ਸਾਰੀ ਸੜਕਾਂ ਦੀ ਰਿਪੇਅਰ ਅਤੇ ਮੁਰੰਮਤ ਵੀ ਤੈਅ ਸਮੇਂ ਵਿੱਚ ਪੂਰੀ ਕਰਵਾਈ ਜਾਵੇ। ਨਾਲ ਹੀ, ਮੁਰੰਮਤ ਕੰਮਾਂ ਵਿੱਚ ਗੁਣਵੱਤਾ ਵੀ ਯਕੀਨੀ ਕੀਤੀ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਸੜਕਾਂ ਦੀ ਮੁਰੰਮਤ ਦੇ ਸਬੰਧ ਵਿੱਚ ਕੋਈ ਲਾਪ੍ਰਵਾਹੀ ਜਾਂ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਵਰਨਣਯੋਗ ਹੈ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਵਿਧਾਨਸਭਾ ਬਜਟ ਸੈਸ਼ਨ ਦੌਰਾਨ ਐਲਾਨ ਕਰਦੇ ਹੋਏ ਕਿਹਾ ਸੀ ਕਿ ਆਉਣ ਵਾਲੇ 6 ਮਹੀਨਿਆਂ ਵਿੱਚ ਹਰਿਆਣਾ ਸੂਬੇ ਦੀ ਸਾਰੀ ਸੜਕਾਂ ਦਾ ਨਵੀਨੀਕਰਣ ਕੀਤਾ ਜਾਵੇਗਾ। ਇਸ ਦੇ ਬਾਅਦ ਸੂਬੇ ਵਿੱਚ ਇੱਕ ਵੀ ਸੜਕ ਟੁੱਟੀ ਨਹੀਂ ਮਿਲੇਗੀ।

ਮੁੱਖ ਮੰਤਰੀ ਨੇ ਰਾਜ ਵਿੱਚ ਸੜਕਾਂ ਦੇ ਚੌੜੀਕਰਣ ਕੰਮਾਂ ਵਿੱਚ ਤੇਜੀ ਲਿਆਉਣ ਦਾ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਹਰਿਆਣਾ ਸੂਬੇ ਖੇਤੀਬਾੜੀ ਮਾਰਕਟਿੰਗ ਬੋਰਡ ਵੱਲੋਂ ਮੇਨਟੇਨ ਕੀਤੀ ਜਾ ਰਹੀ ਸੜਕਾਂ ਨੂੰ 12 ਫੁੱਟ ਤੋਂ 18 ਫੁੱਟ ਕਰਨ ਦੀ ਦਿਸ਼ਾ ਵਿੱਚ ਵੀ ਕਾਰਜ ਕੀਤਾ ਜਾਣਾ ਚਾਹੀਦਾ ਹੈ। ਸੜਕਾਂ ’ਤੇ ਵੱਧਦੀ ਹੋਈ ਆਵਾਜਾਈ ਨੂੰ ਦੇਖਦੇ ਹੋਏ ਇਹ ਬਹੁਤ ਜਰੂਰੀ ਹੈ। ਨਾਲ ਹੀ, ਸੂਬੇ ਦੀ ਸਾਰੀ ਮੰਡੀਆਂ ਦੇ ਅੰਦਰ ਦੀ ਸੜਕਾਂ ਦੀ ਮੁਰੰਮਤ ਅਤੇ ਰੱਖਰਖਾਵ ਦਾ ਕੰਮ ਵੀ ਯਕੀਨੀ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਮੰਡੀ ਵਿੱਚ ਫਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਹੋਵੇ।

ਮੀਟਿੰਗ ਵਿੱਚ ਦਸਿਆ ਗਿਆ ਹੈ ਹਰਿਆਣਾ ਰਾਜ ਖੇਤੀਬਾੜੀ ਮਾਰਕਟਿੰਗ ਬੋਰਡ ਵੱਲੋਂ ਮੇਨਟੇਨ ਕੀਤੀ ਜਾ ਰਹੀ 4313 ਸੜਕਾਂ ਵਿੱਚੋਂ 465 ਸੜਕਾਂ 18 ਫੁੱਟ ਦੀਆਂ ਹਨ। 34 ਹੋਰ ਸੜਕਾਂ ਦੇ ਚੌੜੀਕਰਣ ਦਾ ਕੰਮ ਚੱਲ ਰਿਹਾ ਹੈ। ਇਸ ਤੋਂ ਇਲਾਵਾ, 118 ਕਿਲੋਮੀਟਰ ਦੀ 35 ਸੜਕਾਂ ਦੇ ਚੌੜਾਕਰਣ ਲਈ ਟੇਂਡਰ ਪ੍ਰਕ੍ਰਿਆਧੀਨ ਹਨ।

ਮੁੱਖ ਮੰਤਰੀ ਐਲਾਨਾਂ ਦੀ ਸਮੀਖਿਆ ਕਰਦੇ ਹੋਏ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਧਿਕਾਰੀ ਯਕੀਨੀ ਕਰਨ ਕਿ ਸਾਰੇ ਐਲਾਨ ਤੈਅ ਸਮੇਂ ਵਿੱਚ ਪੂਰੇ ਹੋਣ। ਇਸ ਦੇ ਲਈ ਸਾਰੀ ਸਬੰਧਿਤ ਵਿਭਾਗ ਬਿਹਤਰ ਤਾਲਮੇਲ ਕਰ ਕੰਮ ਕਰਨ, ਜਿਸ ਨਾਲ ਵਿਕਾਸ ਕੰਮਾਂ ਨੂੰ ਸੁਚਾਰੂ ਰੂਪ ਨਾਲ ਸਪੰਨ ਕਰਾਇਆ ਜਾ ਸਕੇ।

ਮੁੱਖ ਮੰਤਰੀ ਨੇ ਬਜਟ ਵਿੱਚ ਕੀਤੇ ਗਏ ਐਲਾਨਾਂ ਦੇ ਸਬੰਧ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਸਬੰਧਿਤ ਵਿਭਾਗ ਯੋਜਨਾ ਬਣਾ ਕੇ ਤੈਅ ਸਮੇਂ ਵਿੱਚ ਤੇਜ ਗਤੀ ਨਾਲ ਕੰਮ ਕਰਦੇ ਹੋਏ ਸੌ-ਫੀਸਦੀ ਯੋਜਨਾਵਾਂ ਨੂੰ ਜਮੀਨੀ ਪੱਧਰ ’ਤੇ ਉਤਾਰਣਾ ਯਕੀਨੀ ਕਰਨ ਤਾਂ ਜੋ ਜਨਤਾ ਨੂੰ ਵੱਧ ਤੋਂ ਵੱਧ ਲਾਭ ਮਿਲ ਸਕੇ।

ਉਨ੍ਹਾਂ ਨੇ ਪਿੰਜੌਰ ਵਿੱਚ ਸਥਾਪਿਤ ਸੇਬ ਮੰਡੀ, ਗੁਰੂਗ੍ਰਾਮ ਵਿੱਚ ਸਥਾਪਿਤ ਕੀਤੀ ਜਾਣ ਵਾਲੀ ਫੁੱਲ ਮੰਡੀ, ਗਨੌਰ ਵਿੱਚ ਯਥਾਪਿਤ ਕੀਤੀ ਜਾ ਰਹੀ ਇੰਡੀਆ ਇੰਟਰਨੈਸ਼ਨਲ ਹੋਰਟੀਕਲਚਰ ਮਾਰਕਿਟ, ਅਟੱਲ ਕਿਸਾਨ ਮਜਦੂਰ ਕੈਂਟੀਨ ਸਮੇਤ ਹੋਰ ਪਰਿਯੋਜਨਾਵਾਂ ਦੀ ਸਮੀਖਿਆ ਕਰਦੇ ਹੋਏ ਅਧਿਕਾਰੀਆਂ ਨੂੰ ਜਰੂਰੀ ਦਿਸ਼ਾ ਨਿਰਦੇਸ਼ ਵੀ ਦਿੱਤੇ।

ਮੀਟਿੰਗ ਵਿੱਚ ਖੇਤੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਰਾਜਾ ਸ਼ੇਖਰ ਵੂੰਡਰੂ, ਕਿਸਾਨ ਅਤੇ ਪੰਚਾਇਤ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ, ਹਰਿਆਣਾ ਖੇਤੀਬਾੜੀ ਮਾਰਕਟਿੰਗ ਬੋਰਡ ਦੇ ਮੁੱਖ ਪ੍ਰਸਾਸ਼ਕ ਸ੍ਰੀ ਮੁਕੇਸ਼ ਕੁਮਾਰ ਆਹੂਜਾ, ਖੇਤੀਬਾੜੀ ਨਿਦੇਸ਼ਕ ਸ੍ਰੀ ਰਾਜ ਨਰਾਇਣ ਕੌਸ਼ਿਕ, ਖੁਰਾਕ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਨਿਦੇਸ਼ਕ ਸ੍ਰੀ ਰਾਜੇਸ਼ ਜਗਪਾਲ, ਹੈਫੇਡ ਦੇ ਪ੍ਰਬੰਧ ਨਿਦੇਸ਼ਕ ਸ੍ਰੀ ਮੁਕੁਲ ਕੁਮਾਰ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

# 1692 ਵਾਹਨਾਂ ਦੀ ਚੈਕਿੰਗ ਦੌਰਾਨ 4 ਲੱਖ 32 ਹਜਾਰ ਰੁਪਏ ਦਾ ਲਗਾਇਆ ਗਿਆ ਜੁਰਮਾਨਾ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਖਨਨ ਅਤੇ ਭੂ-ਵਿਗਿਆਨ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਕੇ.ਐਮ. ਪਾਂਡੂਰੰਗ ਦੇ ਨਿਰਦੇਸ਼ਾਂ ਅਨੁਸਾਰ ਖਨਨ ਵਿਭਾਗ ਵੱਲੋਂ ਅਵੈਧ ਖਨਨ ਅਤੇ ਟ੍ਰਾਂਸਪੋਰਟ ’ਤੇ ਲਗਾਤਾਰ ਕਾਰਵਾਈ ਜਾਰੀ ਹੈ। ਜਿਲ੍ਹਾ ਯਮੁਨਾਨਗਰ ਵਿੱਚ ਜ਼ਿਲ੍ਹਾ ਪ੍ਰਸਾਸ਼ਨ ਤੇ ਖਨਨ ਵਿਭਾਗ ਵੱਲੋਂ 1692 ਵਾਹਨਾਂ ਦੀ ਚੈਕਿੰਗ ਦੌਰਾਨ 1 ਵਾਹਨ ਸੀਜ਼ ਕਰ ਅਤੇ 7 ਵਾਹਨਾਂ ਦੇ ਚਾਲਾਨ ਕਰ 4 ਲੱਖ 32 ਹਜਾਰ ਰੁਪਏ ਦਾ ਜੁਰਮਾਨਾ ਲਗਾਇਆ ਗਿਆ।

ਖਨਨ ਵਿਭਾਗ ਦੇ ਬੁਲਾਰੇ ਨੇ ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰਿਆਣਾ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚ ਅਵੈਧ ਖਨਨ ਕਰਨ ਵਾਲੇ ਲੋਕਾਂ ’ਤੇ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਦੇ ਲਈ ਵੱਖ-ਵੱਖ ਪੱਧਰ ’ਤੇ ਟੀਮਾਂ ਦਾ ਗਠਨ ਕਰਦੇ ਹੋਏ ਮਾਨੀਟਰਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਜਿਲ੍ਹੇ ਵਿੱਚ ਅਵੈਧ ਖਨਨ ਅਤੇ ਟ੍ਰਾਂਸਪੋਰਟ ਨੂੰ ਰੋਕਣ ਲਈ ਪ੍ਰਸਾਸ਼ਨ ਪ੍ਰਤੀਬੱਧ ਹੈ ਅਤੇ ਸਮੂਚੇ ਯਤਨ ਲਗਾਤਾਰ ਜਾਰੀ ਹਨ।

ਉਨ੍ਹਾਂ ਨੇ ਦੱਸਿਆ ਕਿ ਐਸਡੀਐਮ ਛਛਰੌਲੀ ਦੀ ਟੀਮਾਂ ਵੱਲੋਂ 946 ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਤਰ੍ਹਾ, ਐਸਡੀਐਮ ਜਗਾਧਰੀ ਦੀ ਟੀਮਾਂ ਵੱਲੋਂ 169 ਵਾਹਨਾਂ ਦੀ ਚੈਕਿੰਗ ਦੌਰਾਨ 1 ਵਾਹਨ ਸੀਜ਼ ਕਰ 4 ਲੱਖ 26 ਹਜਾਰ ਰੁਪਏ ਦਾ ਜੁਰਮਾਨਾ ਲਗਾਇਆ ਗਿਆ। ਉਨ੍ਹਾਂ ਨੇ ਦੱਸਿਆ ਕਿ ਐਸਡੀਐਮ ਰਾਦੌਰ ਦੀ ਟੀਮਾਂ ਵੱਲੋਂ 466 ਵਾਹਨਾਂ ਦੀ ਚੈਕਿੰਗ ਦੌਰਾਨ 7 ਵਾਹਨਾਂ ਦਾ ਚਾਲਾਨ ਕਰ 6 ਹਜਾਰ ਰੁਪਏ ਦਾ ਜੁਰਮਾਨਾ ਲਗਾਇਆ ਗਿਆ। ਇਸ ਤਰ੍ਹਾ ਐਸਡੀਐਮ ਵਿਆਸਪੁਰ ਦੀ ਟੀਮ ਵੱਲੋਂ 111 ਵਾਹਨਾਂ ਦੀ ਚੈਕਿੰਗ ਕੀਤੀ ਗਈ। ਉਨ੍ਹਾਂ ਨੇ ਦਸਿਆ ਕਿ ਜਿਲ੍ਹਾ ਦੇ ਸਾਰ ਐਸਡੀਐਮ, ਪੁਲਿਸ ਵਿਭਾਗ ਤੇ ਖਨਨ ਵਿਭਾਂਗ ਦੇ ਅਧਿਕਾਰੀਆਂ ਵੱਲੋਂ ਦਿਨ-ਰਾਤ ਚੈਕਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਦਸਿਆਕਿ ਯਮੁਨਾਨਗਰ ਜਿਲ੍ਹਾ ਤੋਂ ਨਿਕਲ ਰਹੀ ਯਮੁਨਾ ਨਦੀ ਸਮੇਤ ਹੋਰ ਸਥਾਨਾਂ ’ਤੇ ਅਵੈਧ ਖਨਨ ਰੋਕਣ ਲਈ ਬਿਨ੍ਹਾ ਈ-ਰਵਾਨਾ ਬਿੱਲ ਦੇ ਨਿਕਲਣ ਵਾਲੇ ਖਣਿਜ ਵਾਹਨਾਂ ’ਤੇ ਪੂਰੀ ਸੰਜੀਦਗੀ ਨਾਲ ਮਾਨੀਟਰਿੰਗ ਕੀਤੀ ਜਾ ਰਹੀ ਹੈ। ਜਿਲ੍ਹਾਂ ਵਿੱਚ ਦਿਨ-ਰਾਤ ਜਿਲ੍ਹਾ ਪ੍ਰਸਾਸ਼ਨ ਵੱਲੋਂ ਨਿਯੁਕਤ ਟੀਮਾਂ ਜਿੱਥੇ ਸੜਕਾਂ ’ਤੇ ਬਿਨ੍ਹਾ ਈ-ਰਵਾਨਾ ਬਿੱਲ ਦੇ ਖਣਿਜ ਦੀ ਜਾਂਚ ਕਰ ਰਹੀ ਹੈ। ਉੱਥੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ’ਤੇ ਕਾਰਵਾਈ ਵਿੱਚ ਯਕੀਨੀ ਕੀਤੀ ਜਾ ਰਹੀ ਹੈ।

# ਸੀਟੀ ਯੂਨੀਵਰਸਿਟੀ ਦੇ ਸਕੂਲ ਆਫ ਲਾਅ ਨੇ ਸਾਲਾਨਾ ਐਥਲੈਟਿਕ ਮੀਟ 2025 ’ਚ ਓਵਰਆਲ ਚੈਂਪੀਅਨਸ਼ਿਪ ਜਿੱਤੀ

**ਲੁਧਿਆਣਾ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਟੀ ਯੂਨੀਵਰਸਿਟੀ ਦੀ ਸਾਲਾਨਾ ਐਥਲੈਟਿਕ ਮੀਟ 2025 ਸ਼ਾਨਦਾਰ ਢੰਗ ਨਾਲ ਸਮਾਪਤ ਹੋਈ, ਜਿਸ ਵਿੱਚ ਸਕੂਲ ਆਫ ਲਾਅ ਨੇ ਓਵਰਆਲ ਚੈਂਪੀਅਨ ਦਾ ਖ਼ਿਤਾਬ ਜਿੱਤਿਆ। ਯੂਨੀਵਰਸਿਟੀ ਦੇ ਖੇਡ ਮੈਦਾਨ ’ਚ ਹੋਈ ਦੋ ਦਿਨ ਦੀ ਇਸ ਇਵੈਂਟ ਦੌਰਾਨ ਵਿਅਕਤੀਗਤ ਅਤੇ ਟੀਮ-ਅਧਾਰਤ ਮੁਕਾਬਲੇ ਹੋਏ, ਜਿੱਥੇ ਵਿਦਿਆਰਥੀਆਂ ਨੇ ਖੇਡ ਕੌਸ਼ਲ, ਸਮਰਪਣ ਅਤੇ ਸਹਿਯੋਗ ਦੀ ਸ਼ਾਨਦਾਰ ਝਲਕ ਦਿਖਾਈ।ਸਕੂਲ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੇ Ast ਰਨਰ-ਅੱਪ ਦਾ ਖ਼ਿਤਾਬ ਜਿੱਤਿਆ, ਜਦਕਿ ਸਕੂਲ ਆਫ ਆਰਟਸ, ਸਾਇੰਸ ਅਤੇ ਹਿਊਮੈਨੀਟੀਆਂ 2✪➢ ਰਨਰ-ਅੱਪ ਬਣਿਆ। ਇਹ ਮੁਕਾਬਲਾ ਵਿਦਿਆਰਥੀਆਂ ਦੀ ਦ੍ਰਿੜਤਾ, ਹੰਸਲੇ ਅਤੇ ਜਿੱਤਣ ਦੀ ਭਾਵਨਾ ਨੂੰ ਉਜਾਗਰ ਕਰਦਾ ਹੈ।



ਇਹ ਐਥਲੈਟਿਕ ਮੀਟ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਵਿਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ, ਟੀਮ ਵਰਕ ਤੇ ਸ਼ਾਰੀਰਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਇਵੈਂਟ ’ਚ 100✡, 200✡, 400✡ ਦੌੜ, ਰੀਲੇ ਦੌੜ, ਲੰਮੀ ਛਾਲ, ਉੱਚੀ ਛਾਲ, ਗੋਲਾ ਸੁੱਟ, ਭਾਲਾ ਸੁੱਟ ਵਰਗੀਆਂ ਕਈ ਖੇਡਾਂ ਸ਼ਾਮਲ ਸਨ।

ਚਾਂਸਲਰ ਸ. ਚਰਨਜੀਤ ਸਿੰਘ ਚੰਨੀ ਨੇ ਕਿਹਾ, ਮੈਂ ਆਪਣੇ ਵਿਦਿਆਰਥੀਆਂ ਦੀ ਖੇਡ ਕਲਾ ਤੇ ਉਨ੍ਹਾਂ ਦੀ ਟੀਮ-ਸਪਿਰਿਟ ਦੇਖ ਕੇ ਬਹੁਤ ਖੁਸ਼ ਹਾਂ। ਇਹ ਪ੍ਰੋਗਰਾਮ ਸਾਡੀ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਦੇ ਸਮਪੂਰਨ ਵਿਕਾਸ ਅਤੇ ਸਿੱਖਿਆ ਪ੍ਰਤੀ ਲਾਗਵ ਕਮਿਟਮੈਂਟ ਦਾ ਸਾਬਤ ਹੈ।

ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ, ਮੈਂ ਵਿਦਿਆਰਥੀਆਂ ਵੱਲੋਂ ਵਿਖਾਏ ਗਏ ਉਤਸ਼ਾਹ ਅਤੇ ਜੋਸ਼ ਨੂੰ ਦੇਖ ਕੇ ਬਹੁਤ ਪ੍ਰਭਾਵਿਤ ਹਾਂ। ਇਹ ਇਵੈਂਟ ਵਿਦਿਆਰਥੀਆਂ ਨੂੰ ਸ਼ਾਰੀਰਿਕ ਅਤੇ ਮਾਨਸਿਕ ਤੌਰ ’ਤੇ ਵਧੀਆ ਵਿਕਾਸ ਕਰਨ ਦਾ ਇੱਕ ਸ਼ਾਨਦਾਰ ਮੰਚ ਦਿੰਦਾ ਹੈ, ਅਤੇ ਮੈਂ ਉਨ੍ਹਾਂ ਦੀ ਇਸ ਜਿੱਤ ’ਤੇ ਮਾਣ ਮਹਿਸੂਸ ਕਰਦਾ ਹਾਂ।

ਦੋ ਦਿਨ ਤਕ ਚੱਲੇ ਇਸ ਇਵੈਂਟ ਦਾ ਉਦਘਾਟਨ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਵਾਈਸ ਚਾਂਸਲਰ ਡਾ.ਅਭਿਸ਼ੇਕ ਤ੍ਰਿਪਾਠੀ, ਪ੍ਰੋ-ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਰਜਿਸਟ੍ਰਾਰ ਸੰਜੇ ਖੰਡੂਰੀ, ਡੀਨ ਅਕੈਡਮਿਕਸ ਡਾ. ਸਿਮਰਨਜੀਤ ਕੌਰ ਗਿੱਲ, ਅਤੇ ਡਾਇਰੈਕਟਰ ਸਟੂਡੈਂਟ ਵੈਲਫੇਅਰ ਇੰਜੀਨੀਅਰ ਦਵਿੰਦਰ ਸਿੰਘ ਨੇ ਕੀਤਾ। ਉਦਘਾਟਨੀ ਸਮਾਗਮ ’ਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਵੀ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਨਿਰਪੱਖ ਖੇਡ ਰਵੱਈਆ ਦੀ ਸ਼ਪਥ ਲਈ ਅਤੇ ਜੋਸ਼ ਭਰਪੂਰ ਭਾਵਨਾਵਾਂ ਪ੍ਰਗਟਾਈਆਂ।

ਇਹ ਇਵੈਂਟ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਇਕੱਠੇ ਕਰਕੇ ਖੇਡਾਂ ਦੀ ਮਹੱਤਤਾ ਤੇ ਟੀਮ-ਸਪਿਰਿਟ ਦਾ ਜਸ਼ਨ ਮਨਾਉਣ ਲਈ ਸ਼ਾਨਦਾਰ ਮੌਕਾ ਬਣਿਆ। ਸੀਟੀ ਯੂਨੀਵਰਸਿਟੀ ਆਪਣੇ ਵਿਦਿਆਰਥੀਆਂ ਦੇ ਚੌਮੁਖੀ ਵਿਕਾਸ ਲਈ ਵਚਨਬੱਧ ਹੈ, ਅਤੇ ਸਾਲਾਨਾ ਐਥਲੈਟਿਕ ਮੀਟ ਇਸ ਵਚਨਬੱਧਤਾ ਦਾ ਪ੍ਰਮਾਣ ਹੈ।

# ਹਰਿਆਣਾ ਰਾਜ ਕੋਲਡ ਸਟੋਰੇਜ ਐਸੋਸੀਏਸ਼ਨ ਨੇ ਮੁੱਖ ਮੰਤਰੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਰਾਜ ਕੋਲਡ ਸਟੋਰੇਜ ਏਸੋਸਇਏਸ਼ਨ ਦੇ ਇੱਕ ਵਫਦ ਨੇ ਅੱਜ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ ਅਤੇ ਕੋਲਡ ਸਟੋਰੇਜ ਮਾਰਕਿਟ ਫੀਸ ਪ੍ਰਣਾਲੀ ਨੂੰ ਇੱਕਮੁਸ਼ਤ ਨਾਲ ਸਲੈਬ ਅਧਾਰਿਤ ਢਾਂਚੇ ਵਿੱਚ ਬਦਲਣ ਅਤੇ ਉਨ੍ਹਾਂ ਦੀ ਸਟੋਰੇਜ ਸਮਰੱਥਾ ਅਨੁਸਾਰ ਸਲੈਬ ਦਰ ਨੂੰ ਘੱਟ ਕਰਨ ਦੇ ਫੈਸਲੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਸਲੈਬ ਅਧਾਰਿਤ ਇੱਕਮੁਸ਼ਤ ਫੀਸ ਪ੍ਰਣਾਲੀ ਦੇ ਲਾਗੂ ਕਰਨ ਅਤੇ ਉਨ੍ਹਾਂ ਦੀ ਸਟੋਰੇਜ ਸਮਰੱਥਾ ਅਨੁਸਾਰ ਸਲੈਬ ਦਰ ਨੂੰ ਘੱਟ ਕਰਨ ਨਾਲ ਛੋਟੇ ਅਤੇ ਮੱਧਮ ਕੋਲਡ ਸਟੋਰੇਜ ਸੰਚਾਲਕਾਂ ਨੂੰ ਕਾਫੀ ਰਾਹਤ ਮਿਲੇਗੀ। ਨਵੀਂ ਪ੍ਰਣਾਲੀ ਤਹਿਤ, ਫੀਸ ਉਨ੍ਹਾਂ ਦੀ ਸਟੋਰੇਜ ਸਮਰੱਥਾ ਦੇ ਆਧਾਰ ’ਤੇ ਹੋਵੇਗੀ, ਜਿਸ ਨਾਲ ਨਾ ਸਿਰਫ ਛੋਟੇ ਸੰਚਾਲਕਾਂ ’ਤੇ ਬੋਝ ਘੱਟ ਹੋਵੇਗਾ, ਸਗੋ ਨਵੇਂ ਨਿਵੇਸ਼ਕਾਂ ਅਤੇ ਉਦਮੀਆਂ ਨੂੰ ਇਸ ਖੇਤਰ ਵਿੱਚ ਪ੍ਰਵੇਸ਼ ਕਰਨ ਲਈ ਪ੍ਰੋਤਸਾਹਨ ਵੀ ਮਿਲੇਗਾ। ਗੌਰਤਲਬ ਹੈ ਕਿ ਹਰਿਆਣਾ ਰਾਜ ਕੋਲਡ ਸਟੋਰੇਜ ਏਸੋਸਇਏਸ਼ਨ ਦੇ ਅਧਿਕਾਰੀਆਂ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕਰ ਇੱਕਮੁਸ਼ਤ ਮਾਰਕਿਟ ਫੀਸ ਪ੍ਰਣਾਲੀ ਤੋਂ ਆ ਰਹੀ ਮੁਸ਼ਕਲਾਂ ਨਾਲ ਉਨ੍ਹਾਂ ਨੂੰ ਜਾਣੂ ਕਰਵਾਇਆ ਸੀ। ਮੁੱਖ ਮੰਤਰੀ ਨੇ ਏਸੋਸਇਏਸ਼ਨ ਦੇ ਅਧਿਕਾਰੀਆਂ ਦੀ ਗੱਲ ਨੂੰ ਹਮਦਰਦੀ ਨਾਲ ਸੁਣਿਆ ਅਤੇ ਜਲਦੀ ਤੋਂ ੧ਲਦੀ ਇਸ ਸਮਸਿਆ ਦੇ ਹੱਲ ਕਰਨ ਦਾ ਭਰੋਸਾ ਦਿੱਤਾ ਸੀ।

ਮੁੱਖ ਮੰਤਰੀ ਨੇ ਮਾਰਕਿਟ ਫੀਸ ਪ੍ਰਣਾਲੀ ਨੂੰ ਉਦਯੋਗ ਦੀ ਜਰੂਰਤ ਅਨੁਸਾਰ ਸੋਧ ਕਰ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਉਨ੍ਹਾਂ ਦੀ ਸਰਕਾਰ ਵਪਾਰ, ਉਦਯੋਗ ਤੇ ਖੇਤੀਬਾੜੀ ਖੇਤਰ ਨੂੰ ਪ੍ਰੋਤਸਾਹਿਤ ਕਰਨ ਲਈ ਪ੍ਰਤੀਬੱਧ ਹੈ। ਉਨ੍ਹਾਂ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਨੇ ਵਪਾਰਕ ਨੀਤੀਆਂ ਵਿੱਚ ਪਾਰਦਰਸ਼ਿਤਾ ਅਤੇ ਉਦਮਤਾ ਨੂੰ ਪ੍ਰੋਤਸਾਹਨ ਦੇਣ ਦੀ ਦਿਸ਼ਾ ਵਿੱਚ ਕਈ ਮਹਤੱਵਪੂਰਣ ਫੈਸਲੇ ਕੀਤੇ ਹਨ ਅਤੇ ਇਹ ਵੀ ਉਨ੍ਹਾਂ ਫੈਸਲਿਆਂ ਵਿੱਚੋ ਇੱਕ ਹੈ।ਕੋਲਡ ਸਟੋਰੇਜ ਏਸੋਸਇਏਸ਼ਨ ਦੇ ਪ੍ਰਧਾਨ ਤੇ ਅਧਿਕਾਰੀਆਂ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਫੈਸਲਾ ਉਨ੍ਹਾਂ ਦੀ ਵਪਾਰ ਅਤੇ ਖੇਤੀਬਾੜੀ ਹਿਤੇਸ਼ੀ ਸੋਚ ਨੂੰ ਦਰਸ਼ਾਉਂਦਾ ਹੈ। ਸੂਬਾ ਸਰਕਾਰ ਦੇ ਇਸ ਫੈਸਲੇ ਨਾਲ ਨਾ ਸਿਰਫ ਛੋਟੇ ਅਤੇ ਮੱਧਮ ਪੱਧਰ ਦੇ ਕੋਲਡ ਸਟੋਰੇਜ ਸੰਚਾਲਕਾਂ ਨੂੰ ਰਾਹਤ ਮਿਲੇਗੀ, ਸਗੋ ਪੂਰੇ ਸੂਬੇ ਵਿੱਚ ਕੋਲਡ ਸਟੋਰੇਜ ਸੇਵਾਵਾਂ ਦਾ ਵਿਸਤਾਰ ਵੀ ਹੋਵੇਗਾ। ਇਸ ਨਾਲ ਕਿਸਾਨਾਂ ਨੂੰ ਆਪਣੀ ਫਸਲਾਂ ਦੇ ਸਟੋਰੇਜ ਦੀ ਬਿਹਤਰ ਸਹੂਲਤ ਪ੍ਰਾਪਤ ਹੋਵੇਗੀ, ਜਿਸ ਦੇ ਨਤੀਜੇ ਵਜੋ ਖੇਤੀਬਾੜੀ ਖੇਤਰ ਨੂੰ ਹੋ ਵੱਧ ਮਜਬੂਤੀ ਮਿਲੇਗੀ।ਇਸ ਮੌਕੇ ’ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਂਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਰਾਜਾ ਸ਼ੇਖਰ ਵੂੰਡਰੂ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ, ਹਰਿਆਣਾ ਰਾਜ ਖੇਤੀਬਾੜੀ ਮਾਰਕਟਿੰਗ ਬੋਰਡ ਦੇ ਮੁੱਖ ਪ੍ਰਸ਼ਾਸਕ ਸ੍ਰੀ ਮੁਕੇਸ਼ ਕੁਮਾਰ ਅਹੂਜਾ, ਬੋਰਡ ਦੇ ਸੀਐਮਈਓ ਸ੍ਰੀ ਸੁਨੀਲ ਸ਼ਰਮਾ, ਏਸੋਸਇਏਸ਼ਨ ਦੇ ਪ੍ਰਧਾਨ ਸ੍ਰੀ ਬਲਦੇਵ ਰਾਜ ਰਾਠੀ ਸਮੇਤ ਹੋਰ ਅਧਿਕਾਰੀ ਮੌਜੂਦ ਰਹੇ।

# ਕਣਕ ਦੀ ਖਰੀਦ ਨੂੰ ਲੈਅ ਕੇ ਸਰਕਾਰ ਨੇ ਕੀਤੇ ਪੁਖ਼ਤਾ ਪ੍ਰਬੰਧ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਣਕ ਦੀ ਖਰੀਦ ਨੂੰ ਲੈਅ ਕੇ ਸਰਕਾਰ ਨੇ ਪੁਖ਼ਤਾ ਪ੍ਰਬੰਧ ਕੀਤੇ ਹਨ।

ਇਸ ਦੇ ਲਈ ਮੰਡੀਆਂ ਵਿੱਚ ਸਾਰੀ ਤਿਆਰੀ ਪੂਰੀ ਕਰ ਲਈ ਹੈ।

ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਆਉਣ ਦੀ ਜਾਵੇਗੀ। ਅੱਜ ਮੁੱਖ ਮੰਤਰੀ ਪੰਚਕੂਲਾ ਵਿੱਚ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।

# ਯਮੁਨਾਨਗਰ ਵਿੱਚ 800 ਮੇਗਾਵਾਟ ਦਾ ਨਵਾਂ ਥਰਮਲ ਪਾਵਰ ਪਲਾਂਟ ਸਥਾਪਿਤ ਕੀਤਾ ਜਾਵੇਗਾ : ਅਨਿਲ ਵਿਜ

**ਚੰਡੀਗੜ੍ਹ, 5 ਅਪ੍ਰੈਲ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਊਰਜਾ, ਟ੍ਰਾਂਸਪੋਰਟ ਅਤੇ ਕਿਰਤ ਮੰਤਰੀ ਸ੍ਰੀ ਅਨਿਲ ਵਿਜ ਨੇ ਦਸਿਆ ਕਿ ਯਮੁਨਾਨਗਰ ਵਿੱਚ 800 ਮੇਗਾਵਾਟ ਸਮਰੱਥਾ ਦਾ ਇੱਕ ਨਵਾਂ ਥਰਮਲ ਪਾਵਰ ਪਲਾਂਟ ਸਥਾਪਿਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਹਿਸਾਰ ਅਤੇ ਪਾਣੀਪਤ ਵਿੱਚ ਵੀ ਥਰਮਲ ਪਾਵਰ ਪਲਾਂਟ ਲਗਾਏ ਜਾਣਗੇ।

ਉਨ੍ਹਾਂ ਨੇ ਕਿਹਾ ਕਿ ਸੂਬੇ ਵਿੱਚ ਆਗਾਮੀ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਜਲੀ ਦੀ ਕਾਫੀ ਵਿਵਸਥਾ ਕੀਤੀ ਗਈ ਹੈ। ਟ੍ਰਾਂਸਫਾਰਮਰਾਂ ਨੂੰ ਅੱਪਗ੍ਰੇਡ ਕਰ ਦਿੱਤਾ ਗਿਆ ਹੈ ਅਤੇ ਫਿਰ ਵੀ ਜੇਕਰ ਕੋਈ ਟ੍ਰਾਂਸਫਾਰਮਰ ਖਰਾਬ ਹੁੰਦਾ ਹੈ ਤਾਂ ਉਸ ਨੂੰ ਤੁਰੰਤ ਬਦਲਣ ਦੀ ਵਿਵਸਥਾ ਯਕੀਨੀ ਕੀਤੀ ਗਈ ਹੈ। ਇਸ ਤੋਂ ਇਲਾਵਾ, ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਟ੍ਰਾਂਸਫਾਰਮਰਾਂ ਦੀ ਉਪਲਬਧਤਾ ਦੀ ਜਾਣਕਾਰੀ ਆਨਲਾਇਨ ਅੱਪਡੇਟ ਕੀਤੀ ਜਾਵੇ।

ਬਿਜਲੀ ਦਰਾਂ ਦੇ ਸਬੰਧ ਵਿੱਚ ਪੁੱਛੇ ਗਏ ਸੁਆਲ ਦੇ ਜਵਾਬ ਵਿੱਚ ਉਨ੍ਹਾਂ ਨੇ ਕਿਹਾ ਕਿ ਹਰਿਆਣਾ ਵਿੱਚ ਪਿਛਲੇ ਅੱਠ ਸਾਲਾਂ ਤੋਂ ਬਿਜਲੀ ਦੀ ਦਰਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ। ਉਨ੍ਹਾਂ ਨੇ ਸਪਸ਼ਟ ਕੀਤਾ ਕਿ ਬਿਜਲੀ ਦਰਾਂ ਹਰਿਆਣਾ ਇਲੈਕਟ੍ਰੀਸਿਟੀ ਰੇਗੂਲੇਟਰੀ ਕਮਿਸ਼ਨ ਵੱਲੋਂ ਤੈਅ ਕੀਤੀ ਜਾਂਦੀ ਹੈ, ਅਤੇ ਫਿਲਹਾਲ ਉਨ੍ਹਾਂ ਦੇ ਕੋਲ ਦਰਾਂ ਵਧਾਉਣ ਦਾ ਕੋਈ ਪ੍ਰਸਤਾਵ ਪੈਂਡਿੰਗ ਨਹੀਂ ਹੈ।

ਅਵੈਧ ਵਾਹਨਾ ਦੀ ਸਮਸਿਆ ਦੇ ਸੁਆਲ ’ਤੇ ਟ੍ਰਾਂਸਪੋਰਟ ਮੰਤਰੀ ਨੇ ਕਿਹਾ ਕਿ ਇਹ ਇੱਕ ਗੰਭੀਰ ਮੁੱਦਾ ਹੈ, ਜਿਸ ਨੂੰ ਰੋਕਨ ਲਈ ਉਹ ਖੁਦ ਕਈ ਵਾਰ ਸੜਕਾਂ ’ਤੇ ਨਿਰੀਖਣ ਕਰ ਚੁੱਕੇ ਹਨ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਅਵੈਧ ਵਾਹਨਾਂ ਦੇ ਸੰਚਾਲਨ ’ਤੇ ਸਖਤੀ ਨਾਲ ਰੋਕ ਲਗਾਈ ਜਾਵੇ ਅਤੇ ਕਾਨੂੰਨ ਦੇ ਤਹਿਤ ਸਹੀ ਕਾਰਵਾਈ ਕੀਤੀ ਜਾਵੇ।

ਨਸ਼ੇ ਨੂੰ ਇੱਕ ਸਮਾਜਿਕ ਬੀਮਾਰੀ ਕਰਾਰ ਦਿੰਦੇ ਹੋਏ ਉਨ੍ਹਾਂ ਨੇ ਕਿਹਾ ਕਿ ਇਸ ਨੂੰ ਪੂਰੀ ਤਰ੍ਹਾ ਖਤਮ ਕਰਨ ਲਈ ਸਮਾਜ ਦੇ ਲੋਕਾਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਗੱਲ ’ਤੇ ਜੋਰ ਦਿੱਤਾ ਕਿ ਨਸ਼ੇ ਨਾਲ ਪੀੜਤ ਲੋਕਾਂ ਦਾ ਮਾਨਸਿਕ ਬਦਲਾਅ ਹੀ ਇਸ ਦਾ ਸਥਾਈ ਹੱਲ ਹੋ ਸਕਦਾ ਹੈ।

ਟੋਲ ਟੈਕਸ ਦੀ ਦਰਾਂ ਵਿੱਚ ਵਾਧੇ ਦੇ ਸੁਆਲ ’ਤੇ ਉਨ੍ਹਾਂ ਨੇ ਸਪਸ਼ਟ ਕੀਤਾ ਕਿ ਕੇਂਦਰ ਸਰਕਾਰ ਟੋਲ ਪਲਾਜਾ ਪ੍ਰਣਾਲੀ ਨੂੰ ਵੱਧ ਸਰਲ ਅਤੇ ਪ੍ਰਭਾਵੀ ਬਣਾਉਣ ’ਤੇ ਵਿਚਾਰ ਕਰ ਰਹੀ ਹੈ। ਇਸ ਦੇ ਤਹਿਤ ਆਟੋਮੈਟਿਕ ਚਿੱਪ ਲਗਾਉਣ ਦੀ ਯੋਜਨਾ ਹੈ, ਜਿਸ ਨਾਲ ਯਾਤਰੀਆਂ ਨੂੰ ਵੱਧ ਸਹੂਲਤ ਮਿਲੇਗੀ ਅਤੇ ਟੋਲ ਭਗਤਾਨ ਦੀ ਪ੍ਰਕ੍ਰਿਆ ਸਰਲ ਹੋਵੇਗੀ।

## ਸਿਟ ਨੇ ਕਰਨਲ ਬਾਠ ਮਾਮਲੇ ਦੀ ਵਿਧੀਵਤ ਢੰਗ ਨਾਲ ਜਾਂਚ ਅੱਗੇ ਵਧਾਈ

# ਏ.ਡੀ.ਜੀ.ਪੀ. ਏ.ਐਸ. ਰਾਏ ਦੀ ਅਗਵਾਈ ਹੇਠ ਸਿਟ ਨੇ ਛੇ ਪੁਲਿਸ ਮੁਲਾਜ਼ਮਾਂ ਦੇ ਬਿਆਨ ਕਲਮਬੱਧ ਕੀਤੇ



ਪਟਿਆਲਾ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਕਰਨਲ ਪੁਸ਼ਪਿੰਦਰ ਸਿੰਘ ਬਾਠ ਨਾਲ ਹੋਈ ਕੁੱਟਮਾਰ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿਟ) ਵੱਲੋਂ ਅੱਜ ਜਾਂਚ ਨੂੰ ਵਿਧੀਵਤ ਢੰਗ ਨਾਲ ਹੋਰ ਅੱਗੇ ਵਧਾਉਂਦਿਆਂ ਕੇਸ ਨਾਲ ਸਬੰਧਤ ਸਿਵਲ ਲਾਈਨ ਥਾਣੇ ਦੇ ਛੇ ਪੁਲਿਸ ਮੁਲਾਜ਼ਮਾਂ ਜਿਨ੍ਹਾਂ ਦੇ ਥਾਣਾ ਖੇਤਰ 'ਚ ਇਹ ਘਟਨਾ ਵਾਪਰੀ ਉਨ੍ਹਾਂ ਦੇ ਬਿਆਨ ਅੱਜ ਇਥੇ ਸਰਕਟ ਹਾਊਸ ਵਿਖੇ ਕਲਮਬੱਧ ਕੀਤੇ ਗਏ। ਵਿਸ਼ੇਸ਼ ਜਾਂਚ ਟੀਮ ਦੇ ਮੁਖੀ ਏ.ਡੀ.ਜੀ.ਪੀ.ਸ. ਏ.ਐਸ. ਰਾਏ ਦੇ ਨਾਲ ਸਿਟ ਮੈਂਬਰ ਐਸ.ਐਸ.ਪੀ. ਹੁਸ਼ਿਆਰਪੁਰ ਸੰਦੀਪ ਮਲਿਕ, ਐਸ.ਪੀ. ਐਸ.ਏ.ਐਸ ਨਗਰ ਮਨਪ੍ਰੀਤ ਸਿੰਘ ਅਤੇ ਡੀ.ਐਸ.ਪੀ ਬਾਘਾਪੁਰਾਣਾ ਦਲਬੀਰ ਸਿੰਘ ਸਿੱਧੂ ਵੱਲੋਂ ਕਰੀਬ ਤਿੰਨ ਘੰਟੇ ਤੱਕ ਕੇਸ ਨਾਲ ਸਬੰਧਤ ਮੁਲਾਜ਼ਮਾਂ ਦੇ ਬਿਆਨ ਦਰਜ਼ ਕੀਤੇ ਗਏ।

ਇਸ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਏ.ਡੀ.ਜੀ.ਪੀ.ਸ. ਏ.ਐਸ.ਰਾਏ ਨੇ ਦੱਸਿਆ ਕਿ ਸਿਟ ਵੱਲੋਂ 31 ਮਾਰਚ ਨੂੰ ਘਟਨਾ ਵਾਲੀ ਥਾਂ ਦਾ ਦੌਰਾ ਕੀਤਾ ਗਿਆ ਸੀ ਅਤੇ ਦਸਤਾਵੇਜ਼ੀ ਸਬੂਤ ਇਕੱਠੇ ਕੀਤੇ ਗਏ ਸਨ, ਜਿਨ੍ਹਾਂ ਨੂੰ ਬੀਤੇ ਦਿਨ ਭਾਰਤ ਸਰਕਾਰ ਦੀ ਸੈਂਟਰਲ ਫੋਰੈਂਸਿਕ ਸਾਇੰਸ ਲੈਬਾਰਟਰੀ ਵਿਖੇ ਜਮ੍ਹਾਂ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਅੱਜ ਸਿਟ ਦੀ ਮੀਟਿੰਗ ਦੌਰਾਨ ਇਸ ਕੇਸ ਨਾਲ ਸਬੰਧਤ ਸਿਵਲ ਲਾਈਨ ਥਾਣੇ ਦੇ ਛੇ ਪੁਲਿਸ ਮੁਲਾਜ਼ਮਾਂ ਦੇ ਬਿਆਨ ਕਲਮਬੱਧ ਕੀਤੇ ਗਏ ਹਨ ਤੇ ਇਸ ਨਾਲ ਹੁਣ ਸਿਟ ਕੋਲ ਬਿਆਨ ਤੇ ਦਸਤਾਵੇਜ਼ੀ ਸਬੂਤ ਹੋਣ ਨਾਲ ਜਾਂਚ ਵਿਧੀਵਤ ਢੰਗ ਨਾਲ ਸ਼ੁਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਸਿਟ ਵੱਲੋਂ ਬਹੁਤ ਜਲਦ ਕੇਸ ਨੂੰ ਨਤੀਜੇ ਤੱਕ ਪਹੁੰਚਾਇਆ ਜਾਵੇਗਾ।

ਇਸ ਮੌਕੇ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸ. ਏ.ਐਸ. ਰਾਏ ਨੇ ਕਿਹਾ ਕਿ 31 ਮਾਰਚ ਨੂੰ ਸਿਟ ਵੱਲੋਂ ਇਸ ਕੇਸ ਨਾਲ ਸਬੰਧਤ ਸੂਚਨਾ ਦੇਣ ਲਈ ਫ਼ੋਨ ਨੰਬਰ 75083 00342 ਜਾਰੀ ਕੀਤਾ ਗਿਆ ਸੀ, ਜਿਸ 'ਤੇ 30 ਦੇ ਕਰੀਬ ਕਾਲਾਂ ਆਈਆਂ ਹਨ, ਪਰ ਉਨ੍ਹਾਂ ਕਾਲਾਂ ਰਾਹੀਂ ਕਿਸੇ ਨੇ ਵੀ ਸਬੂਤ ਪੇਸ਼ ਨਹੀਂ ਕੀਤਾ ਸਗੋਂ ਆਪਣੇ ਵਿਚਾਰ ਪੇਸ਼ ਕੀਤੇ ਹਨ। ਉਨ੍ਹਾਂ ਕਿਹਾ ਕਿ ਸਿਟ ਵੱਲੋਂ ਇਸ ਕੇਸ ਨਾਲ ਸਬੰਧਤ ਹੋਰਨਾਂ ਨੂੰ ਵੀ ਪੁੱਛਗਿੱਛ ਲਈ ਵੀ ਬੁਲਾਇਆ ਜਾਵੇਗਾ।

ਏ.ਐਸ.ਰਾਏ ਨੇ ਦੱਸਿਆ ਕਿ ਸਿਟ ਵੱਲੋਂ ਘਟਨਾ ਦੀ ਟਾਈਮ ਲਾਈਨ ਬਣਾਈ ਗਈ ਹੈ ਤੇ ਜਿਥੇ-ਜਿਥੇ ਫਰਕ ਪਾਇਆ ਗਿਆ ਹੈ, ਉਨ੍ਹਾਂ ਦੀ ਜਾਂਚ ਵੀ ਕੀਤੀ ਜਾ ਰਹੀ ਹੈ।

ਇੱਕ ਸਵਾਲ ਦੇ ਜਵਾਬ ਵਿੱਚ ਏ.ਡੀ.ਜੀ.ਪੀ ਰਾਏ ਨੇ ਕਿਹਾ ਕਿ ਕਰਨਲ ਬਾਠ ਵੱਲੋਂ ਦਰਜ ਕਰਵਾਏ ਐਫਆਈਆਰ ਵਿਚਲੇ ਬਿਆਨਾਂ ਨੂੰ ਵੀ ਵਾਚਿਆ ਜਾ ਰਿਹਾ ਹੈ ਅਤੇ ਜੇਕਰ ਕਰਨਲ ਬਾਠ ਵੱਲੋਂ ਇਸ ਸਬੰਧੀ ਹੋਰ ਕੋਈ ਬਿਆਨ ਜਾਂ ਨੁਕਤਾ ਸਾਂਝਾ ਕਰਨਾ ਹੈ ਤਾਂ ਉਹ ਕਦੇ ਵੀ ਸਿਟ ਕੋਲ ਆਪਣਾ ਪੱਖ ਪੇਸ਼ ਕਰ ਸਕਦੇ ਹਨ।

## ਕਾਲਜ ਦੇ 302 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ

# ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ 'ਚ ਯੋਗਦਾਨ ਪਾਉਣ ਲਈ ਕੀਤਾ ਪ੍ਰੇਰਿਤ

ਪਟਿਆਲਾ, 5 ਅਪ੍ਰੈਲ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-



ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਵਿਖੇ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਦੀ ਅਗਵਾਈ ਵਿੱਚ ਸ਼ੈਸ਼ਨ 2023-24 ਲਈ ਕਨਵੋਕੇਸ਼ਨ 2025 ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿਚ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਰਜਿਸਟਰਾਰ ਘਰੇਲੂ ਪ੍ਰੀਖਿਆਵਾਂ ਡਾ. ਜਸਪ੍ਰੀਤ ਕੌਰ ਦੇ ਸੰਚਾਲਨ ਤਹਿਤ ਇਸ ਸਮਾਰੋਹ ਦੀ ਸ਼ੁਰੂਆਤ ਅਕਾਦਮਿਕ ਪ੍ਰੋਸੈਸ਼ਨ ਦੇ ਆਗਮਨ ਅਤੇ ਸ਼ਮ੍ਹਾਂ ਰੌਸ਼ਨ ਕਰਨ ਦੀ ਰਸਮ ਨਾਲ ਹੋਈ। ਕਾਲਜ ਪ੍ਰਿੰਸੀਪਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਵਿਸਥਾਰ ਵਿਚ ਕਾਲਜ ਦੀ ਰਿਪੋਰਟ ਪੇਸ਼ ਕੀਤੀ, ਵਿਦਿਆਰਥੀਆਂ ਦੀ ਵਿਦਿਅਕ, ਸਹਿ-ਪਾਠਕ੍ਰਮ ਗਤੀਵਿਧੀਆਂ ਅਤੇ ਖੇਡਾਂ ਵਿੱਚ ਹਾਸਲ ਕੀਤੀਆਂ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ।

ਇਸ ਸਮਾਰੋਹ ਵਿੱਚ ਕੁੱਲ 302 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 269 ਗ੍ਰੈਜੂਏਸ਼ਨ ਅਤੇ 33 ਪੋਸਟ ਗ੍ਰੈਜੂਏਸ਼ਨ ਦੇ ਵਿਦਿਆਰਥੀ ਸ਼ਾਮਲ ਸਨ ਜਿਹਨਾਂ ਵਿੱਚੋਂ 219 ਲੜਕੀਆਂ ਅਤੇ 83 ਲੜਕੇ ਸਨ।

ਮੁੱਖ ਮਹਿਮਾਨ ਡਾ. ਪ੍ਰੀਤੀ ਯਾਦਵ ਨੇ ਆਪਣੇ ਸੰਬੋਧਨ ਵਿੱਚ ਉਚੇਰੀ ਸਿੱਖਿਆ ਦੇ ਮਹੱਤਵ ਨੂੰ ਉਜਾਗਰ ਕਰਦੇ ਹੋਏ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਲਈ ਸਰਗਰਮ ਭੂਮਿਕਾ ਨਿਭਾਉਣ ਅਤੇ ਹਰ ਚੁਣੌਤੀ ਨੂੰ ਵਿਸ਼ਵਾਸ ਅਤੇ ਦ੍ਰਿੜਤਾ ਨਾਲ ਸਵੀਕਾਰ ਕਰਨ ਦੀ ਪ੍ਰੇਰਨਾ ਦਿੱਤੀ।

ਕਾਲਜ ਪ੍ਰਿੰਸੀਪਲ ਪ੍ਰੋ (ਡਾ) ਕੁਸੁਮ ਲਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਹਾਸਿਲ ਕਰਨ ਤੱਕ ਹੀ ਸੀਮਿਤ ਨਹੀਂ ਰਹਿੰਦੀ, ਬਲਕਿ ਇਹ ਜੀਵਨ ਭਰ ਜਾਰੀ ਰਹਿੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਵਿੱਚ ਤਬਦੀਲੀ ਦੀ ਅਗਵਾਈ ਕਰਨ ਵਾਲੇ ਬਣਨ ਲਈ ਉਤਸ਼ਾਹਿਤ ਕੀਤਾ।

ਸਮਾਰੋਹ ਦੀ ਸਮਾਪਤੀ ਰਜਿਸਟਰਾਰ ਘਰੇਲੂ ਪ੍ਰੀਖਿਆਵਾਂ ਵੱਲੋਂ ਦਿੱਤੇ ਗਏ ਧੰਨਵਾਦੀ ਭਾਸ਼ਣ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਮੁੱਖ ਮਹਿਮਾਨ ਦਾ ਕੀਮਤੀ ਸਮਾਂ ਦੇਣ ਲਈ, ਕਾਲਜ ਪ੍ਰਸ਼ਾਸਨ ਦੇ ਸਹਿਯੋਗ ਲਈ ਅਤੇ ਫ਼ੈਕਲਟੀ ਮੈਂਬਰਾਂ ਦੀ ਸਮਰਪਣ ਭਾਵਨਾ ਲਈ ਧੰਨਵਾਦ ਕੀਤਾ।

ਇਸ ਸਮਾਰੋਹ ਦੇ ਸੰਚਾਲਨ ਵਿੱਚ ਡਾ. ਰੇਖਾ ਰਾਣੀ, ਡਾ. ਰੀਤੂ ਕਪੂਰ, ਡਾ. ਪਰਮਜੀਤ ਸਿੰਘ ਅਤੇ ਬਿਕਰਮ ਕਾਲਜ ਦੇ ਸਮੁੱਚੇ ਸਟਾਫ਼ ਨੇ ਸਹਿਯੋਗ ਕੀਤਾ। ਇਸ ਮੌਕੇ 'ਤੇ ਵਿਭਿੰਨ ਕਾਲਜਾਂ ਦੇ ਪ੍ਰਿੰਸੀਪਲ, ਸੇਵਾਮੁਕਤ ਪ੍ਰੋਫ਼ੈਸਰ, ਐਲੂਮਨੀ ਮੈਂਬਰ, ਪੀ.ਟੀ.ਏ. ਪ੍ਰਤਿਨਿਧੀ, ਐਚ ਈ ਆਈ ਐਸ ਗਵਰਨਿੰਗ ਬਾਡੀ ਦੇ ਮੈਂਬਰ ਅਤੇ ਵੱਖ-ਵੱਖ ਖੇਤਰਾਂ ਦੇ ਪ੍ਰਸਿੱਧ ਵਿਅਕਤੀ ਵੀ ਹਾਜ਼ਰ ਸਨ।

# ਵਿਸ਼ੇਸ਼ ਮੁਹਿੰਮ ਤਹਿਤ ਵੱਖ ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਸਾਫ-ਸਫਾਈ ਅਤੇ ਸਟਰੀਟ ਲਾਈਟਾਂ ਠੀਕ ਕਰਵਾਈਆਂ

ਫਿਰੋਜ਼ਪੁਰ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ (ਆਈ.ਏ.ਐੱਸ) ਦੀ ਰਹਿਨੁਮਾਈ ਵਿੱਚ ਜ਼ਿਲ੍ਹੇ ਨੂੰ ਸਾਫ਼ ਸੁਥਰਾ ਅਤੇ ਸੁੰਦਰ ਬਣਾਉਣ ਦੇ ਮੰਤਵ ਨਾਲ ਜ਼ਿਲ੍ਹੇ ਵਿੱਚ ਸਾਫ-ਸਫਾਈ, ਸੀਵਰੇਜ ਦੀ ਸਫ਼ਾਈ, ਨਾਲੀਆਂ ਦੀ ਸਫਾਈ, ਸਟਰੀਟ ਲਾਈਟਾਂ ਅਤੇ ਕੱਚਰੇ ਦੀ ਕੁਲੈਕਸ਼ਨ ਅਤੇ ਨਿਪਟਾਰੇ ਸਬੰਧੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸੁਪਰਡੰਟ ਸੈਨੀਟੇਸ਼ਨ ਸੁਖਪਾਲ ਸਿੰਘ ਨੇ ਦੱਸਿਆ ਕਿ ਵਿਸ਼ੇਸ਼ ਨਾਇਟ ਅਤੇ ਮੋਰਨਿੰਗ ਸਵੀਪ ਗਤੀਵਿਧੀਆਂ ਰਾਹੀਂ ਮਮਦੋਟ, ਮੱਲਾਂਵਾਲਾ, ਤਲਵੰਡੀ ਭਾਈ, ਜ਼ੀਰਾ, ਮੱਖੂ ਅਤੇ ਮੁੱਦਕੀ ਦੇ ਵੱਖ-ਵੱਖ ਵਾਰਡਾਂ ਵਿਖੇ ਸੜਕਾਂ, ਗਲੀਆਂ, ਨਾਲੀਆਂ ਦੀ ਸਾਫ਼ ਸਫਾਈ ਕਰਵਾਈ ਗਈ ਅਤੇ ਸਟਰੀਟ ਲਾਈਟਾਂ ਵੀ ਠੀਕ ਕਰਵਾਈਆਂ ਗਈਆਂ।

ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਮੰਤਵ ਰੋਜ਼ਾਨਾ ਪੈਦਾ ਹੋਣ ਵਾਲੇ ਕੱਚਰੇ ਦਾ ਯੋਗ ਨਿਪਟਾਰਾ ਅਤੇ ਗਲੀਆਂ ਸੜਕਾਂ ਵਿੱਚ ਮੁਕੰਮਲ ਰੌਸ਼ਨੀ ਦਾ ਪ੍ਰਬੰਧ ਕਰਨਾ ਹੈ ਤਾਂ ਜੋ ਲੋਕਾਂ ਨੂੰ ਸਾਫ ਸੁਥਰਾ ਅਤੇ ਸਵੱਛ ਵਾਤਾਵਰਨ ਮੁੱਹਈਆ ਕਰਵਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਸਮੂਹ ਸ਼ਹਿਰਾਂ ਅਤੇ ਨਗਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਨਾਲ ਇਸ ਮੁਹਿੰਮ ਵਿੱਚ ਸ਼ਾਮਲ ਹੋ ਕੇ ਆਪਣੇ ਆਲੇ ਦੁਆਲੇ ਦੀ ਸਾਫ ਸਫਾਈ ਬਣਾਈ ਰੱਖਣ। ਇਸ ਤੋਂ ਇਲਾਵਾ ਆਪਣੇ ਘਰਾਂ ਦੇ ਕੂੜੇ ਨੂੰ ਵੀ ਵੱਖ-ਵੱਖ ਸੈਗਰੀਗੇਸ਼ਨ ਰੂਪ ਵਿੱਚ ਵੀ ਰੱਖਣ ਅਤੇ ਸਬੰਧਿਤ ਕਰਮਚਾਰੀਆਂ ਨੂੰ ਹੀ ਦੇਣ, ਕਚਰੇ ਨੂੰ ਅੱਗ ਨਾ ਲਗਾਉਣ ਅਤੇ ਕੱਚਰੇ ਨੂੰ ਸੜਕਾਂ, ਗਲੀਆਂ, ਮੁਹੱਲਿਆਂ ਤੇ ਖਾਲੀ ਪਲਾਟਾਂ ਆਦਿ 'ਚ ਵੀ ਨਾ ਸੁੱਟਣ। ਉਨ੍ਹਾਂ ਕਿਹਾ ਕਿ ਆਪਣੇ ਆਲੇ ਦੁਆਲੇ ਸਫਾਈ ਸਬੰਧੀ ਸ਼ਿਕਾਇਤ ਲਈ ਆਪਣੇ ਸੰਬੰਧਿਤ ਨਗਰ ਕੌਂਸਲ ਜਾਂ ਨਗਰ ਪੰਚਾਇਤ ਦਫਤਰ ਵਿਖੇ ਸੰਪਰਕ ਕਰਨ ਤਾਂ ਜੋ ਜ਼ਿਲ੍ਹੇ ਨੂੰ ਸੁੰਦਰ, ਸਾਫ਼ ਸੁਥਰਾ ਤੇ ਸਵੱਛ ਬਣਾਇਆ ਜਾ ਸਕੇ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਬਕਾਰੀ ਤੇ ਕਰ ਇੰਸਪੈਕਟਰਾਂ ਅਤੇ ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ

ਚੰਡੀਗੜ੍ਹ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-



ਸੂਬੇ ਦੀਆਂ ਮਾਲੀਆ ਪ੍ਰਾਪਤੀਆਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਕਰ ਅਤੇ ਆਬਕਾਰੀ ਵਿਭਾਗ ਨੂੰ ਹੋਰ ਮਜ਼ਬੂਤ ਕਰਦਿਆਂ ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਵਿਭਾਗ ਦੇ 2 ਆਬਕਾਰੀ ਅਤੇ ਕਰ ਇੰਸਪੈਕਟਰਾਂ ਅਤੇ 2 ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਨਵ-ਨਿਯੁਕਤ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਲੋਕ ਸੇਵਾ ਵਿੱਚ ਇਮਾਨਦਾਰੀ, ਸਮਰਪਣ ਅਤੇ ਵਚਨਬੱਧਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਰਕਾਰ ਦੇ ਮਾਲੀਆ ਪ੍ਰਾਪਤੀ ਪ੍ਰਣਾਲੀ ਨੂੰ ਮਜ਼ਬੂਤ ਅਤੇ ਪਾਰਦਰਸ਼ੀ ਬਣਾਏ ਰੱਖਣ ਨੂੰ ਯਕੀਨੀ ਬਣਾਉਣ ਵਿੱਚ ਆਬਕਾਰੀ ਤੇ ਕਰ ਵਿਭਾਗ ਵੱਲੋਂ ਨਿਭਾਈ ਜਾ ਰਹੀ ਮਹੱਤਵਪੂਰਨ ਭੂਮਿਕਾ ਦਾ ਜਿਕਰ ਕਰਦਿਆਂ ਵਿਸ਼ਵਾਸ ਪ੍ਰਗਟ ਕੀਤਾ ਕਿ ਨਵ-ਨਿਯੁਕਤ ਅਧਿਕਾਰੀ ਆਪਣੀ ਯੋਗਤਾ ਸਦਕਾ ਇਸ ਵਿੱਚ ਸਾਰਥਕ ਯੋਗਦਾਨ ਪਾਉਣਗੇ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਆਬਕਾਰੀ ਅਤੇ ਕਰ ਵਿਭਾਗ ਪੰਜਾਬ ਸਰਕਾਰ ਦੇ ਵਿੱਤੀ ਢਾਂਚੇ ਦਾ ਮੁੱਖ ਥੰਮ ਹੈ। ਉਨ੍ਹਾਂ ਕਿਹਾ ਕਿ ਇਹ ਨਿਯੁਕਤੀਆਂ ਵਿਭਾਗ ਨੂੰ ਸਮਰੱਥ ਅਤੇ ਮਿਹਨਤੀ ਕਰਮਚਾਰੀਆਂ ਦੀ ਨਿਯੁਕਤੀ ਨਾਲ ਮਜ਼ਬੂਤ ਕਰਨ ਲਈ ਸਾਡੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ, ਜੋ ਪ੍ਰਭਾਵਸ਼ਾਲੀ ਮਾਲੀਆ ਉਗਰਾਹੀ ਅਤੇ ਪ੍ਰਬੰਧਨ ਵਿੱਚ ਸਹਾਈ ਹੋਣਗੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰੁਜ਼ਗਾਰ ਸਿਰਜਣ ਅਤੇ ਕੁਸ਼ਲ ਮਾਲੀਆ ਪ੍ਰਬੰਧਨ ਪ੍ਰਤੀ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਭਰਤੀ ਮੁਹਿੰਮ ਨਾ ਸਿਰਫ ਆਬਕਾਰੀ ਅਤੇ ਕਰ ਵਿਭਾਗ ਨੂੰ ਮਜ਼ਬੂਤ ਕਰਦੀ ਹੈ ਬਲਕਿ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਪੰਜਾਬ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਰੁਜ਼ਗਾਰ ਸਿਰਜਣ, ਆਰਥਿਕ ਵਿਕਾਸ ਅਤੇ ਸਸ਼ਕਤੀਕਰਨ 'ਤੇ ਜ਼ੋਰ ਦੇ ਕੇ ਪੰਜਾਬ ਸਰਕਾਰ ਸੂਬੇ ਭਰ ਵਿੱਚ ਰੁਜ਼ਗਾਰ ਦੇ ਮੌਕਿਆਂ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰ ਰਹੀ ਹੈ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ 3 ਤੇ 5 ਅਪ੍ਰੈਲ ਨੂੰ ਲੱਗੇਗਾ ਪਲੇਸਮੈਂਟ ਕੈਂਪ

ਪਟਿਆਲਾ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਦੇ ਡਿਪਟੀ ਡਾਇਰੈਕਟਰ ਮੇਜਰ ਹਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਊਰੋ ਵਿਖੇ 3 ਤੇ 5 ਅਪ੍ਰੈਲ ਨੂੰ ਵੱਖ-ਵੱਖ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ 5 ਅਪ੍ਰੈਲ ਨੂੰ ਟੀਮ ਲੀਜ਼ ਪ੍ਰਾਈਵੇਟ ਲਿਮਟਿਡ ਵੱਲੋਂ ਸੇਲਜ਼ ਅਫ਼ਸਰ ਦੀ ਅਸਾਮੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਬਾਰ੍ਹਵੀਂ/ਗ੍ਰੈਜੂਏਸ਼ਨ ਪਾਸ 22 ਤੋਂ 28 ਸਾਲ ਉਮਰ ਦੇ ਲੜਕੇ ਹਿੱਸਾ ਲੈ ਸਕਦੇ ਹਨ। ਇਸੇ ਤਰ੍ਹਾਂ 5 ਅਪ੍ਰੈਲ ਨੂੰ ਕਵਾਡਰੈਂਟ ਟੈਲੀਵੈਂਚਰਜ਼ ਵੱਲੋਂ ਮਾਰਕੀਟਿੰਗ ਐਗਜ਼ੀਕਿਊਟਿਵ ਦੀ ਅਸਾਮੀ ਲਈ ਪਲੇਸਮੈਂਟ ਕੈਂਪ ਲੱਗੇਗਾ, ਜਿਸ ਵਿੱਚ ਬਾਰ੍ਹਵੀਂ/ਗ੍ਰੈਜੂਏਸ਼ਨ ਪਾਸ 20 ਤੋਂ 35 ਸਾਲ ਉਮਰ ਦੇ ਲੜਕੇ ਹਿੱਸਾ ਲੈ ਸਕਦੇ ਹਨ।

ਉਨ੍ਹਾਂ ਕਿਹਾ ਕਿ ਨੌਕਰੀ ਦੇ ਚਾਹਵਾਨ ਉਮੀਦਵਾਰ ਇਨ੍ਹਾਂ ਪਲੇਸਮੈਂਟ ਕੈਂਪਾਂ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 3 ਤੇ 5 ਅਪ੍ਰੈਲ ਨੂੰ ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਨ੍ਹਾਂ ਕੈਂਪਾਂ ਵਿੱਚ ਹਿੱਸਾ ਲੈ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪ ਲਾਈਨ ਨੰਬਰ 98776-10877 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸ਼ਾਸਤਰੀ ਸੰਗੀਤ ਪ੍ਰਤੀ ਯੋਗਦਾਨ ਲਈ ਡਾ. ਨਿਵੇਦਿਤਾ ਸਿੰਘ ਨੂੰ ਲਾਈਫਟਾਈਮ ਅਚੀਵਮੈਂਟ ਅਵਾਰਡ

ਪਟਿਆਲਾ, 5 ਅਪ੍ਰੈਲ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸੰਗੀਤ ਵਿਭਾਗ ਵਿਚ ਕਾਰਜਸ਼ੀਲ ਪ੍ਰੋਫ਼ੈਸਰ ਨਿਵੇਦਿਤਾ ਸਿੰਘ ਨੂੰ ਪੰਜਾਬ ਵਿਚ ਸ਼ਾਸਤਰੀ ਸੰਗੀਤ ਦੇ ਪਰਚਾਰ ਅਤੇ ਪਰਸਾਰ ਹਿਤ ਪਾਰਸ ਕਲਾ ਮੰਚ, ਜਲੰਧਰ ਵਲੋਂ ਪੰਡਿਤ ਬਲਵੰਤ ਰਾਏ ਜਸਵਾਲ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ।

ਇਹ ਸਨਮਾਨ ਜਲੰਧਰ ਵਿਖੇ ਹੋਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਪ੍ਰਦਾਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਪੰਜਾਬ ਸਰਕਾਰ ਦੇ ਕੈਬੀਨੇਟ ਮੰਤਰੀ ਸ੍ਰੀ ਮਹਿੰਦਰ ਭਗਤ ਸ਼ਾਮਿਲ ਹੋਏ। ਪਾਰਸ ਸੰਗੀਤ ਸੰਮੇਲਨ ਦੇ ਨਾਂ ਨਾਲ ਸੰਪੰਨ ਹੋਏ ਇਸ ਸਮਾਗਮ ਵਿਚ ਡਾ. ਨਿਵੇਦਿਤਾ ਸਿੰਘ ਵਲੋਂ ਸ਼ਾਸਤਰੀ ਗਾਇਨ ਦੀ ਸ਼ਾਨਦਾਰ ਪੇਸ਼ਕਾਰੀ ਵੀ ਦਿੱਤੀ ਗਈ। ਵਰਣਨਯੋਗ ਹੈ ਕਿ ਡਾ. ਨਿਵੇਦਿਤਾ ਸਿੰਘ ਪੰਜਾਬ ਦੀ ਪ੍ਰਸਿੱਧ ਸ਼ਾਸਤਰੀ ਗਾਇਕਾ ਹਨ, ਜਿਨ੍ਹਾਂ ਨੇ ਭਾਰਤ ਭਰ ਵਿਚ ਆਪਣੀ ਗਾਇਕੀ ਨਾਲ ਮੰਚ ਪ੍ਰਦਰਸ਼ਨ ਕੀਤੇ ਹਨ। ਸੁਤੰਤਰਤਾ ਪ੍ਰਾਪਤੀ ਉਪਰੰਤ ਆਕਾਸ਼ਵਾਣੀ ਜਲੰਧਰ ਤੋਂ ਸ਼ਾਸਤਰੀ ਗਾਇਨ ਆਰੰਭ ਕਰਨ ਵਾਲੀ ਪੰਜਾਬ ਦੀ ਪਹਿਲੀ ਇਸਤਰੀ ਸ਼ਾਸਤਰੀ ਗਾਇਕਾ ਹਨ ਅਤੇ ਵਰਤਮਾਨ ਸਮੇਂ ਆਕਾਸ਼ਵਾਣੀ ਦੀ 'ਏ' ਗ੍ਰੇਡ ਕਲਾਕਾਰ ਹਨ। ਸ਼ਾਸਤਰੀ ਗਾਇਕੀ ਦੇ ਨਾਲ-ਨਾਲ ਨਿਰਧਾਰਿਤ ਰਾਗਾਂ ਵਿਚ ਗੁਰਬਾਣੀ ਦਾ ਗਾਇਨ ਵੀ ਉਨ੍ਹਾਂ ਦੀ ਵਿਸ਼ੇਸ਼ਤਾ ਹੈ। ਪੰਜਾਬ ਦੇ ਵਿਰਾਸਤੀ ਸੰਗੀਤ ਪ੍ਰਤੀ ਵੀ ਉਹ ਸਮਰਪਿਤ ਰਹੇ ਹਨ ਅਤੇ ਹਾਲ ਹੀ ਵਿੱਚ ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਦੇ ਸਹਿਯੋਗ ਨਾਲ ਪੰਜਾਬੀ ਯੂਨੀਵਰਸਿਟੀ ਵਿਖੇ ਇੱਕ ਅੰਤਰਰਾਸ਼ਟਰੀ ਕਾਨਫ਼ਰੰਸ ਦਾ ਆਯੋਜਨ ਵੀ ਕੋਆਰਡੀਨੇਟਰ ਵਜੋਂ ਕੀਤਾ। ਪਾਰਸ ਸੰਗੀਤ ਸੰਮੇਲਨ ਦੇ ਮੌਕੇ ਜਸਵਾਲ ਪਰਿਵਾਰ ਦੇ ਮੈਂਬਰ ਅਤੇ ਸੰਗੀਤ ਪ੍ਰੇਮੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਨਿਸ਼ਚਲ ਸ਼ਰਮਾ ਦੀ Flip ਕਾਰਡ ਬਰਾਂਡ ਸ਼ੂਟ ਲਈ ਹੋਈ ਸਲੈਕਸ਼ਨ




ਸ੍ਰੀ ਆਨੰਦਪੁਰ ਸਾਹਿਬ, 5 ਅਪ੍ਰੈਲ
-ਸਚਿਨ ਸੋਨੀ/ਰਾਜੂ ਧੀਮਾਨ-
-ਕੌਮੀ ਪੱਤ੍ਰਿਕਾ ਬਿਊਰੋ-

ਇਲਾਕੇ ਲਈ ਮਾਣ ਵਾਲੀ ਗੱਲ ਸ੍ਰੀ ਆਨੰਦਪੁਰ ਸਾਹਿਬ ਦੇ ਨਾਲ ਲੱਗਦੇ ਪਿੰਡ ਮਹਿੰਦਲੀ ਖੁਰਦ ਦੇ ਰਹਿਣ ਵਾਲੇ ਨਿਸ਼ਚਲ ਸ਼ਰਮਾ ਮਾਤਾ ਪੂਨਮ ਸ਼ਰਮਾ ਦੋਹਤਰਾ ਬ੍ਰਹਮਾਨੰਦ ਸ਼ਰਮਾ ਦੀ Flip Card ਦੇ ਬਰਾਂਡ ਸ਼ੂਟ ਲਈ ਸਲੈਕਸ਼ਨ ਹੋਈ ਹੈ।

ਜਿਸ ਨਾਲ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਨਿਹਚਲ ਸ਼ਰਮਾ ਦੀ ਮਾਤਾ ਪੂਨਮ ਸ਼ਰਮਾ ਨੇ ਦੱਸਿਆ ਕਿ ਉਹਨਾਂ ਦਾ ਸਪੁੱਤਰ ਬਹੁਤ ਹੀ ਹੋਣਹਾਰ ਹੈ ਤੇ ਉਸ ਦੀ ਮਿਹਨਤ ਨਾਲ ਇਹ ਸਿਲੈਕਸ਼ਨ ਹੋਈ ਹੈ ਤੇ ਉਹਨਾਂ ਕਿਹਾ ਕਿ ਹਰ ਇੱਕ ਮਾਂ ਬਾਪ ਨੂੰ ਆਪਣੇ ਬੱਚਿਆਂ ਨੂੰ ਅੱਗੇ ਲਿਜਾਉਣ ਲਈ ਉਹਨਾਂ ਦਾ ਸਾਥ ਦੇਣਾ ਜ਼ਰੂਰੀ ਹੈ ਤਾਂ ਹੀ ਬੱਚੇ ਅੱਗੇ ਵਧ ਸਕਦੇ ਨੇ।

# ਨਾਹਰ ਸਿੰਘ ਬਣੇ ਆੜ੍ਹਤੀ ਐਸੋਸੀਏਸ਼ਨ ਘੱਗਾ ਦੇ ਪ੍ਰਧਾਨ



ਪਾਤੜਾ/ਘੱਗਾ, 2 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਆੜਤੀ ਐਸੋਸੀਏਸ਼ਨ ਘੱਗਾ ਦੀ ਚੋਣ ਅਨਾਜ ਮੰਡੀ ਘੱਗਾ ਵਿਖੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਆੜਤੀਆਂ ਦੀ ਮੌਜੂਦਗੀ ਵਿੱਚ ਸੰਪੰਨ ਹੋਈ ਜਿਸ ਵਿੱਚ ਨਾਹਰ ਸਿੰਘ ਨੂੰ ਆੜਤੀ ਐਸੋਸੀਏਸ਼ਨ ਦਾ ਪ੍ਰਧਾਨ ਚੁਣਿਆ ਗਿਆ ਚੁਣੇ ਗਏ ਪ੍ਰਧਾਨ ਨਾਹਰ ਸਿੰਘ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆ ਕਿਹਾ ਤੇ ਘੱਗਾ ਅਨਾਜ ਮੰਡੀ ਦੇ ਆੜਤੀਆਂ ਨੇ ਜੋ ਮੇਰੇ ਉੱਪਰ ਵਿਸ਼ਵਾਸ ਕਰਕੇ ਮੈਨੂੰ ਪ੍ਰਧਾਨ ਬਣਾਇਆ ਗਿਆ ਹੈ ਮੈਂ ਉਹਨਾਂ ਦਾ ਧੰਨਵਾਦੀ ਹਾਂ ਅਤੇ ਮੈ ਇਹ ਵਿਸ਼ਵਾਸ ਦਵਾਉਦਾ ਹਾ ਹੁਣ ਕੀ ਕਿਸੇ ਵੀ ਆੜਤੀ ਵੀਰ ਨੂੰ ਅਨਾਜ ਮੰਡੀ ਦੇ ਕੰਮਕਾਜ ਦੌਰਾਨ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਜ਼ਿਕਰਯੋਗ ਹੈ ਕਿ ਨਾਹਰ ਸਿੰਘ ਪਹਿਲਾਂ ਵੀ ਕਾਫੀ ਲੰਬਾ ਸਮਾਂ ਪ੍ਰਧਾਨਗੀ ਦੇ ਅਹੁਦੇ ਤੇ ਰਹਿ ਚੁੱਕੇ ਹਨ ਗਿਆ ਹੈ ਚੁਣੇ ਗਏ ਆੜਤੀ ਐਸੋਸੀਏਸ਼ਨ ਘੱਗਾ ਦੇ ਉਹਦੇਦਾਰਾਂ ਵਿੱਚ ਪ੍ਰਧਾਨ ਨਾਹਰ ਸਿੰਘ,ਵਾਈਸ ਪ੍ਰਧਾਨ ਪ੍ਰਿੰਸ ਸ਼ਰਮਾ,ਪ੍ਰੈਸ ਸਕੱਤਰ ਵਿਜੇ ਬਾਂਸਲ, ਕੈਸ਼ੀਅਰ ਨਵੀਨ ਗਰਗ, ਅਤੇ ਮੈਂਬਰਾਂ ਵਿੱਚ ਪ੍ਰਿਤਪਾਲ ਸ਼ਰਮਾ,ਅਮਨ ਸਿੰਘ, ਯੋਗੇਸ਼ ਕੁਮਾਰ,ਰਕੇਸ਼ ਕੁਮਾਰ ਕਾਲਾ, ਸੰਜੀਵ ਕੁਮਾਰ ਸੋਨੂੰ,ਜਸਪਾਲ ਸਿੰਘ, ਗਿਰਧਾਰੀ ਲਾਲ,ਰੋਸ਼ਨ ਲਾਲ,ਰਕੇਸ਼ ਚੌਧਰੀ, ਲੇਖ ਰਾਜ, ਰਾਮਸਰਨ, ਅਮਰੀਕ ਸਿੰਘ,ਸਲੀਮ ਖਾਨ,ਪਵਨ ਕੁਮਾਰ, ਵਿਨੋਦ ਕੁਮਾਰ, ਸ਼ਮਸ਼ੇਰ ਸਿੰਘ,ਆਦਿ ਚੁਣੇ ਗਏ।

# ਸਰਕਾਰੀ ਸਕੂਲ ਕੁਲਵਾਨੂੰ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ



ਘੱਗਾ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਪਾਤੜਾਂ ਸਬ ਡਿਵੀਜ਼ਨ ਅਧੀਨ ਪੈਂਦੇ ਪਿੰਡ ਕੁਲਵਾਨੂੰ ਦੇ ਸਰਕਾਰੀ ਸਕੂਲ ਵਿੱਚ ਸਲਾਨਾ ਇਨਾਮ ਵੰਡ ਸਮਾਰੋਹ ਸਮੂਹ ਸਕੂਲ ਸਟਾਫ ਅਤੇ ਪੰਚਾਇਤ ਮੈਂਬਰਾਂ ਅਤੇ ਬੱਚਿਆਂ ਦੇ ਮਾਪਿਆਂ ਦੀ ਹਾਜ਼ਰੀ ਵਿੱਚ ਕਰਵਾਇਆ ਗਿਆ ਜਿਸ ਦੌਰਾਨ ਇਸ ਸਕੂਲ ਦੀ ਵਿਦਿਆਰਥਣ ਰਹੀ ਹਰਨੂਰ ਨੂੰ ਨਵੋਦਿਆ ਵਿੱਚ ਅਵਲ ਆਉਣ ਤੇ ਵਿਸ਼ੇਸ਼ ਸਨਮਾਨ ਦਿੱਤਾ ਗਿਆ ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਰਾਜਿੰਦਰ ਸਿੰਘ ਨੇ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਪੜ੍ਹਨ ਲਈ ਦਾਖਲ ਕਰਵਾਉਣ ਕਿਉਂਕਿ ਜਿਥੇ ਸਰਕਾਰੀ ਸਕੂਲਾਂ ਦੀ ਫੀਸ ਬਹੁਤ ਘੱਟ ਹੈ ਉਥੇ ਬੱਚਿਆਂ ਨੂੰ ਪੜ੍ਹਾਉਣ ਲਈ ਮਿਆਰੀ ਪੱਧਰ ਦੇ ਅਧਿਆਪਕਾਂ ਦੇ ਨਾਲ ਸਕੂਲਾਂ ਵਿਚ ਨਿਜੀ ਸਕੂਲਾਂ ਵਾਂਗ ਸਹੂਲਤਾਂ ਵੀ ਦਿਤੀਆਂ ਜਾਂਦੀਆਂ ਹਨ।

# ਡੀ.ਆਈ.ਜੀ. ਨੇ ਡਾਕਟਰ ਦੀਪ ਸਿੰਘ ਸੋਸ਼ਲ ਵਰਕਰ ਨੂੰ ਦਿਤਾ ਪ੍ਰਸ਼ੰਸਾ ਪੱਤਰ



ਪਟਿਆਲਾ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਹਰਿ ਸਹਾਏ ਸੇਵਾ ਦਲ ਪਿਛਲੇ ਲੰਬੇ ਸਮੇਂ ਤੋਂ ਸਮਾਜ ਦੀ ਸੇਵਾ ਕਰ ਰਿਹਾ ਹੈ।ਡਾਕਟਰ ਦੀਪ ਸਿੰਘ ਮੁੱਖ ਪ੍ਰਬੰਧਕ ਪਿਛਲੇ ਲੰਬੇ ਸਮੇਂ ਤੋਂ ਸਮਾਜ ਦੀ ਸੇਵਾ ਕਰ ਰਹੇ ਹਨ ਜਿਵੇਂ ਕਿ ਮੈਡੀਕਲ ਕੈਂਪ ਲਗਾਉਣੇ, ਖ਼ੂਨਦਾਨ ਕੈਂਪ ਲਗਾਉਣੇ, ਲੋੜਵੰਦ ਮਰੀਜਾਂ ਨੂੰ ਫਰੀ ਦਵਾਈਆਂ ਵੰਡਣੀਆਂ, ਦਸਤਾਰ ਮੁਕਾਬਲੇ ਕਰਵਾਉਣੇ,ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨੇ ਜਿਵੇਂ ਕੇ ਸਕੂਲਾਂ ਵਿਚ ਸੈਮੀਨਾਰ ਕਰਵਾਉਣੇ, ਮਾਂ ਬੋਲੀ ਦਿਵਸ ਮੌਕੇ ਸ਼ੁੱਧ ਲੇਖ ਲਿਖਣ ਮੁਕਾਬਲੇ ਕਰਵਾਉਣੇ ਅਤੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਨੇ ਅਤੇ ਸਟੇਸ਼ਨਰੀ ਵੰਡਣੀ, ਸਰਕਾਰੀ ਐਲੀਮੈਂਟਰੀ ਸਕੂਲਾਂ ਵਿੱਚ ਬੱਚਿਆਂ ਨੂੰ ਬੂਟ ਜੁਰਾਬਾਂ ਵੰਡਣੀਆਂ, ਨਸ਼ਾ ਵਿਰੋਧੀ ਮੁਹਿੰਮ ਚਲਾਉਣੀ, ਵੱਖ ਵੱਖ ਸਕੂਲਾਂ ਵਿਚ ਸ਼ੁੱਧ ਪਾਣੀ ਵਾਸਤੇ ਆਰ ਓ ਫਿਲਟਰ ਲਗਵਾਨੇ।ਇਨ੍ਹਾਂ ਸਾਰੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਪਿੱਛਲੇ ਸਾਲ ਡਾਕਟਰ ਦੀਪ ਸਿੰਘ ਨੂੰ ਸਾਂਝ ਕੇਂਦਰ ਦਾ ਮੈਂਬਰ ਨਿਯੁਕਤ ਕੀਤਾ ਗਿਆ ਸੀ ਅਤੇ ਡਾਕਟਰ ਦੀਪ ਸਿੰਘ ਵਲੋਂ ਇਹ ਸੇਵਾਵਾਂ ਲਗਾਤਾਰ ਜਾਰੀ ਰੱਖੀਆਂ।

ਇਹਨਾਂ ਸੇਵਾਵਾਂ ਨੂੰ ਦੇਖਦੇ ਹੋਏ ਸਰਦਾਰ ਮਨਦੀਪ ਸਿੰਘ ਸਿੱਧੂ ਡੀ.ਆਈ. ਜੀ (ਆਈ. ਪੀ. ਐਸ) ਪਟਿਆਲਾ ਵਲੋਂ ਅਤੇ ਸਰਦਾਰ ਲਾਭ ਸਿੰਘ ਸੁਪਰਡੈਂਟ ਵਲੋਂ ਵਿਸ਼ੇਸ਼ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨ ਕੀਤਾ ਗਿਆ ਅਤੇ ਡਾਕਟਰ ਦੀਪ ਸਿੰਘ ਵਲੋਂ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਗਈ।

# ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕੀਆਂ ਵਿਖੇ ਦੰਦਾਂ ਦਾ ਮੁ.ਫਤ ਚੈਕ ਅੱਪ ਕੈਂਪ ਲਗਾਇਆ

ਪਟਿਆਲਾ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-



ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕੀਆਂ ਵਿਖੇ ਦੰਦਾਂ ਦਾ ਮੁਫ਼ਤ ਚੈਕ ਅੱਪ ਕੈਂਪ ਦਾ ਆਯੋਜਨ ਕੀਤਾ ਗਿਆ, ਕਹਿੰਦੇ ਹਨ ਕਿ ਅੱਖਾਂ ਗਈਆਂ, ਜਹਾਨ ਗਿਆ । ਦੰਦ ਗਏ, ਸੁਆਦ ਗਿਆ ਇਹ ਬਿਲਕੁਲ ਸੱਚ ਹੈ ਕਿ ਜੇਕਰ ਮੂੰਹ ਵਿਚ ਦੰਦ ਨਹੀਂ ਹੁੰਦੇ ਤਾਂ ਇਨਸਾਨ ਖਾਣ ਵਲੋਂ ਲਾਚਾਰ ਹੋ ਜਾਂਦਾ ਹੈ ਅਤੇ ਹੌਲੀ-ਹੌਲੀ ਖਾਣ ਵਿਚ ਲਾਚਾਰੀ ਕਾਰਨ ਕੰਮਜ਼ੋਰ ਹੋ ਜਾਂਦਾ ਹੈ । ਜਿਸ ਨਾਲ ਸ਼ਰੀਰ ਵਿਚ ਰੋਗਾਂ ਨਾਲ ਲੜਨ ਦੀ ਤਾਕਤ ਵੀ ਖਤਮ ਹੋ ਜਾਂਦੀ ਹੈ । ਇਸੇ ਸਬੰਧ ਵਿਚ ਸ੍. ਮਨਮੋਹਨ ਸਿੰਘ, ਪ੍ਰਿੰਸੀਪਲ, ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇ.), ਪਟਿਆਲਾ ਦੀ ਯੋਗ ਅਗਵਾਈ ਅਤੇ ਡਾ. ਜਗਪਾਲ ਇੰਦਰ ਸਿੰਘ, ਚੀਫ ਮੈਡੀਕਲ ਅਫਸਰ, ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਨਾਂ ਦੀ ਟੀਮ ਵਲੋਂ ਵਿਸ਼ਵ ਮੋਖਿਕ ਸਿਹਤ ਮਾਹ ਮਨਾਂਉਂਦੇ ਹੋਏ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਇ.), ਪਟਿਆਲਾ ਵਿਖੇ ਦੰਦਾਂ ਦਾ ਚੈੱਕ-ਅਪ ਕੈਂਪ ਅਤੇ ਦੰਦਾਂ ਸਬੰਧੀ ਸੈਮੀਨਾਰ ਕੀਤਾ ਗਿਆ ।

ਇਸ ਮੌਕੇ ਡਾ. ਸੁਨੰਦਾ ਗਰੋਵਰ, ਜਿਲ੍ਹਾ ਹੈਲਥ ਅਫਸਰ, ਪਟਿਆਲਾ ਵਲੋਂ ਵਿਸੇ ?ਸ਼ ਤੌਰ ਤੇ ਸਿ ?ਰਕਤ ਕੀਤੀ ਗਈ । ਉਨਾਂ ਦੀ ਟੀਮ ਵਿਚ ਡਾ. ਸਵੀਤਾ ਗਰਗ, ਡਾ.ਆਰਤੀ, ਡਾ. ਦਵਿੰਦਰ ਸ਼ੈਲੀ ਵੀ ਹਾਜਰ ਰਹੇ । ਮੰਚ ਦਾ ਸੰਚਾਲਨ ਕਰਦੇ ਹੋਏ ਸੰਸਥਾ ਦੀ ਕਰਮਚਾਰਨ ਸ੍ਰੀਮਤੀ ਏਕਮਪ੍ਰੀਤ ਕੌਰ ਨੇ ਆਏ ਮਹਿਮਾਂਨਾਂ ਨੂੰ ਜੀ-ਆਇਆਂ ਕਿਹਾ ਅਤੇ ਇਸ ਸੈਮੀਨਾਰ ਦੀ ਸ਼ੁਰੂਆਤ ਕੀਤੀ । ਇਸ ਮੌਕੇ, ਜਿੱਥੇ ਡਾ. ਸੁਨੰਦਾ ਗਰੋਵਰ, ਜਿਲ੍ਹਾ ਹੈਲਥ ਅਫਸਰ, ਪਟਿਆਲਾ ਅਤੇ ਉਨਾਂ ਦੀ ਟੀਮ ਵਲੋਂ ਸੰਸਥਾ ਦੀਆਂ ਲਗਭਗ 250 ਸਿਖਿਆਰਥਣਾਂ ਦੇ ਦੰਦਾਂ ਦਾ ਚੈੱਕ-ਅਪ ਕੀਤਾ ਗਿਆ ਅਤੇ ਸਿਖਿਆਰਥਣਾਂ ਨੂੰ ਇਲਾਜ ਦੱਸਿਆ ਗਿਆ । ਉੱਥੇ ਨਾਲ ਹੀ ਉਨਾਂ ਵਲੋਂ ਅਤੇ ਉਨਾਂ ਦੀ ਟੀਮ ਵਲੋਂ ਸਿਖਿਆਰਥਣਾਂ ਨੂੰ ਦੰਦਾਂ ਦੀ ਸ਼ਾਭ-ਸੰਭਾਲ ਬਾਰੇ ਅਤੇ ਆਮ ਤੌਰ ਤੇ ਹੋਣ ਵਾਲੀਆਂ ਬਿਮਾਰੀਆਂ ਤੋਂ ਜਾਣੂ ਕਰਵਾਇਆ ਅਤੇ ਦੱਸਿਆ ਕਿ ਆਮ ਤੌਰ ਦੰਦਾਂ ਲਈ ਵਰਤੀ ਗਈ ਲਾਪ੍ਰਵਾਹੀ ਅੱਗੇ ਚੱਲ ਕੇ ਵੱਡੀ ਬਿਮਾਰੀ ਦਾ ਕਾਰਨ ਬਣ ਸਕਦੀ ਹੈ ।

ਇਸ ਸੈਮੀਨਾਰ ਵਿਚ ਸੰਸਥਾ ਵਿਚ ਚੱਲ ਰਹੀ ਸੀ.ਆਈ.ਟੀ.ਐਸ. (ਕੋਸਮੇਟੋਲਸਜੀ) ਟਰੇਡ ਦੀਆਂ ਸਿਖਿਆਰਥਣਾਂ ਵਲੋਂ ਉਨਾਂ ਦੇ ਇੰਚਾਰਜ ਸ੍ਰੀਮਤੀ ਮਨੀਸ਼ਾ ਦੀ ਅਗਵਾਈ ਅਧੀਨ ਤਿਆਰ ਕੀਤਾ, ਦੰਦਾਂ ਦੀ ਸਾਂਭ-ਸੰਭਾਲ, ਅਤੇ ਆਮ ਤੌਰ ਤੇ ਹੋਣ ਵਾਲੀਆਂ ਦੰਦਾਂ ਦੀਆਂ ਬਿਮਾਰੀਆਂ ਤੋਂ ਜਾਣੂ ਕਰਵਾਉਂਦਾ ਨੁੱਕੜ ਨਾਟਕ ਵੀ ਖੇਡਿਆ ਗਿਆ । ਅੰਤ ਵਿਚ ਸੰਸਥਾ ਮੁਖੀ ਵਲੋਂ ਆਏ ਮਹਿਮਾਂਨਾਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਡਾ. ਜਗਪਾਲ ਇੰਦਰ ਸਿੰਘ, ਚੀਫ ਮੈਡੀਕਲ ਅਫਸਰ, ਪਟਿਆਲਾ ਅਤੇ ਉਨਾਂ ਦੀ ਟੀਮ ਵਲੋਂ ਸੰਸਥਾ ਦੀਆਂ ਸਿਖਿਆਰਥਣਾਂ ਨੂੰ ਵੱਖ-ਵੱਖ ਬਿਮਾਰੀਆਂ ਤੋਂ ਜਾਣੂ ਕਰਵਾਉਣ ਲਈ ਸਮੇਂ-ਸਮੇਂ ਤੇ ਉਹ ਸੰਸਥਾ ਵਿਖੇ ਇਸ ਤਰਾਂ ਦੇ ਸੈਮੀਨਾਰ ਆਯੋਜਿਤ ਕਰਵਾਂਉਂਦੇ ਰਹਿਣਗੇ ।

ਇਸ ਮੌਕੇ ਸੰਸਥਾ ਦੇ ਸਟਾਫ ਵਿਚੋਂ ਸ੍ਰੀਮਤੀ ਅਮਰਜੀਤ ਕੌਰ ਸੁਪਰਡੈਂਟ, ਸ੍ਰੀਮਤੀ ਆਸ਼ੀਮਾ ਗੋਇਲ, ਸ੍ਰੀਮਤੀ ਮਨਦੀਪ ਕੌਰ, ਸ੍ਰੀਮਤੀ ਏਕਮਪ੍ਰੀਤ ਕੌਰ, ਸ੍ਰੀਮਤੀ ਸੋਨੂੰ ਸਤੀਜਾ, ਸ੍ਰੀਮਤੀ ਮਨਿੰਦਰ ਕੌਰ, ਸ੍ਰੀ ਉਮੇਸ਼ ਗੇਰਾ, ਸ੍ਰੀਮਤੀ ਨੀਨਾ, ਸ੍ਰੀਮਤੀ ਮਨੀਸ਼ਾ, ਸ੍ਰੀਮਤੀ ਜ਼ਸਦੀਪ ਕੌਰ, ਮਿਸ ਮਨਜੋਤ ਕੌਰ, ਸ੍ਰੀਮਤੀ ਰੱਜੋ ਰਾਣੀ, ਸ੍ਰੀ ਮਲਕੀਤ ਸਿੰਘ, ਸ੍ਰੀ ਜਤਿੰਦਰ ਕੁਮਾਰ, ਮਿਸ ਰਿਤੀਕਾ ਸ਼ਰਮਾਂ, ਸ੍ਰੀਮਤੀ ਡਿੰਪਲ ਗਰਗ, ਸ੍ਰੀਮਤੀ ਮੀਨਕਸ਼ੀ, ਸ੍ਰੀਮਤੀ ਸੁਖਬੀਰ ਕੌਰ ਅਤੇ ਬਾਕੀ ਸਟਾਫ ਹਾਜਰ ਰਹੇ ।

# ਬੀਤ ਭਲਾਈ ਕਮੇਟੀ ਦੇ ਵ.ਫਦ ਨੇ ਬੀਤ ਦੀਆਂ ਮੰਗਾਂ ਲਈ ਡਿਪਟੀ ਸਪੀਕਰ ਨੂੰ ਦਿੱਤਾ ਮੰਗ ਪੱਤਰ




ਗੜ੍ਹਸ਼ੰਕਰ, 5 ਅਪ੍ਰੈਲ
-ਕੌਮੀ ਪੱਤ੍ਰਿਕਾ ਬਿਊਰੋ-

ਅਜ ਇਲਾਕਾ ਬੀਤ ਦੀ ਸਵੈਸੇਵੀ ਸੰਸਥਾ ਬੀਤ ਭਲਾਈ ਕਮੇਟੀ ਦਾ ਇੱਕ ਵਫਦ ਕਮੇਟੀ ਦੇ ਪ੍ਰਧਾਨ ਬਲਵੀਰ ਸਿੰਘ ਬੈਂਸ ਦੀ ਅਗਵਾਈ ਹੇਠ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਮਿਲਿਆ ਅਤੇ ਬੀਤ ਦੀਆਂ ਵੱਖ ਵੱਖ ਮੰਗਾਂ ਲਈ ਇੱਕ ਮੰਗ ਪੱਤਰ ਸੌਂਪਿਆ। ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਮੇਟੀ ਦੇ ਜਰਨਲ ਸਕੱਤਰ ਨਰਿੰਦਰ ਸਿੰਘ ਸੋਨੀ ਨੇ ਦੱਸਿਆ ਕਿ ਮੰਗ ਪੱਤਰ ਚ ਬੀਤ ਇਲਾਕੇ ਦੀਆਂ ਸਮਸਿਆਵਾਂ, ਜਿਵੇਂ ਸੜਕਾਂ ਦੀ ਤਰਸਯੋਗ ਹਾਲਤ, ਗਰਮੀਆਂ ਦੇ ਮੌਸਮ ਦੇ ਮੱਦੇਨਜ਼ਰ ਪੀਣ ਵਾਲੇ ਪਾਣੀ ਦਾ ਯੋਗ ਪ੍ਰਬੰਧ, ਬਿਜਲੀ ਸਪਲਾਈ ਨੂੰ ਸੰਚਾਰੂ ਚਲਾਉਣ ਲਈ, ਬੀਤ ਦੀਆਂ ਸਾਰੀਆਂ ਬੱਸਾਂ ਨੂੰ ਬੱਸ ਅੱਡਾ ਗੜ੍ਹਸ਼ੰਕਰ ਲਿਜਾਉਣ ਦੇ ਨਾਲ ਨਾਲ ਪਿਛਲੇ ਦਿਨੀਂ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਚੰਡੀਗੜ੍ਹ ਲਈ ਚੱਲੀ ਬੱਸ ਜੋਕਿ ਕੁਝ ਦਿਨਾਂ ਬਾਅਦ ਹੀ ਬੰਦ ਕਰ ਦਿੱਤੀ ਗਈ ਉਸ ਨੂੰ ਦੁਬਾਰਾ ਚਲਾਉਣ ਲਈ ਮੰਗ ਪੱਤਰ ਦਿੱਤਾ ਗਿਆ। ਸੋਨੀ ਦਿਆਲ ਨੇ ਦੱਸਿਆ ਕਿ ਇਸ ਵਾਰੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਬੀਤ ਭਲਾਈ ਕਮੇਟੀ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਬੰਦ ਕੀਤੀ ਗਈ ਬੱਸ ਨੂੰ ਦੁਬਾਰਾ ਤੇ ਚਲਾਇਆ ਜਾਵੇਗਾ, ਉਹਨਾਂ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਚ ਅਚੱਲਪੁਰ ਵਿਖੇ ਮੰਡੀ ਚਲਾਈ ਜਾਵੇਗੀ ਅਤੇ ਇਸ ਵਾਰ ਕਣਕ ਦੀ ਖਰੀਦ ਕੀਤੀ ਜਾਵੇਗੀ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਮਿਲੇ ਵ.ਫਦ ਵਿੱਚ ਪ੍ਰਧਾਨ ਬਲਵੀਰ ਸਿੰਘ ਬੈਂਸ, ਜਰਨਲ ਸਕੱਤਰ ਨਰਿੰਦਰ ਸਿੰਘ ਸੋਨੀ ਦਿਆਲ ਤੋਂ ਇਲਾਵਾ ਸਰਪੰਚ ਸੰਜੀਵ ਸਿੰਘ, ਸਰਪੰਚ ਬਲਵਿੰਦਰ ਸਿੰਘ, ਫੁੰਮਣ ਸਿੰਘ, ਵਿੱਕੀ ਝੋਨੋਵਾਲ ਵੀ ਮੌਜੂਦ ਸਨ।

*ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।*

**ਸੋਨ ਸੁਨਹਿਰੀ ਕਲਮਾਂ**

# ਕਵਿਤਾਵਾਂ ਰਾਹੀਂ ਜਾਗਰੂਕ ਕਰਨ ਵਾਲੀ ਲੇਖਿਕਾ



ਸੁੱਖ ਘੁੰਮਣ
98777-10248

ਸੁੱਖ ਘੁੰਮਣ ਪੰਜਾਬੀ ਸਾਹਿਤ ਵਿਚ ਨਵੀਂ ਅਤੇ ਉੱਭਰਦੀ ਲੇਖਿਕਾ ਹੈ। ਜਿਸ ਨੇ ਕਵਿਤਾਵਾਂ, ਕਹਾਣੀਆਂ, ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਅਲਾਮਤਾਂ ਤੋਂ ਬਚਣ ਦਾ ਸਨੇਹਾ ਦਿੱਤਾ। ਉਂਝ ਤਾਂ ਉਸ ਦਾ ਪੂਰਾ ਨਾਂ ਸੁੱਖਪ੍ਰੀਤ ਕੌਰ ਘੁੰਮਣ ਹੈ। ਉਸ ਦਾ ਜਨਮ 27 ਅਕਤੂਬਰ 1997 ਨੂੰ ਪਿਤਾ ਹਰਦੇਵ ਸਿੰਘ ਅਤੇ ਮਾਤਾ ਰਣਜੀਤ ਕੌਰ ਦੇ ਘਰ ਜ਼ਿਲ੍ਹਾ ਬਠਿੰਡਾ 'ਚ ਵਸਦੇ ਪਿੰਡ ਘੁੰਮਣ ਕਲਾਂ ਵਿਖੇ ਹੋਇਆ। ਸੁੱਖ ਨੇ ਦਸਵੀਂ ਦੀ ਪੜ੍ਹਾਈ ਪਿੰਡ ਪੂਹਲੀ ਕਲਾਂ ਦੇ ਸਕੂਲ ਤੋਂ ਕੀਤੀ ਅਤੇ ਬਾਰ੍ਹਵੀਂ ਐੱਸਐੱਸ ਮਾਨ ਗਰਲਜ਼ ਸਕੂਲ ਤੋਂ ਕੀਤੀ। ਸੁੱਖ ਘੁੰਮਣ ਅੱਜ ਕੱਲ੍ਹ ਪਿੰਡ ਪੂਹਲੀ ਕਲਾਂ ਜ਼ਿਲਾ ਬਠਿੰਡਾ ਵਿਖੇ ਰਹਿ ਰਹੀ ਹੈ। ਉਸ ਨੇ ਬੀਏ ਦੀ ਪੜ੍ਹਾਈ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਤੋਂ ਕੀਤੀ। ਸੁੱਖ ਹੁਣ ਐੱਮਏ ਪੰਜਾਬੀ ਦਿ ਰੋਇਲ ਕਾਲਜ ਬੋੜਾਵਾਲ (ਮਾਨਸਾ) ਤੋਂ ਕਰ ਰਹੀ ਹੈ। ਆਉ, ਸੁੱਖ ਘੁੰਮਣ ਦੀਆਂ ਰਚਨਾ ਦਾ ਅਨੰਦ ਮਾਣਦੇ ਹਾਂ।

• ਹਰਮਨ ਸੂਫ਼ੀ ਲਹਿਰਾ

**ਕਵਿਤਾ**

## ਖੋ ਲਏ ਪੁੱਤ

ਘਰ ਵਾਰ ਸਭ ਨੇ,
ਵਿਕਾਤੇ ਚਿੱਟੇ ਨੇ।
ਮਾਪਿਆ ਦੇ ਸਿਰੋਂ,
ਖੋ ਲਏ ਪੁੱਤ ਨੇ।
ਨਸ਼ਿਆਂ ਨੇ ਖਾ ਲਈ,
ਜਵਾਨੀ ਤੇਰੀ ਪੁੱਤਰਾ।
ਸਰੀਰ ਕਰ ਦਿੱਤੇ,
ਥੋਥੇ ਚਿੱਟੇ ਨੇ।
ਕੈਸੀ ਖੇਡ ਏ ਬਣਾਈ,
ਰੱਬਾ ਲੋਕਾਂ ਨੇ।
ਕਈ ਰਿਸ਼ਤੇ ਨੇ,
ਮਾਰੇ ਚਿੱਟੇ ਨੇ।
ਚਾਰ ਦਿਨ ਖ਼ੁਸ਼ੀ ਪਿੱਛੇ,
ਨਸ਼ੇ ਕਾਰਨ !
ਜ਼ਿੰਦਗੀ 'ਚੋ ਹੱਥ ਧੋਂਦੇ ਦੇਖੇ ਮੈਂ।
ਨਸ਼ਿਆਂ ਦੀ ਲੱਤ ਪਿੱਛੇ ,
ਬਾਪ ਦੀ ਕਮਾਈ ਪੁੱਤਾ
ਚਿੱਟੇ ਵਿੱਚ ਰੋਲ 'ਤੀ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com

## ਕੁਝ ਕੰਮ ਦੀਆਂ ਗੱਲਾਂ

- ਮੌਤ ਦਾ ਡਰ ਸਭ ਤੋਂ ਭਿਆਨਕ ਡਰ ਮੰਨਿਆ ਜਾਂਦਾ ਹੈ, ਜਦੋਂ ਇਹ ਡਰ ਖ਼ਤਮ ਫਿਰ ਬਾਕੀ ਡਰ ਵੀ ਖ਼ਤਮ ਹੋ ਜਾਂਦੇ ਹਨ।
- ਸੋਚ ਬਦਲੇਗੀ ਤਾਂ ਕਰਮ ਬਦਲੇਗਾ, ਕਰਮ ਬਦਲੇਗਾ ਤਾਂ ਜ਼ਿੰਦਗੀ ਬਦਲੇਗੀ।
- ਜਦੋਂ ਸੁੱਖ-ਦੁੱਖ, ਹਾਨੀ- ਲਾਭ ,ਚੰਗਾ- ਬੁਰਾ, ਇੱਕੋ ਲੱਗਦਾ ਹੈ ਤਾਂ ਸੱਚ ਮੁੱਚ ਜ਼ਿੰਦਗੀ ਅਨੰਦਮਈ ਹੋ ਜਾਂਦੀ ਹੈ।
- ਤੁਸੀਂ ਜਿੰਨੀ ਮਿਹਨਤ ਅਤੇ ਵਿਸ਼ਵਾਸ ਨਾਲ ਕੰਮ ਕਰਾਂਗੇ ਫਲ ਵੀ ਓਨਾ ਹੀ ਬਿਹਤਰ ਅਤੇ ਮਿੱਠਾ ਹੋਵੇਗਾ।
- ਕੁਦਰਤ ਕੋਲ ਹਰ ਬੀਮਾਰੀ ਦਾ ਇਲਾਜ ਹੈ ਅਤੇ ਹਰ ਸਮੱਸਿਆ ਦਾ ਹੱਲ।
- ਜਿਵੇਂ ਸਾਗਰ ਲਹਿਰਾਂ ਤੋਂ ਬਿਨਾਂ ਨਹੀਂ ਹੁੰਦਾ ਜ਼ਿਦਗੀ ਵੀ ਸੁੱਖ ਦੁੱਖ ਤਕਲੀਫਾਂ ਆਦਿ ਤੋਂ ਬਿਨਾਂ ਨਹੀਂ ਹੁੰਦੀ।
- ਕੁਦਰਤ ਕੋਲ ਹਰ ਸਮੱਸਿਆ ਦਾ ਹੱਲ ਹੈ।



# ਸੱਭਿਅਕ ਬਣਨ ਦੀ ਕੋਸ਼ਿਸ਼

ਦਵਿੰਦਰ ਕੌਰ

ਅਸੀਂ ਸਭ ਜਾਣਦੇ ਹਾਂ ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ ਅਤੇ ਯੁੱਗ ਬਦਲਣ ਨਾਲ ਜ਼ਮਾਨਾ ਵੀ ਬਦਲ ਗਿਆ ਹੈ। ਜੀਵਨ ਵਿਚ ਅਸੀਂ ਬਹੁਤ ਤਰੱਕੀਆਂ ਕਰ ਲਈਆਂ ਹਨ। ਨਵੀਆਂ-ਨਵੀਆਂ ਦਵਾਈਆਂ ਨਾਲ ਕਈ ਮਾਰੂ ਬਿਮਾਰੀਆਂ 'ਤੇ ਵੀ ਹੁਣ ਕਾਬੂ ਪੈ ਗਿਆ ਹੈ। ਅਨਪੜ੍ਹਤਾ ਵੀ ਘੱਟ ਹੁੰਦੀ ਜਾ ਰਹੀ ਹੈ। ਸਾਨੂੰ ਜੀਵਨ ਜਿਊਣ ਦੀ ਸੋਝੀ ਆ ਗਈ ਹੈ। ਹੁਣ ਜ਼ਮਾਨੇ ਦੇ ਨਾਲ ਰਲਣ ਲਈ ਅਸੀਂ ਸਾਰੇ ਯਤਨ ਕਰਦੇ ਹਾਂ। ਕੋਈ ਵੀ ਇਨਸਾਨ ਖ਼ੁਦ ਨੂੰ ਨੀਵਾਂ ਨਹੀਂ ਦਿਖਾਉਣਾ ਚਾਹੁੰਦਾ। ਇਸੇ ਦੌੜ ਵਿਚ ਜੀਵਨ ਦਾ ਹਰ ਪੱਖ ਬਦਲ ਗਿਆ।

### ਖੁੱਲ੍ਹ ਕੇ ਵਿਚਾਰ ਪ੍ਰਗਟ ਕਰਨਾ

ਪਹਿਲਾਂ ਲੋਕ ਸਾਦਗੀ ਭਰਪੂਰ ਆਪਣੇ ਦਿਲ ਦੇ ਵਿਚਾਰ ਖੁੱਲ੍ਹ ਕੇ ਪ੍ਰਗਟ ਕਰਦੇ ਸਨ। ਕੁਝ ਕਹਿ ਲੈਂਦੇ ਸਨ ਤੇ ਕੁਝ ਸੁਣ ਲੈਂਦੇ ਸਨ ਪਰ ਹੁਣ ਅਸੀਂ ਸੱਭਿਅਕ ਬਣਨ ਦੀ ਕੋਸ਼ਿਸ਼ ਕਰਦੇ-ਕਰਦੇ ਵਿਚਾਰਾਂ ਅਤੇ ਹਾਵ-ਭਾਵ ਨੂੰ ਦਬਾ ਕੇ ਰਸਮੀ ਤੌਰ 'ਤੇ ਬੋਲਣ ਲੱਗ ਗਏ ਹਾਂ ਕਿ ਕਿਸੇ ਨੂੰ ਬੁਰਾ ਨਾ ਲੱਗੇ। ਜਿਸ ਨਾਲ ਅਸੀਂ ਮਾਨਸਿਕ ਤੌਰ 'ਤੇ ਬਿਮਾਰ ਹੁੰਦੇ ਜਾ ਰਹੇ ਹਾਂ ਅਤੇ ਵਿਚਾਰਾਂ ਦਾ ਤਾਣਾ-ਬਾਣਾ ਦਿਮਾਗ਼ ਦੇ ਅੰਦਰ ਹੀ ਉਲਝਿਆ ਰਹਿੰਦਾ ਹੈ ਜੋ ਸੁਭਾਅ ਨੂੰ ਚਿੜਚਿੜਾ ਬਣਾਉਂਦਾ ਹੈ।

### ਮਾਪਦੰਡ

ਬੋਲਣ-ਚੱਲਣ ਦੇ ਵਾਂਗ ਹੁਣ ਬੈਠਣਾ-ਉੱਠਣਾ ਵੀ ਸੱਭਿਅਕ ਰੂਪ ਦੇ ਮਾਪਦੰਡ ਮਾਪਦਾ ਰਹਿੰਦਾ ਹੈ। ਰਸਮੀ ਤੌਰ 'ਤੇ ਬੈਠਣਾ, ਉੱਠਣਾ ਜਾਂ ਤੁਰਨਾ ਵੀ ਸਾਡੇ ਸਰੀਰ 'ਤੇ ਕਾਫ਼ੀ ਪ੍ਰਭਾਵ ਪਾਉਂਦਾ ਹੈ। ਪਹਿਲਾਂ ਲੋਕ ਖੁੱਲ੍ਹ ਕੇ ਮਨਮਰਜ਼ੀ ਨਾਲ ਆਪਣੇ ਆਪ ਨੂੰ ਸੁਖਾਵਾਂ ਕਰ ਕੇ ਬਹਿੰਦੇ ਉੱਠਦੇ ਅਤੇ ਚਲਦੇ ਸਨ। ਹੁਣ ਜੋ ਤਬਦੀਲੀ ਆਈ ਹੈ ਉਸ ਅਨੁਸਾਰ ਲੋੜ ਤੋਂ ਵੱਧ ਰਸਮੀਪਨ ਸਰੀਰ ਨੂੰ ਤਕਲੀਫ਼ ਦਿੰਦਾ ਹੈ। ਅਸੀਂ ਇਸ ਚਿੰਤਾ ਵਿਚ ਹੀ ਰਹਿੰਦੇ ਹਾਂ ਕਿ ਵੇਖਣ ਵਾਲੇ ਨੂੰ ਕਿਵੇਂ ਲੱਗੇਗਾ।

### ਪਹਿਰਾਵਾ ਅਤੇ ਸੁੰਦਰਤਾ

ਖਾਣ-ਪੀਣ, ਬੋਲਣ, ਬੈਠਣ-ਉੱਠਣ, ਪਹਿਰਾਵਾ ਅਤੇ ਸੁੰਦਰਤਾ ਦੇ ਪੱਖ ਤੋਂ ਲੋਕਾਂ ਵਿਚ ਕਾਫ਼ੀ ਜਾਗਰੂਕਤਾ ਆਈ ਹੈ ਤੇ ਸਾਰੇ ਢੰਗ ਬਦਲ ਗਏ ਹਨ ਪਰ ਇਨ੍ਹਾਂ ਬਦਲਦੇ ਹੋਏ ਢੰਗਾਂ ਨੇ ਕਿਤੇ ਨਾ ਕਿਤੇ ਸਾਡੀ ਸਿਹਤ, ਸੁੰਦਰਤਾ ਅਤੇ ਸਰੀਰ ਨਾਲ ਕਾਫ਼ੀ ਖਿਲਵਾੜ ਕੀਤਾ ਹੈ। ਸਾਡੀਆਂ ਆਦਤਾਂ ਵਿਚ ਘੁਟਣ ਜਿਹੀ ਸਮਾ ਗਈ ਹੈ। ਜ਼ਿੰਦਗੀ ਜਿਊਣ ਦੇ ਢੰਗ ਵੀ ਨਿਯਮਿਤ ਅਤੇ ਸੀਮਿਤ ਜਿਹੇ ਹੋ ਗਏ ਹਨ। ਖੁੱਲ੍ਹ ਕੇ ਹੱਸਣ ਨੂੰ ਹੁਣ ਅਸੱਭਿਅਕ ਮੰਨਿਆ ਜਾਂਦਾ ਹੈ ਪਰ ਬਿਮਾਰੀਆਂ ਦੂਰ ਕਰਨ ਲਈ ਖੁੱਲ੍ਹਾ ਹਾਸਾ ਜਾਂ ਤਾਂ ਯੋਗਾ ਕਲਾਸਾਂ ਦੇ ਵਿਚ ਮਿਲਦਾ ਹੈ ਜਾਂ ਸਪੈਸ਼ਲ ਕਸਰਤ ਹੀ ਬਣ ਗਿਆ ਹੈ। ਪਿੰਡਾਂ ਦੇ ਮਾਹੌਲ 'ਤੇ ਵੀ ਸ਼ਹਿਰੀ ਰੰਗ ਚੜ੍ਹਦਾ ਜਾਂਦਾ ਹੈ ਅਤੇ ਆਪਣਾ ਦੇਸੀਪਨ ਖ਼ਤਮ ਹੁੰਦਾ ਜਾ ਰਿਹਾ ਹੈ। ਆਧੁਨਿਕ ਬਣਨਾ ਵੀ ਜ਼ਰੂਰੀ ਹੈ ਪਰ ਆਪਣੀ ਅਸਲੀਅਤ ਤੋਂ ਦੂਰ ਭੱਜਣਾ ਸਾਨੂੰ ਮਹਿੰਗਾ ਪੈਂਦਾ ਹੈ। ਜੀਵਨ ਜਾਚ ਵਿਚ ਬਹੁਤ ਕੁਝ ਬਦਲ ਚੁੱਕਾ ਹੈ ਜਿਸ ਨੇ ਹਰ ਆਦਮੀ ਦੀ ਸਿਹਤ, ਮਨ, ਦਿਮਾਗ਼, ਸਾਦਗੀ, ਭੋਲਾਪਨ ਅਤੇ ਕੁਦਰਤੀ ਸੁੰਦਰਤਾ ਨੂੰ ਪ੍ਰਭਾਵਿਤ ਕੀਤਾ ਹੈ।

### ਪੁਰਾਣੀਆਂ ਖ਼ੁਰਾਕਾਂ

ਪਹਿਲਾਂ ਲੋਕ ਦੇਸੀ ਖ਼ੁਰਾਕਾਂ ਖਾਂਦੇ ਸਨ। ਖਾਣ-ਪੀਣ ਦਾ ਸਮਾਂ ਵੀ ਸਹੀ ਅਤੇ ਬੱਝਵਾਂ ਹੁੰਦਾ ਸੀ। ਉਹ ਸੂਰਜ ਰਹਿੰਦਿਆਂ ਖਾਣਾ ਖਾ ਲੈਂਦੇ ਸਨ। ਹੋਰ



ਵੀ ਸਾਰੇ ਭੋਜਨ ਪਦਾਰਥ ਘਰੇਲੂ ਅਤੇ ਪੌਸ਼ਟਿਕ ਹੁੰਦੇ ਸਨ। ਸਭ ਕੁਝ ਖਾ ਪੀ ਕੇ ਵੀ ਇੰਨੀਆਂ ਬਿਮਾਰੀਆਂ ਨਹੀਂ ਸਨ ਜਿੰਨੀਆਂ ਅੱਜ ਕੱਲ੍ਹ ਹਨ ਪਰ ਹੁਣ ਵੰਨ-ਸੁਵੰਨੇ ਮਸਾਲੇਦਾਰ ਅਤੇ ਚਟਪਟੇ ਭੋਜਨ ਅਤੇ ਜੰਕ-ਫੂਡ ਤੇ ਹੋਰ ਪੀਣ ਵਾਲੇ ਬਣਾਵਟੀ ਪਦਾਰਥ ਚੱਲ ਪਏ ਹਨ ਜੋ ਸਿੱਧੇ ਤੌਰ 'ਤੇ ਬਿਮਾਰੀਆਂ ਨੂੰ ਸੱਦਾ ਦੇਣਾ ਹੈ। ਦੁੱਧ-ਲੱਸੀ ਦੀ ਥਾਂ ਹੁਣ ਕੋਲਡਰਿੰਕ ਨੇ ਲੈ ਲਈ ਤੇ ਪੁਰਾਣੀਆਂ ਖ਼ੁਰਾਕਾਂ ਕਿਸੇ ਦੇ ਹਜ਼ਮ ਨਹੀਂ ਹੁੰਦੀਆਂ।



### ਆਧੁਨਿਕ ਯੁੱਗ

ਪੁਰਾਣੇ ਸਮੇਂ ਅਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਹੁਣ ਬਹੁਤ ਫ਼ਰਕ ਆ ਗਿਆ ਹੈ। ਸਮੇਂ ਦੇ ਹਾਣੀ ਹੋਣ ਦੇ ਨਾਤੇ ਸਾਨੂੰ ਆਪਣਾ ਪਹਿਰਾਵਾ ਬਦਲਣਾ ਚਾਹੀਦਾ ਹੈ ਅਤੇ ਵਧੀਆ ਦਿੱਖ ਹੋਣੀ ਜ਼ਰੂਰੀ ਹੈ ਪਰ ਜੇਕਰ ਉਹ ਸਰੀਰ ਨੂੰ ਤਕਲੀਫ਼ ਜਾਂ ਘੁਟਣ ਦਿੰਦਾ ਹੈ ਤਾਂ ਅਸੀਂ ਅਜਿਹੇ ਅਣਸੁਖਾਵੇਂ ਪਹਿਰਾਵੇ ਤੋਂ ਪਰਹੇਜ਼ ਵੀ ਕਰ ਸਕਦੇ ਹਾਂ। ਜ਼ਿਆਦਾ ਘੁਟਵੇ ਜਾਂ ਅਣਸੁਖਾਵੇ ਕੱਪੜੇ ਸਾਡੇ ਸਰੀਰ ਦੇ ਨਾਲ-ਨਾਲ ਸਾਡੇ ਸੁਭਾਅ ਨੂੰ ਵੀ ਖ਼ਰਾਬ ਕਰਦੇ ਹਨ।

### ਬਣਾਵਟੀ ਸੁੰਦਰਤਾ

ਅੱਜ ਦੇ ਜ਼ਮਾਨੇ ਵਿਚ ਹਰ ਇਨਸਾਨ ਬਣਾਵਟੀ ਸੁੰਦਰਤਾ ਦੀ ਦੌੜ ਵਿਚ ਲੱਗਾ ਹੋਇਆ ਹੈ ਜਿਸ ਦੇ ਥੱਲੇ ਸਾਡਾ ਅਸਲੀ ਚਿਹਰਾ ਗੁੰਮ ਹੋ ਗਿਆ ਹੈ। ਅੱਜ ਦਾ ਯੁੱਗ ਫ਼ੈਸ਼ਨ ਦਾ ਯੁੱਗ ਹੈ। ਹਰ ਕੋਈ ਮਾਡਰਨ ਬਣ ਕੇ ਰਹਿਣਾ ਚਾਹੁੰਦਾ ਹੈ। ਕਈ ਵਾਰ ਸਾਦੇ ਬੰਦੇ ਨੂੰ ਜ਼ਮਾਨਾ ਪੱਛੜਿਆ ਹੋਇਆ ਵੀ ਸਮਝਦਾ ਹੈ। ਹਰ ਇਨਸਾਨ ਬਣਾਵਟੀ ਸੁੰਦਰਤਾ ਦੇ ਜਾਲ ਵਿਚ ਫ਼ਸ ਕੇ ਮਜਬੂਰ ਹੋ ਚੁੱਕਾ ਹੈ। ਇਸ ਦਾ ਪ੍ਰਭਾਵ ਇਹ ਪੈਂਦਾ ਹੈ ਕਿ ਸੁੰਦਰਤਾ ਜਾਂ ਮੇਕਅੱਪ ਦੀਆਂ ਸਭ ਚੀਜ਼ਾਂ ਕਈ ਪ੍ਰਕਾਰ ਦੇ ਕਾਸਮੈਟਿਕਸ ਸਾਨੂੰ ਖ਼ੂਬਸੂਰਤ ਬਣਾ ਦਿੰਦੀਆਂ ਹਨ ਪਰ ਉਸ ਦਾ ਸਾਡੀ ਚਮੜੀ ਤੇ ਬੁਰਾ ਪ੍ਰਭਾਵ ਪੈਂਦਾ ਹੈ ਜਿਸ ਨਾਲ ਅਸੀਂ ਆਪਣੀ ਕੁਦਰਤੀ ਸੁੰਦਰਤਾ ਵੀ ਹੌਲੀ-ਹੌਲੀ ਗਵਾ ਬੈਠਦੇ ਹਾਂ ਅਤੇ ਸਾਡੇ ਚਿਹਰੇ ਮੁਰਝਾ ਜਾਂਦੇ ਹਨ। ਪੁਰਾਣੇ ਸਮਿਆਂ ਵਿਚ ਲੋਕਾਂ ਕੋਲ ਘਰੇਲੂ ਨੁਸਖੇ ਹੁੰਦੇ ਸਨ ਜਿਸ ਨਾਲ ਚਿਹਰੇ 'ਤੇ ਰੌਣਕ ਬਣੀ ਰਹਿੰਦੀ ਸੀ।

### ਅਜੋਕੀ ਪੀੜ੍ਹੀ

ਹੁਣ ਨੌਜਵਾਨ ਵਰਗ ਦਾ ਸਾਰਾ ਧਿਆਨ ਵਾਲਾਂ ਨੇ ਖਿਚਿਆ ਹੋਇਆ ਹੈ। ਤਰ੍ਹਾਂ-ਤਰ੍ਹਾਂ ਦੇ ਵਾਲਾਂ ਦੇ ਡਿਜ਼ਾਇਨ ਅਤੇ ਰੰਗ ਅਜੋਕੀ ਪੀੜ੍ਹੀ ਨੂੰ ਆਕਰਸ਼ਿਤ ਤਾਂ ਕਰਦੇ ਹਨ ਪਰ ਇਸ ਦੇ ਪ੍ਰਭਾਵ ਬਹੁਤ ਨੁਕਸਾਨਦਾਇਕ ਹਨ ਜੋ ਸਰੀਰਕ ਅਤੇ ਮਾਨਸਿਕ ਪੱਖ ਤੋਂ ਵਿਨਾਸ਼ ਕਰਦੇ ਹਨ। ਉਮਰ ਤੋਂ ਪਹਿਲਾਂ ਵਾਲ ਕਮਜ਼ੋਰ ਹੋ ਜਾਂਦੇ ਨੇ ਤੇ ਦਿਮਾਗ਼ ਵਾਲ ਸਵਾਰਨ ਵਿਚ ਲੱਗਿਆ ਹੋਣ ਕਾਰਨ ਬੰਦਾ ਆਪਣੇ ਕੰਮਾਂ ਵਿਚ ਧਿਆਨ ਨਹੀਂ ਦੇ ਸਕਦਾ। ਸੋ ਇਸ ਸਭ ਕੁਝ ਸੋਚਣ ਦੇ ਬਾਅਦ ਇਸ ਨਤੀਜੇ ਤੇ ਪਹੁੰਚਦੇ ਹਾਂ ਕਿ ਆਧੁਨਿਕਤਾ ਅਤੇ ਸ਼ੌਕੀਨੀ ਦੇ ਰੰਗ ਵਿਚ ਰੰਗੇ ਹੋਏ ਇਨਸਾਨ ਨੂੰ ਇਸ ਦੇ ਨਤੀਜਿਆ ਬਾਰੇ ਸੋਚ ਕੇ ਹੀ ਕਿਸੇ ਨਵੀਂ ਚੀਜ਼ ਨੂੰ ਅਪਣਾਉਣਾ ਚਾਹੀਦਾ ਹੈ। ਆਧੁਨਿਕ ਚੀਜ਼ਾ ਅਪਣਾਉਣੀਆਂ ਚਾਹੀਦੀਆਂ ਹਨ ਤਾਂ ਹੀ ਸਮੇਂ ਦਾ ਹਾਣੀ ਵੀ ਬਣਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਆਪਣੇ ਆਪ ਨੂੰ ਵੀ ਸੰਭਾਲੀ ਰੱਖਣਾ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਚੀਜ਼ ਦੀ ਘਾਟ ਮਾੜੀ ਹੁੰਦੀ ਹੈ ਅਤੇ ਬਹੁਤਾਤ ਵੀ। ਸਾਨੂੰ ਪੁਰਾਤਨ ਵਿਰਸੇ ਦੀਆਂ ਚੀਜ਼ਾਂ ਨੂੰ ਨਾਲ ਲੈ ਕੇ ਚਲਦੇ ਹੋਏ ਆਧੁਨਿਕ ਸਮੇਂ ਵਿਚ ਸ਼ਾਮਿਲ ਹੋਣਾ ਚਾਹੀਦਾ ਹੈ ਅਤੇ ਦੇਸੀ ਚੀਜ਼ਾਂ ਦੀ ਵਰਤੋਂ ਕਰਦੇ ਸਮੇਂ ਸ਼ਰਮ ਨਹੀਂ ਮਹਿਸੂਸ ਕਰਨੀ ਚਾਹੀਦੀ।•

82838-32839

**ਪੱਤਰ ਹਰੇ ਕਚੂਰ**

# ਬਹੁਪੱਖੀ ਸ਼ਖ਼ਸੀਅਤ



ਤਰਸੇਮ ਬੁੱਟਰ
81465-82152

ਤਰਸੇਮ ਬੁੱਟਰ ਬਹੁਪੱਖੀ ਸ਼ਖ਼ਸੀਅਤ ਦਾ ਨਾਂ ਹੈ। ਉਹ ਇਲਾਕੇ ਦਾ ਉੱਘਾ ਸਮਾਜ ਸੇਵਕ, ਖ਼ੂਨਦਾਨੀ, ਅਦਾਕਾਰ, ਰੇਡੀਓ ਅਨਾਊਂਸਰ, ਸਫਲ ਮੰਚ ਸੰਚਾਲਕ, ਲੇਖਕ ਤਾਂ ਹੈ ਹੀ ਇਸ ਦੇ ਨਾਲ-ਨਾਲ ਉਹ ਵਧੀਆ ਇਨਸਾਨ ਵੀ ਹੈ। ਬੁੱਟਰ ਕਿੱਤੇ ਵਜੋਂ ਸਰਕਾਰੀ ਅਧਿਆਪਕ ਤੇ ਐੱਫਐੱਮ ਰੇਡੀਓ ਬਠਿੰਡਾ 'ਤੇ ਬਤੌਰ ਅਨਾਊਂਸਰ ਕੰਮ ਵੀ ਕਰ ਰਿਹਾ ਹੈ। ਅਦਾਕਾਰੀ ਪੱਖੋਂ ਉਹ ਅਨੇਕਾਂ ਹੀ ਟੈਲੀ ਫ਼ਿਲਮਾਂ ਤੋਂ ਇਲਾਵਾ ਇਕ ਵੱਡੇ ਪਰਦੇ ਦੀ ਫਿਲਮ ਵੀ ਕਰ ਚੁੱਕਾ ਹੈ। ਤਰਸੇਮ ਆਪਣੇ ਪਿੰਡ ਦੇ ਮਾਲਵਾ ਵੈੱਲਫੇਅਰ ਕਲੱਬ ਦਾ ਜਨਰਲ ਸਕੱਤਰ ਹੈ, ਜਿਸ ਦੇ ਜ਼ਰੀਏ ਉਹ ਅਨੇਕਾਂ ਹੀ ਸਮਾਜ ਸੇਵੀ ਕੰਮਾਂ ਤੋਂ ਇਲਾਵਾ ਹੁਣ ਤਕ ਵੀਹ ਵਾਰ ਖ਼ੂਨਦਾਨ ਕਰ ਚੁੱਕਾ ਹੈ। ਬੁੱਟਰ ਇਲਾਕੇ ਦੀਆਂ ਨਾਮਵਰ ਸਾਹਿਤਕ ਸਭਾਵਾਂ ਦਾ ਸਰਗਰਮ ਕਾਰਕੁਨ ਅਤੇ ਅਹੁਦੇਦਾਰ ਹੋਣ ਕਰਕੇ ਉਸ ਨੂੰ ਮੰਚ ਸੰਚਾਲਕ ਦੀ ਭੂਮਿਕਾ ਨਿਭਾਉਂਦੇ ਆਮ ਵੇਖਿਆ ਜਾਂਦਾ ਹੈ। ਜੇਕਰ ਉਸ ਦੀ ਲੇਖਣੀ ਦੀ ਗੱਲ ਕਰੀਏ ਤਾਂ ਉਹ ਲਿਖਤਾਂ ਜ਼ਰੀਏ ਪੰਜਾਬੀ ਦੇ ਪ੍ਰਸਿੱਧ ਰਸਾਲਿਆਂ, ਮੈਗਜ਼ੀਨਾਂ, ਅਖ਼ਬਾਰਾਂ, ਰੇਡੀਓ, ਟੈਲੀਵਿਜ਼ਨ, ਸੋਸ਼ਲ ਮੀਡੀਆ ਆਦਿ 'ਤੇ ਆਪਣੀ ਭਰਵੀਂ ਹਾਜ਼ਰੀ ਲਵਾ ਰਿਹਾ ਹੈ। ਫ਼ਖ਼ਰ ਵਾਲੀ ਗੱਲ ਹੈ ਕਿ ਉਸ ਦੀਆਂ ਲਿਖਤਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਵਿਚ ਸ਼ਾਮਲ ਕੀਤਾ ਗਿਆ ਹੈ। ਮਾਣਦੇ ਹਾਂ ਉਸ ਦੀ ਰਚਨਾ ਦਾ ਅਨੰਦ।

• ਕੁਲਦੀਪ ਸਿੰਘ ਬੰਗੀ
94174-07778

**ਨਜ਼ਮ**

## ਰੁੱਖੀ ਮਿੱਸੀ

ਨਾ ਵੇਖ ਸ਼ਾਹੀ ਪਕਵਾਨਾ ਨੂੰ ਜੀਅ ਲਲਚਾਈ ਜਾ।
ਖਾ ਕੇ ਰੁੱਖੀ ਮਿੱਸੀ ਰੱਬ ਦਾ ਸ਼ੁਕਰ ਮਨਾਈ ਜਾ।

ਚੈਨ ਖ਼ੁਸ਼ੀ, ਅਨੰਦ, ਤਸੱਲੀ ਆਪ ਮੁਹਾਰੇ ਆਵਣਗੇ,
ਆਪ ਤੋਂ ਨੀਵੇਂ ਵੇਖ ਆਪਣਾ ਵਕਤ ਲੰਘਾਈ ਜਾ

ਮੁਸ਼ਕਿਲ, ਭੀੜਾਂ, ਬਿਪਤਾ, ਸੰਕਟ ਜਰਨੇ ਪੈਂਦੇ ਬੰਦਿਆਂ ਨੂੰ,
ਦੁੱਖ, ਦਲਿੱਦਰ, ਸਰਵ ਵਿਆਪਕ ਮਨ ਸਮਝਾਈ ਜਾ।

ਟੋਏ ਟਿੱਬੇ, ਪਰਬਤ, ਸਾਗਰ, ਜੰਗਲ ਰਾਹ ਵਿਚ ਅੜਨਾ ਨਾ,
ਮੰਜ਼ਿਲ ਪਾਉਣੀ ਹੱਥ 'ਚ ਤੇਰੇ ਨਾ ਘਬਰਾਈ ਜਾ।

ਮੰਦਰ, ਮਾਜਿਦ, ਗੁਰਦੁਆਰੇ ਹਰ ਮਾਨਵ ਲਈ ਸਾਂਝੇ ਨੇ,
ਧਰਮ ਦੇ ਨਾਂ 'ਤੇ ਲੋਕਾਂ ਵਿਚ ਨਾ ਵੰਡੀਆਂ ਪਾਈ ਜਾ।

ਕੈਂਚੀ ਵਾਂਗੂ ਕੱਟਣ ਦੀ ਥਾਂ ਸੂਈ ਵਾਂਗੂ ਸਿਆਉਣਾ ਸਿੱਖ,
ਬੁੱਟਰ ਵੰਡੀਆਂ ਪਾ-ਪਾ ਕੇ ਤੂੰ ਨਾ ਲੋਕ ਨੂੰ ਲੜਾਈ ਜਾ।

## ਗ਼ਜ਼ਲ



ਗੁਰਪ੍ਰੀਤ ਕੌਰ ਧਾਲੀਵਾਲ
98798-002110

ਘਰ ਤਾਂ ਆਖ਼ਰ ਘਰ ਹੁੰਦੇ ਨੇ।
ਘਰਾਂ 'ਚ ਕਾਹਦੇ ਡਰ ਹੁੰਦੇ ਨੇ।
ਉੱਤੋਂ ਖ਼ੁਸ਼ੀਆਂ ਵੰਡਦੇ ਹਾਂ ਪਰ,
ਹੌਕੇ ਲੁੱਕ-ਲੁੱਕ ਭਰ ਹੁੰਦੇ ਨੇ।
ਆਪਣਿਆਂ ਦੀ ਓਟ ਦੇ ਸਦਕਾ,
ਜਗ ਦੇ ਤਾਹਨੇ ਜ਼ਰ ਹੁੰਦੇ ਨੇ।
ਹੱਕਾਂ ਲਈ ਲੜਨਾ ਨਹੀਂ ਮਾੜਾ,
ਲੜ ਕੇ ਈ ਸੁਪਨੇ ਸਰ ਹੁੰਦੇ ਨੇ।
ਪਿਆਰ ਦੇ ਬੂਟੇ ਮਹਿਕਣ ਉੱਥੇ,
ਤਿੱਤਲੀ ਜਿਹੇ ਜੋ ਦਰ ਹੁੰਦੇ ਨੇ।
ਮਰਨ ਮਿਟਣ ਦੇ ਜਜ਼ਬੇ ਨਾਲ ਹੀ,
ਸੀਸ ਤਲੀ 'ਤੇ ਧਰ ਹੁੰਦੇ ਨੇ।
'ਪ੍ਰੀਤ' ਜੋ ਪਿਆਰ ਵਫ਼ਾ ਨੂੰ ਪਾਲਣ,
ਬੰਦੇ ਓਹੀ ਨਰ ਹੁੰਦੇ ਨੇ।

# ਕਿਸ ਨੇ ਖੋਹ ਲਿਆ ਨਾਨਕੇ ਜਾਣ ਦਾ ਚਾਅ

ਜੂਨ ਦੀਆਂ ਛੁੱਟੀਆਂ ਵਿਚ ਬੱਚਿਆਂ ਨੂੰ ਨਾਨਕੇ ਜਾਣ ਦਾ ਚਾਅ ਇੰਨਾ ਜ਼ਿਆਦਾ ਹੁੰਦਾ ਸੀ ਕਿ ਇਕ ਮਹੀਨੇ ਵਿਚ ਕਰਨ ਵਾਲਾ ਸਕੂਲ ਦਾ ਕੰਮ, ਯਾਨਿ ਕਿ ਜੂਨ ਦੀਆਂ ਛੁੱਟੀਆਂ ਦਾ ਕੰਮ ਇਕ ਹਫ਼ਤੇ ਵਿਚ ਹੀ ਪੂਰਾ ਕਰ ਲਿਆ ਜਾਂਦਾ ਸੀ ਤਾਂ ਕਿ ਨਾਨਕੇ ਜਾ ਕੇ ਪੜ੍ਹਾਈ ਦਾ ਕੋਈ ਫ਼ਿਕਰ ਨਾ ਰਹਿ ਜਾਵੇ। ਬੱਚਿਆਂ ਨੂੰ ਤਾਂ ਖੇਡਣ ਮੱਲਣ ਦਾ ਹੀ ਚਾਅ ਹੁੰਦਾ ਏ ਪੜ੍ਹਨ ਪੜ੍ਹਾਉਣ ਦੀਆਂ ਤਾਂ ਬਾਅਦ ਦੀਆਂ ਗੱਲਾਂ ਹੁੰਦੀਆਂ ਨੇ। ਅੱਜ ਕੱਲ੍ਹ ਜੂਨ ਦੀਆਂ ਛੁੱਟੀਆਂ ਵਿਚ ਨਾਨਕੀ ਜਾਣ ਦੀ ਬਜਾਏ ਠੰਢੀਆਂ ਥਾਵਾਂ 'ਤੇ ਜਾਣੀ ਕਿ ਕੁੱਲੂ, ਮਨਾਲੀ, ਸ਼ਿਮਲੇ ਜਾਂ ਫਿਰ ਵਿਦੇਸ਼ ਜਾਣ ਨੂੰ ਪਹਿਲ ਦੇ ਰਹੇ ਨੇ। ਇਹੀ ਮੋਹ ਪਿਆਰ ਘਟਨ ਦੇ ਸਬੂਤ ਨੇ। ਪਿਛਲੇ ਸਮਿਆਂ ਵਿਚ ਭਾਵੇਂ ਟੈਲੀਫੋਨ ਨਹੀਂ ਸੀ ਹੁੰਦੇ ਪਰ ਫਿਰ ਵੀ ਮਾਮੇ ਮਾਸੀਆਂ ਨੂੰ ਆਪਣੇ ਭਾਣਜੇ, ਭਾਣਜੀਆਂ ਦੇ ਆਉਣ ਦੀ ਪੂਰੀ ਉਡੀਕ ਹੁੰਦੀ ਸੀ ਕਿਉਂਕਿ ਜੂਨ ਦੀਆਂ ਛੁੱਟੀਆਂ ਵਿਚ ਹਰ ਇਕ ਨੇ ਆਪਣੇ ਨਾਨਕੇ ਜ਼ਰੂਰ ਆਉਣਾ ਜਾਣਾ ਹੁੰਦਾ ਸੀ ਪਰ ਅੱਜ ਕੱਲ੍ਹ ਇਹ ਸਭ ਚਾਅ ਘਟਦੇ ਜਾ ਰਹੇ ਨੇ। ਅੱਜ ਨਾ ਤਾਂ ਕੋਈ ਪਹਿਲਾਂ ਵਾਂਗੂ ਉਡੀਕ ਕਰਦਾ ਤੇ ਨਾ ਹੀ ਬਹੁਤੀ ਨਾਨਕੇ ਜਾਣ ਨੂੰ ਤਰਜੀਹ ਦੇ ਦਿੰਦਾ ਹੈ ਜਿਵੇਂ ਹਰ ਥਾਂ 'ਤੇ ਬੱਚਿਆਂ ਨੂੰ ਪਿਤਾ ਦੇ ਨਾਂ 'ਤੇ ਜਾਣਿਆ ਜਾਂਦਾ ਹੈ ਪਰ ਨਾਨਕੀ ਜਾ ਕੇ ਬੱਚਿਆਂ ਦੀ ਵੱਖਰੀ ਪਛਾਣ ਹੁੰਦੀ ਹੈ। ਇੱਥੇ ਉਨ੍ਹਾਂ ਨੂੰ ਮਾਵਾ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਨਾਨਕਿਓਂ ਆਉਣ ਲੱਗਿਆਂ ਨੂੰ ਨਾਨੀ ਵੱਲੋਂ ਕੱਪੜੇ, ਨਗਦੀ, ਹੋਰ ਖਾਣ ਪੀਣ ਦੇ ਸਮਾਨ ਵਿਚ ਘਰ ਦੇ ਬਣਾਏ ਹੋਏ ਬਿਸਕੁਟ, ਸੇਵੀਆਂ ਆਦਿ ਦਿੱਤੇ ਜਾਂਦੇ ਸਨ। ਜ਼ਿਆਦਾ ਤਰ ਪਹਿਲੇ ਬੱਚੇ ਨੂੰ ਨਾਨਕਿਆ ਵੱਲੋਂ ਹੀ ਪਾਲਿਆ ਜਾਂਦਾ ਸੀ। ਇਸ ਦੇ ਨਾਲ-ਨਾਲ 7 ਜਾਂ 9 ਸਾਲ ਦੀ ਉਮਰ ਵਿਚ ਪੱਗ ਬਣਾਈ ਦੀ ਰਸਮ ਵੀ ਨਾਨਕਿਆਂ ਵੱਲੋਂ ਹੀ ਕੀਤੀ ਜਾਂਦੀ ਸੀ। ਪਹਿਲੇ ਵਿਆਹ ਦੇ ਖ਼ਰਚ ਦਾ ਕੁਝ ਹਿੱਸਾ ਨਾਨਕਿਆਂ ਵੱਲੋਂ ਕੀਤਾ ਜਾਂਦਾ ਸੀ। ਜਿਸ ਨੂੰ ਨਾਨਕੀ ਸ਼ੱਕ ਆਖਦੇ ਸਨ ਪਰ ਅੱਜ ਕੱਲ੍ਹ ਸਾਡੀਆਂ ਲੋੜਾਂ, ਮਜਬੂਰੀਆਂ, ਮਹਿਗਾਈ ਤੇ ਲਾਲਚਾ ਨੇ ਸਾਡੇ ਰਿਸ਼ਤਿਆਂ ਨੂੰ ਤਹਿਸ-ਨਹਿਸ ਕਰ ਕੇ ਸਾਡੇ ਪੱਕੇ ਪਵਿੱਤਰ ਰਿਸ਼ਤਿਆਂ ਵਿਚ ਭਾਈਚਾਰਕ ਸਾਂਝ ਵਰਗੇ ਵਰਤਾਰੇ ਤੇ ਪਿਆਰ ਨੂੰ ਜਿਉਂਦਾ ਨਹੀਂ ਰਹਿਣ ਦਿੱਤਾ। ਲੱਗਦਾ ਏ ਹੁਣ ਸਾਡੀ ਆਪ ਮੁਹਾਰੀ ਜ਼ਿੰਦਗੀ ਵਿਚ ਸਾਡੇ ਵਰਤਾਰੇ ਤੇ ਪਿਆਰ ਸਾਥੋਂ ਕੋਹਾਂ ਦੂਰ ਚਲੇ ਗਏ ਹਨ।



• ਰੇਸ਼ਮ ਸਿੰਘ, 98151-53111

# ਜੁੱਤੀ ਕਸੂਰੀ ਪੈਰੀਂ ਨਾ ਪੂਰੀ...

ਜੇ. ਐੱਸ. ਬਲਿਆਲਵੀ

ਪੰਜਾਬੀ ਜੁੱਤੀ ਦਾ ਗੜ੍ਹ ਰਿਹਾ ਅਣਵੰਡੇ ਪੰਜਾਬ ਵੇਲੇ ਦਾ ਕਸੂਰ ਸ਼ਹਿਰ। ਲੋਕ ਬੋਲੀਆ ਵਿਚ ਇਸ ਦਾ ਜ਼ਿਕਰ ਅਜੇ ਵੀ ਕਾਇਮ ਹੈ। 'ਜੁੱਤੀ ਕਸੂਰੀ ਪੈਰੀ ਨਾ ਪੂਰੀ, ਹਾਏ ਰੱਬਾ ਵੇ ਮੈਨੂੰ ਤੋਰਨਾ ਪਿਆ' ਗੀਤ ਤੁਸੀ ਸੁਣਿਆ ਹੀ ਹੋਵੇਗਾ। ਕਿੰਨਾ ਮਿੱਠਾ ਹੈ ਇਹ ਗੀਤ। ਮਨ ਦੇ ਵਲਵਲੇ ਕਿਸ ਤਰ੍ਹਾਂ ਦਰਸਾਏ ਗਏ ਨੇ ਇਸ ਗੀਤ ਵਿਚ। ਜੁੱਤੀ ਨਾਲ ਜੁੜਿਆ ਇਹ ਗੀਤ ਅੱਜ ਵੀ ਸੰਗੀਤ ਪ੍ਰੇਮੀਆਂ ਨੂੰ ਚੰਗਾ ਲੱਗਦਾ ਹੈ। ਭਾਵੇਂ ਜੁੱਤੀ ਦਾ ਰਿਵਾਜ ਪਹਿਲਾ ਦੇ ਮੁਕਾਬਲੇ ਬਹੁਤ ਘੱਟ ਰਿਹੈ ਤੇ ਜੁੱਤੀ ਲੋੜ ਦੀ ਥਾਂ ਫ਼ੈਸ਼ਨ ਦਾ ਹਿੱਸਾ ਬਣਦੀ ਜਾ ਰਹੀ ਹੈ ਪਰ ਕਿਸੇ ਵੇਲੇ ਕਸੂਰ ਸ਼ਹਿਰ ਤੋਂ ਇਲਾਵਾ ਮੁਕਤਸਰ, ਪਟਿਆਲਾ, ਕਪੂਰਥਲਾ ਤੇ ਅੰਮ੍ਰਿਤਸਰ ਦੀ ਬਣੀ ਜੁੱਤੀ ਦੀ ਵੀ ਵਧੇਰੇ ਅਹਿਮੀਅਤ ਹੁੰਦੀ ਸੀ। ਕੋਈ ਵੇਲਾ ਸੀ ਜਦੋਂ ਇੱਥੋਂ ਦੀ ਬਣੀ ਲਾਲ ਸੂਹੇ ਰੰਗ ਦੀ ਕੱਢਵੀ ਜੁੱਤੀ ਦੂਰ-ਦੂਰ ਤਕ ਮਸ਼ਹੂਰ ਸੀ। ਚੀਕੂੰ-ਚੀਕੂੰ ਕਰਦੀ ਉਹ ਜੁੱਤੀ ਦੂਜਿਆ ਉੱਪਰ ਪਹਿਨਣ ਵਾਲੇ ਦੇ ਵਿਅਕਤੀਤਵ ਦਾ ਵੱਖਰਾ ਪ੍ਰਭਾਵ ਛੱਡਦੀ ਸੀ ਤੇ ਸਾਰਿਆਂ ਦਾ ਧਿਆਨ ਆਪਣੇਂ ਵੱਲ ਖਿੱਚਦੀ ਸੀ। ਮਰਦ ਹੀ ਨਹੀਂ ਔਰਤਾਂ ਦੀ ਵੀ ਇਹ ਪਹਿਲੀ ਪਸੰਦ ਵਿਚ ਸ਼ਾਮਲ ਸੀ। ਅੱਜ ਦੇ ਸਮੇਂ ਇਹ ਵਿਰਲੇ ਟਾਵੇਂ ਨੌਜਵਾਨਾਂ ਦੇ ਸ਼ੌਕ ਤਕ ਹੀ ਸੀਮਤ ਹੋ ਕੇ ਰਹਿ ਗਈ ਹੈ। ਕਿਉਂਕਿ ਹੁਣ ਦੀ ਨਵੀ ਪਨੀਰੀ ਤੋਂ ਲੈ ਕੇ ਕਿਸੇ ਅਧੇੜ੍ਹ ਉਮਰ ਦੇ ਮਰਦ ਤਕ ਕੁੜਤੇ-ਪਜਮੇ ਦੀ ਥਾਂ ਫੈਸ਼ਨ ਮੁਤਾਬਕ ਪੈਂਟ-ਸ਼ਰਟ ਪਉਂਦੇ ਹਨ ਤੇ ਪੈਂਟ-ਸ਼ਰਟ ਨਾਲ ਜੁੱਤੀ ਦਾ ਕੀ ਮੇਲ, ਇਸ ਕਰਕੇ ਵੀ ਸ਼ਾਇਦ ਜੁੱਤੀ ਪਹਿਨਣ ਦਾ ਸ਼ੌਕ ਘੱਟਦਾ ਜਾ ਰਿਹਾ ਹੈ।



ਪਹਿਲੇਂ ਸਮਿਆਂ 'ਚ ਵਿਆਹ-ਸ਼ਾਦੀਆਂ, ਮੇਲਿਆਂ ਜਾਂ ਹੋਰ ਦਿਨਾਂ ਤਿਉਹਾਰਾਂ 'ਤੇ ਜੁੱਤੀ ਨੂੰ ਤੋਹਫ਼ੇ ਵੱਜੋਂ ਘਰ ਲਿਆਂਦਾ ਜਾਂਦਾ ਸੀ। ਇਹ ਮੌਕਿਆਂ 'ਤੇ ਗੱਭਰੂਆਂ ਦੇ ਪੈਰਾਂ ਵਿਚ ਸਜੀ ਕੱਢਵੀ ਜੁੱਤੀ ਇੰਨੀਂ ਜੱਚਦੀ ਹੈ ਕਿ ਦੇਖਣ ਵਾਲੇ ਦੇਖਦੇ ਹੀ ਰਹਿ ਜਾਂਦੇ। ਉਸ ਵੇਲੇ ਦੇ ਕਰੀਗਰ ਸਾਦੀਆਂ, ਵੱਖ-ਵੱਖ ਕਲਾਕਿਰਤੀਆਂ ਵਾਲੀਆਂ ਅਨੇਕਾਂ ਹੀ ਕਿਸਮ ਦੀਆਂ ਜੁੱਤੀਆਂ ਤਿਆਰ ਕਰਦੇ ਰਹੇ ਹਨ। ਪੰਜਾਬੀਆਂ ਵੱਲੋਂ ਜ਼ਿਆਦਾਤਰ ਮੌਜਾ, ਨੋਕ ਵਾਲੀ ਜੁੱਤੀ ਅਤੇ ਉਲਟਵੀ ਨੋਕ ਵਾਲੀ ਜੁੱਤੀ ਪਸੰਦ ਕੀਤੀ ਜਾਂਦੀ ਸੀ। ਤਿੱਲੇਦਾਰ ਜੁੱਤੀ ਦੀ ਮੰਗ ਅੱਜ ਵੀ ਗੱਭਰੂਆਂ ਵੱਲੋਂ ਕੀਤੀ ਜਾਂਦੀ ਹੈ। ਮਲਵਈ ਜੁੱਤੀਆਂ ਮੱਧਵਰਗੀ ਪਰਿਵਾਰਾਂ ਵੱਲੋਂ ਪਸੰਦ ਕੀਤੀਆਂ ਜਾਂਦੀਆਂ ਸਨ। ਇਹ ਜੁੱਤੀਆਂ ਤਿੱਲੇਦਾਰ ਜੁੱਤੀ ਨਾਲੋਂ ਵਧੇਰੇ ਮਜ਼ਬੂਤ ਅਤੇ ਮਹਿੰਗੀਆਂ ਹੁੰਦੀਆਂ ਸਨ। ਰਾਜੇ-ਮਹਾਰਾਜੇ ਜੁੱਤੀਆਂ ਉਪਰ ਕਾਰੀਗਰਾਂ ਪਾਸੋਂ ਤਿੱਲੇ ਦੀ ਥਾਂ ਸੋਨੇਂ ਅਤੇ ਚਾਂਦੀ ਦੀਆਂ ਤਾਰਾਂ ਦੀ ਕੱਢਵਾਈ ਕਰਵਾਉਂਦੇ ਸਨ। ਇਕ ਜੋੜੀ ਜੁੱਤੀ ਨੂੰ ਤਿਆਰ ਕਰਨ ਵਿਚ ਇਕ ਕਾਰੀਗਰ ਦੇ 30 ਤੋਂ 40 ਦਿਨ ਲੱਗ ਜਾਂਦੇ ਸਨ। ਅੱਜ ਮਹਿੰਗਾਈ ਦੇ ਦੌਰ 'ਚ ਦੇਸੀ ਜੁੱਤੀਆ ਦੀ ਬਹੁਤੀ ਕਦਰ ਨਹੀਂ ਰਹੀ। ਭਾਵੇਂ ਕੁਝ ਲੋਕ ਅੱਜ ਵੀ ਬੂਟਾਂ ਦੇ ਤਸਮੇ ਖੋਲਣ-ਬੰਨ੍ਹਣ ਨਾਲੋਂ ਜੁੱਤੀ ਪਹਿਨਣਾ ਪਸੰਦ ਕਰਦੇ ਹਨ। ਬੀਤੇ ਸਮਿਆਂ 'ਚ ਜੁੱਤੀਆਂ ਤਿਆਰ ਕਰਨ ਵਾਲਿਆ ਦੀਆਂ ਦੁਕਾਨਾਂ ਵਿਚ ਰੌਣਕਾਂ ਲੱਗੀਆਂ ਰਹਿੰਦੀਆਂ ਸਨ ਪਰ ਅੱਜ ਉਨ੍ਹਾਂ 'ਤੇ ਇੱਕੜ-ਦੁੱਕੜ ਲੋਕ ਹੀ ਨਜ਼ਰ ਆਉਂਦੇ ਹਨ।•

99886-68608

# ਦੁੱਖ-ਸੁੱਖ ਦੀ ਸਾਂਝ

ਦੁਨੀਆ ਦੀ ਸਭ ਤੋਂ ਪਿਆਰੀ ਜਗ੍ਹਾ ਘਰ ਹੁੰਦੀ ਹੈ। ਘਰ ਵਿਚ ਪਿਆਰੇ ਰਿਸ਼ਤੇ ਤੇ ਇਨ੍ਹਾਂ ਰਿਸ਼ਤਿਆਂ ਵਿਚ ਅਸੀਂ ਆਪਸੀ ਪਿਆਰ ਅਤੇ ਦੁੱਖ-ਸੁੱਖ ਦੀ ਸਾਂਝ ਕਰਕੇ ਜੁੜੇ ਰਹਿੰਦੇ ਹਾਂ। ਘਰ ਵਿਚ ਕਈ ਇਨਸਾਨ ਰਹਿੰਦੇ ਹਨ। ਉਨ੍ਹਾਂ ਵਿੱਚੋਂ ਜੇਕਰ ਕਿਸੇ ਇਕ ਨੂੰ ਤਕਲੀਫ਼ ਹੁੰਦੀ ਸੀ ਤਾਂ ਸਿਸਕਦੇ ਸਾਰੇ ਸਨ। ਅੱਥਰੂ ਹਰ ਇਕ ਦੀ ਅੱਖ ਵਿੱਚੋਂ ਛਲਕਦਾ ਸੀ। ਸ਼ਾਇਦ ਇਹ ਹੀ ਕਾਰਨ ਹੈ ਕਿ ਸਾਡੇ ਪੂਰਵਜ ਆਰੀਅਨ ਲੋਕ ਲੰਮੀ ਉਮਰ ਪਾਉਣ ਤੇ ਇਸ ਘਰ ਦੇ ਨਿੱਘ ਨੂੰ ਮਾਣਨ ਲਈ ਯੱਗ ਤੇ ਬਲੀਆਂ ਕਰਦੇ ਸਨ। ਉਹ ਸੰਸਾਰ ਤੇ ਇਸ ਦੇ ਰਿਸ਼ਤਿਆਂ ਨੂੰ ਮਾਣਨਾ ਚਾਹੁੰਦੇ ਸਨ। ਸ਼ਾਇਦ ਇਸ ਕਰਕੇ ਬਾਅਦ ਵਿਚ ਮਨੁੱਖ ਨੇ ਆਪਣੇ ਪੂਰਵਜਾਂ ਦੀ ਪੂਜਾ ਕਰਨੀ ਸ਼ੁਰੂ ਕੀਤੀ ਕਿ ਉਹ ਉਨ੍ਹਾਂ ਨੂੰ ਸੰਸਾਰਿਕ ਸੁੱਖ ਪ੍ਰਦਾਨ ਕਰਨਗੇ ਕਿਉਂਕਿ ਉਨ੍ਹਾਂ ਦੀ ਆਪਣੇ ਪੂਰਵਜਾਂ ਨਾਲ ਖ਼ੂਨ ਦੀ ਸਾਂਝ ਦੇ ਨਾਲ-ਨਾਲ ਦੁੱਖ-ਸੁੱਖ ਦੀ ਸਾਂਝ ਵੀ ਹੈ। ਦੁਨੀਆ ਦੀ ਇਸ ਪਿਆਰੀ ਜਗ੍ਹਾ ਘਰ ਨੂੰ ਕਿਸੇ ਦੀ ਨਜ਼ਰ ਲੱਗ ਗਈ ਹੈ। ਜਿੱਥੇ ਖ਼ੂਨ ਦੇ ਤੌਰ 'ਤੇ ਸਾਡੀ ਸਾਂਝ ਹੈ ਪਰ ਦੁੱਖ-ਸੁੱਖ ਵਿਚ ਅਸੀਂ ਅਲੱਗ ਹਾਂ। ਇਹੀ ਕਾਰਨ ਹੈ ਕਿ ਅੱਜ ਕੱਲ੍ਹ ਘਰ ਟੁੱਟ ਰਹੇ ਹਨ, ਰਿਸ਼ਤੇ ਤਿੜਕਦੇ ਜਾਂ ਰਹੇ ਹਨ। ਇਕ ਘਰ ਦੇ ਮੈਂਬਰ ਵੀ ਆਪਸ ਵਿਚ ਫੋਨ 'ਤੇ ਮਿਲਦੇ ਹਨ। ਸਾਰੇ ਰਿਸ਼ਤਿਆਂ ਵਿਚ ਕੇਵਲ ਰਸਮੀ ਸਾਂਝ ਤੇ ਅਪਣੱਤ ਰਹਿ ਗਈ ਹੈ। ਅਜੋਕੇ ਸਮੇਂ ਘਰਾਂ ਵਿਚਲੀ ਸਾਂਝ ਤੇ ਪਿਆਰ ਦੀ ਥਾਂ ਈਰਖਾ ਤੇ ਗੁੱਸੇ ਨੇ ਲੈ ਲਈ ਹੈ। ਜੇ ਦੇਖਿਆ ਜਾਵੇ ਤਾਂ ਇਹ ਸਾੜਾ ਕੇਵਲ ਭੈਣ ਭਰਾ ਦੇ ਰਿਸ਼ਤੇ ਵਿਚ ਹੀ ਨਹੀਂ ਸਗੋਂ ਮਾਪਿਆਂ ਤੇ ਬੱਚਿਆਂ ਵਿਚਕਾਰ ਵੀ ਪਾਇਆ ਜਾਂਦਾ ਹੈ। ਪਹਿਲਾਂ ਘਰ ਦਾ ਮੁੱਢ ਇਸ ਦਾ ਸ਼ਿਕਾਰ ਹੁੰਦਾ ਹੈ। ਬੱਚੇ ਉਨ੍ਹਾਂ ਨੂੰ ਦੇਖ ਕੇ ਉਹੋ ਜਿਹਾ ਰੂਪ ਗ੍ਰਹਿਣ ਕਰਦੇ ਹਨ। ਤਿੜਕੇ ਰਿਸ਼ਤਿਆਂ ਵਾਲੇ ਘਰਾਂ ਵਿਚ ਪੈਦਾ ਹੋਏ ਬੱਚਿਆਂ ਲਈ ਇਨ੍ਹਾਂ ਤ੍ਰੇੜਾਂ ਨੂੰ ਭਰਨਾ ਬਹੁਤ ਮੁਸ਼ਕਿਲ ਹੋ ਜਾਂਦਾ ਹੈ ਕਿਉਂਕਿ ਉਹ ਸ਼ੁਰੂ ਤੋਂ ਇਕੱਲੇ ਰਹਿਣ ਦੇ ਆਦੀ ਹੋ ਚੁੱਕੇ ਹੁੰਦੇ ਹਨ ਫਿਰ ਉਹ ਕਿਸ ਤਰੀਕੇ ਨਾਲ ਆਪਣੀ ਸਾਂਝ ਸਥਾਪਿਤ ਕਰਨ। ਸ਼ਾਇਦ ਇਸ ਕਰਕੇ ਸੰਯੁਕਤ ਪਰਿਵਾਰ ਖ਼ਤਮ ਹੋ ਰਹੇ ਹਨ ਅਤੇ ਇਥੋਂ ਤੱਕ ਕਿ ਮਾਪੇ ਤੇ ਬੱਚੇ ਵੀ ਅਲੱਗ ਰਹਿ ਰਹੇ ਹਨ ਪਰ ਸੋਚਣ ਵਾਲੀ ਗੱਲ ਹੈ ਕਿ ਇਸ ਸਾਂਝ ਨੂੰ ਤੋੜਨ ਲਈ ਕੌਣ ਜ਼ਿੰਮੇਵਾਰ ਹੈ, ਸਮਾਜ, ਮਾਪੇ ਜਾ ਬੱਚੇ। ਅਕਸਰ ਸਮਾਜ ਤੇ ਬੱਚਿਆਂ ਨੂੰ ਇਸ ਦੇ ਜ਼ਿੰਮੇਵਾਰ ਠਹਿਰਾਇਆ ਜਾਂਦਾ ਹੈ ਪਰ ਕੀ ਕਦੇ ਅਸੀਂ ਇਹ ਸੋਚਣ ਦੀ ਕੋਸ਼ਿਸ਼ ਕੀਤੀ ਹੈ ਕਿ ਸਮਾਜ ਸਾਡੇ ਨਾਲ ਬਣਦਾ ਹੈ ਤੇ ਬੱਚਿਆਂ ਦੀ ਪਰਵਰਿਸ਼ ਵੀ ਅਸੀਂ ਕਰਦੇ ਹਾਂ ਫਿਰ ਇਸ ਸਭ ਲਈ ਜ਼ਿੰਮੇਵਾਰ ਕੌਣ? ਜੇਕਰ ਅਸੀਂ ਵੀ ਆਪਣੇ ਪੂਰਵਜਾਂ ਦੀ ਤਰ੍ਹਾਂ ਘਰ ਦੇ ਪਿਆਰ ਤੇ ਸਾਂਝ ਨੂੰ ਮਾਣਨਾ ਚਾਹੁੰਦੇ ਹਾਂ ਤਾਂ ਜ਼ਰੂਰੀ ਹੈ ਪਹਿਲਾਂ ਅਸੀਂ ਆਪਣੇ ਬਜ਼ੁਰਗਾਂ ਨਾਲ ਸਾਂਝ ਪਾਈਏ ਜਿਸ ਨਾਲ ਸਾਡੇ ਬੱਚਿਆਂ ਦੀ ਸੋਚ ਬਦਲੇਗੀ ਤੇ ਫਿਰ ਸਮਾਜ। ਇਸ ਤਰ੍ਹਾਂ ਸਾਂਝੇ ਘਰਾਂ ਵੱਲ ਆਪਣੇ ਕਦਮ ਵਧਾਈਏ ਤੇ ਫਿਰ ਤੋਂ ਘਰ ਦੀ ਨਿੱਘ ਨੂੰ ਮਾਣੀਏ।

• ਰੁਪਿੰਦਰ ਕੌਰ ਕੰਗ
94175-60707

# ਪੰਜਾਬੀ ਸੱਭਿਆਚਾਰ ਦੀਆਂ ਨਿਸ਼ਾਨੀਆਂ

ਪੰਜਾਬ ਦੀ ਅਮੀਰ ਸੱਭਿਅਤਾ ਦੀਆਂ ਅਨੇਕਾਂ ਵਰਤੋਂ ਵਾਲੀਆਂ ਨਿਸ਼ਾਨੀਆਂ ਲੋਪ ਹੁੰਦੀਆਂ ਜਾ ਰਹੀਆਂ ਹਨ। ਲੋਕ ਸਾਰੰਗੀਆਂ, ਅਲਗੋਜ਼ੇ, ਅਖਾੜੇ, ਝੂਮਰ, ਸੰਮੀ, ਫੁਲਕਾਰੀਆਂ, ਚਰਖੇ, ਪੱਖੀਆਂ, ਖੂਹ, ਲੋਕ ਗੀਤ, ਪਹਿਰਾਵਾ ਆਦਿ ਨਾਲੋਂ ਅਜੋਕਾ ਪੰਜਾਬੀ ਵੱਖ ਹੁੰਦਾ ਜਾ ਰਿਹਾ ਹੈ। ਅਸੀਂ ਦਿਨੋਂ-ਦਿਨ ਕੰਮਾਂ ਵਿਚ ਰੁੱਝੇ ਹੋਣ ਕਰਕੇ ਸੱਭਿਆਚਾਰ ਨੂੰ ਭੁੱਲ ਰਹੇ ਹਾਂ। ਅੱਜ ਕਲ੍ਹ ਦੀ ਨੌਜਵਾਨ ਪੀੜ੍ਹੀ ਬਰਗਰ, ਨੂਡਲਸ, ਪੀਜ਼ੇ ਵਰਗੀਆਂ ਚੀਜ਼ਾਂ ਖਾ ਕੇ ਬਿਮਾਰੀ ਨੂੰ ਸੱਦਾ ਦੇ ਰਹੀ ਹੈ। ਘਰੇਲੂ ਖਾਣੇ ਦੀ ਮਹੱਤਤਾ ਇਨ੍ਹਾਂ ਨੂੰ ਪਤਾ ਨਹੀ। ਗੱਲ ਕਰੀਏ ਫੁਲਕਾਰੀ, ਖੂਹ,ਟਿੰਡਾਂ, ਪਿੱਤਲ ਦੇ ਭਾਂਡੇ, ਦਰੀਆਂ, ਖੇਸ ਤੇ ਪੱਖੀਆਂ ਆਦਿ ਦੀ ਤਾਂ ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਚੀਜ਼ਾਂ ਦੇ ਨਾਂ ਤਕ ਨਹੀਂ ਪਤਾ। ਮਨੁੱਖੀ ਜੀਵਨ ਵਿਚ ਤਕਨੀਕੀ ਵਿਕਾਸ ਨੇ ਜਿੱਥੇ ਇਕ ਪਾਸੇ ਜੀਵਨ ਸੌਖਾ ਕੀਤਾ ਹੈ ਉੱਥੇ ਹੀ ਕੁਦਰਤ ਤੋਂ ਮਨੁੱਖ ਦੀ ਦੂਰੀ ਵੀ ਵਧਾਈ ਹੈ। ਨਵੀਂ ਤਕਨਾਲੋਜੀ ਦੇ ਆਉਣ ਨਾਲ ਪੱਖੀ ਸਾਡੇ ਜੀਵਨ ਵਿੱਚੋਂ ਲਗਪਗ ਲੋਪ ਹੋ ਗਈ ਹੈ। ਡਿਨਰ ਸੈੱਟ 'ਤੇ ਵਧੀਆਂ ਭਾਂਡਿਆਂ ਦੀ ਵਰਤੋਂ ਘਰ ਵਿਚ ਹੋਣ ਨਾਲ ਪਿੱਤਲ ਦੇ ਭਾਂਡਿਆਂ ਨੂੰ ਕੋਈ ਨਹੀ ਪੁੱਛਦਾ। ਸਰਦੀਆਂ ਵਿਚ ਕਮਰਿਆਂ ਵਿਚ ਹੀਟਰ ਹੋਣਗੇ, ਗਰਮ ਕੰਬਲ ਹੋਣਗੇ ਤੇ ਖੇਸਾਂ ਦੀ ਪਛਾਣ ਕਿੱਥੋਂ ਹੋਵੇਗੀ? ਅੱਜ ਕੱਲ੍ਹ ਦੇ ਬੱਚਿਆਂ ਨੂੰ ਇਨ੍ਹਾਂ ਤੋਂ ਇਲਾਵਾ ਕਣਕ ਦੇ ਸਿੱਟਿਆਂ ਤਕ ਦਾ ਪਤਾ ਨਹੀਂ ਹੈ ਹੁਣ ਗੱਲ ਕਰੀਏ ਮਾਂ-ਬੋਲੀ ਦੀ, ਲੋਕ ਆਪਣੀ ਮਾਂ-ਬੋਲੀ ਨੂੰ ਦਿਨੋ-ਦਿਨ ਵਿਸਾਰਦੇ ਜਾ ਰਹੇ ਹਨ। ਬੱਚੇ ਤੇ ਨੌਜਵਾਨ ਸਭ ਘਰੋਂ ਬਾਹਰ ਜਾ ਕੇ ਪੰਜਾਬੀ ਬੋਲਣ ਵਿਚ ਹੇਠੀ ਮਹਿਸੂਸ ਕਰਦੇ ਹਨ। ਮਾਤਾ-ਪਿਤਾ ਵੀ ਦੇਖੋ-ਦੇਖੀ ਸਮਾਜਿਕ ਪ੍ਰਭਾਵ ਅਧੀਨ ਆਪਣੇ ਬੱਚਿਆਂ ਨੂੰ ਅੰਗਰੇਜ਼ੀ, ਹਿੰਦੀ ਬੋਲਣ ਲਈ ਪ੍ਰੇਰਿਤ ਕਰਦੇ ਹਨ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਮਾਂ-ਬੋਲੀ ਨਾਲ ਜੋੜੀ ਰੱਖਣ ਤਾਂ ਹੀ ਬੱਚਿਆਂ ਵਿਚ ਮਾਂ-ਬੋਲੀ ਪ੍ਰਤੀ ਹੀਣ ਭਾਵਨਾ ਪੈਦਾ ਨਹੀਂ ਹੋਵੇਗੀ। ਮਾਂ-ਬੋਲੀ ਦੇ ਨਾਲ-ਨਾਲ ਸਾਡੇ ਰਹਿਣ-ਸਹਿਣ, ਪਹਿਰਾਵੇ ਅਤੇ ਖੇਡਾਂ ਵਿਚ ਵੀ ਤਬਦੀਲੀ ਆ ਰਹੀ ਹੈ। ਅਜੋਕੇ ਸਮੇਂ ਬੱਚਿਆਂ, ਨੌਜਵਾਨਾਂਨੂੰ ਕੋਟਲਾ ਛਪਾਕੀ, ਗੁੱਲੀ ਡੰਡਾ ਵਰਗੀਆਂ ਖੇਡਾਂ ਬਾਰੇ ਕੁਝ ਵੀ ਪਤਾ ਨਹੀਂ ਹੈ। ਪੁਰਾਤਨ ਯੁੱਗ ਦੇ ਪਹਿਰਾਵੇ ਤੇ ਆਧੁਨਿਕ ਯੁੱਗ ਦੇ ਪਹਿਰਾਵੇ ਵਿਚ ਢੇਰ ਸਾਰਾ ਅੰਤਰ ਆ ਗਿਆ ਹੈ। ਪਹਿਲਾਂ ਸਲਵਾਰ-ਕਮੀਜ਼ ਤੇ ਧੋਤੀ-ਕੁੜਤੇ, ਪੈਂਟ-ਕਮੀਜ਼ ਦਾ ਰਿਵਾਜ ਸੀ ਨੌਜਵਾਨ ਪੀੜ੍ਹੀ ਦਾ ਪਹਿਰਾਵਾ ਵੱਖਰੀ ਕਿਸਮ ਦਾ ਹੈ। ਉਨ੍ਹਾਂ ਲਈ ਪਹਿਰਾਵਾ ਇਕ ਹੁਨਰ ਬਣ ਗਿਆ ਹੈ। ਅਜਿਹੇ ਮਾਹੌਲ ਵਿਚ ਉਹ ਸੱਭਿਆਚਾਰ ਤੇ ਪੰਜਾਬੀ ਪਹਿਰਾਵੇ ਬਾਰੇ ਕਿੱਥੋਂ ਜਾਣੂ ਹੋਣਗੇ? ਹੁਣ ਕੋਈ ਵੀ ਪਰਿਵਾਰ ਬਜ਼ੁਰਗਾਂ ਦੀ ਗੱਲ ਨੂੰ ਨਹੀਂ ਸਹਾਰਦਾ। ਉਨ੍ਹਾਂ ਨੂੰ ਪਹਿਲਾ ਵਰਗਾ ਸਤਿਕਾਰ ਨਹੀਂ ਦਿੱਤਾ ਜਾਂਦਾ।




ਅਜੋਕੇ ਸਮੇਂ ਵਿਚ ਲੋੜ ਹੈ ਜਾਗਰੂਕਤਾ ਦੀ ਕਿਉਂਕਿ ਆਧੁਨਿਕ ਤਬਦੀਲੀ ਨੇ ਸਾਡੇ ਸੱਭਿਆਚਾਰ ਦੀ ਮਹੱਤਤਾ ਨੂੰ ਘਟਾ ਦਿੱਤਾ ਹੈ। ਸੰਸਾਰ ਭਰ ਦੇ ਵਿਦਵਾਨ ਮੰਨਦੇ ਹਨ ਕਿ ਬੱਚੇ ਦੀ ਸ਼ਖ਼ਸੀਅਤ ਦਾ ਤਾਂ ਹੀ ਸਹੀ ਵਿਕਾਸ ਹੋਵੇਗਾ, ਜੇ ਉਨ੍ਹਾਂ ਦੀ ਮੁੱਢਲੀ ਸਿੱਖਿਆ ਮਾਂ-ਬੋਲੀ ਵਿਚ ਹੋਵੇਗੀ। ਜੇ ਇਸੇ ਤਰ੍ਹਾਂ ਅਸੀ ਸੱਭਿਆਚਾਰ ਨੂੰ ਵਿਸਾਰਦੇ ਗਏ ਤਾਂ ਇਕ ਦਿਨ ਅਸੀਂ ਸੱਭਿਆਚਾਰ ਪੱਛਮੀ ਪ੍ਰਭਾਵ ਹੇਠ ਗੁਆ ਕੇ ਹੀਣ ਭਾਵਨਾ ਦਾ ਸ਼ਿਕਾਰ ਹੋ ਜਾਵਾਂਗੇ। ਤਰੱਕੀ ਹਰ ਸਮਾਜ ਲਈ ਜ਼ਰੂਰੀ ਹੈ ਪਰ ਸਾਨੂੰ ਆਪਣਾ ਸੱਭਿਆਚਾਰ ਵੀ ਸੰਭਾਲ ਕੇ ਰੱਖਣਾ ਜ਼ਰੂਰੀ ਹੈ। ਕੋਈ ਦਰਖ਼ਤ ਆਪਣੀ ਜੜ੍ਹ ਤੋਂ ਉੱਖੜ ਕੇ ਵਧ ਫੁੱਲ ਨਹੀਂ ਸਕਦਾ ਤੇ ਨਾ ਹੀ ਕੋਈ ਪੰਛੀ ਟੁੱਟੇ ਖੰਭਾਂ ਨਾਲ ਪਰਵਾਜ਼ ਭਰ ਸਕਦਾ ਹੈ।

• ਸੰਦੀਪ ਕੌਰ ਹਿਮਾਂਯੂੰਪੁਰਾ
97816-60021

# ਬਰਡ ਫਲੂ ਦਾ ਸ਼ਿਕਾਰ ਹੋਈ ਦੋ ਸਾਲਾ ਮਾਸੂਮ ਦੀ ਮੌਤ, ਮਾਹਰਾਂ ਦੀ ਲੋਕਾਂ ਨੂੰ ਅਪੀਲ

**ਏਜੰਸੀਆਂ**

ਵੈੱਬ ਡੈਸਕ 5 ਅਪ੍ਰੈਲ। ਆਂਧਰਾ ਪ੍ਰਦੇਸ਼ ਦੇ ਪਲਨਾਡੂ ਜ਼ਿਲ੍ਹੇ ਵਿੱਚ ਇੱਕ ਦੁਖਦਾਈ ਘਟਨਾ ਸਾਹਮਣੇ ਆਈ ਹੈ ਜਿੱਥੇ ਇੱਕ ਦੋ ਸਾਲ ਦੀ ਮਾਸੂਮ ਬੱਚੀ ਦੀ ਬਰਡ ਫਲੂ ਨਾਲ ਮੌਤ ਹੋ ਗਈ। ਇਹ ਘਟਨਾ 16 ਮਾਰਚ ਨੂੰ ਵਾਪਰੀ ਸੀ ਪਰ ਪੁਣੇ ਸਥਿਤ ਨੈਸ਼ਨਲ ਇੰਸਟੀਚਿਊਟ ਆਫ਼



ਵਾਇਰੋਲੋਜੀ (©ੳ੍ਹ) ਨੇ 24 ਮਾਰਚ ਨੂੰ ਇਸਦੀ ਪੁਸ਼ਟੀ ਕੀਤੀ, ਜਿਸ ਤੋਂ ਬਾਅਦ ਇਹ ਸਪੱਸ਼ਟ ਹੋ ਗਿਆ ਕਿ ਲੜਕੀ ਨੂੰ ਬਰਡ ਫਲੂ ਸੀ। ਸਿਹਤ ਵਿਭਾਗ ਦੇ ਅਧਿਕਾਰੀਆਂ ਅਨੁਸਾਰ, ਲੜਕੀ ਨੇ 26 ਫਰਵਰੀ ਨੂੰ ਕੱਚਾ ਚਿਕਨ ਖਾਧਾ ਸੀ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਲੜਕੀ ਅਕਸਰ ਕੱਚੇ ਚਿਕਨ ਦੇ ਛੋਟੇ ਟੁਕੜੇ ਖਾਂਦੀ ਸੀ। ਇਸ ਤੋਂ ਬਾਅਦ, 28 ਫਰਵਰੀ ਨੂੰ, ਉਸਨੂੰ ਬੁਖਾਰ ਅਤੇ ਹੋਰ ਲੱਛਣ ਮਹਿਸੂਸ ਹੋਣ ਲੱਗੇ। ਸ਼ੁਰੂ ਵਿੱਚ ਇਸਨੂੰ ਆਮ ਬੁਖਾਰ ਸਮਝਿਆ ਜਾ ਰਿਹਾ ਸੀ ਪਰ ਉਸਦੀ ਹਾਲਤ ਵਿਗੜਨ ਤੋਂ ਬਾਅਦ ਉਸਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਲੜਕੀ ਨੂੰ 4 ਮਾਰਚ ਨੂੰ ਸਥਾਨਕ ਹਸਪਤਾਲ ਤੋਂ ਏਮਜ਼-ਮੰਗਲਗਿਰੀ ਰੈਫਰ ਕੀਤਾ ਗਿਆ ਸੀ ਜਿੱਥੇ ਉਸਨੂੰ ਤੇਜ਼ ਬੁਖ਼ਾਰ, ਸਾਹ ਲੈਣ ਵਿੱਚ ਮੁਸ਼ਕਲ ਅਤੇ ਦਸਤ ਵਰਗੇ ਗੰਭੀਰ ਲੱਛਣ ਦਿਖਾਈ ਦਿੱਤੇ। ਲੜਕੀ ਦੀ 16 ਮਾਰਚ ਨੂੰ ਇਲਾਜ ਦੌਰਾਨ ਮੌਤ ਹੋ ਗਈ। ਸਿਹਤ ਅਧਿਕਾਰੀਆਂ ਨੇ ਲੜਕੀ ਦੇ ਮਾਪਿਆਂ ਅਤੇ ਹੋਰ ਪਰਿਵਾਰਕ ਮੈਂਬਰਾਂ ਦੀ ਜਾਂਚ ਕੀਤੀ ਪਰ ਉਨ੍ਹਾਂ ਵਿੱਚ ਬਰਡ ਫਲੂ ਦੇ ਕੋਈ ਲੱਛਣ ਨਹੀਂ ਮਿਲੇ। ਕੁੜੀ ਦਾ ਪਿਤਾ ਇੱਕ ਬੈਂਕ ਰਿਕਵਰੀ ਏਜੰਟ ਹੈ ਅਤੇ ਉਸਦੀ ਮਾਂ ਇੱਕ ਘਰੇਲੂ ਔਰਤ ਹੈ। ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਟੀ. ਦਾਮੋਦਰ ਨਾਇਡੂ ਨੇ ਕਿਹਾ ਕਿ ਪਾਲਨਾਡੂ ਅਤੇ ਆਸ ਪਾਸ ਦੇ ਜ਼ਿਲ੍ਹਿਆਂ ਵਿੱਚ ਬਰਡ ਫਲੂ ਦਾ ਕੋਈ ਹੋਰ ਮਾਮਲਾ ਸਾਹਮਣੇ ਨਹੀਂ ਆਇਆ ਹੈ। ਉਨ੍ਹਾਂ ਕਿਹਾ ਕਿ ਸਾਰੇ ਪੋਲਟਰੀ ਫਾਰਮਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਗਈ ਅਤੇ ਕਿਤੇ ਵੀ ਬਰਡ ਫਲੂ ਦੇ ਕੋਈ ਲੱਛਣ ਨਹੀਂ ਮਿਲੇ। ਇਸ ਘਟਨਾ ਤੋਂ ਬਾਅਦ, ਸਿਹਤ ਮਾਹਿਰਾਂ ਨੇ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਹਮੇਸ਼ਾ ਚਿਕਨ ਅਤੇ ਆਂਡੇ ਨੂੰ ਚੰਗੀ ਤਰ੍ਹਾਂ ਪਕਾਉਣ ਤੋਂ ਬਾਅਦ ਹੀ ਖਾਣ। ਬਰਡ ਫਲੂ ਵਰਗੇ ਵਾਇਰਸ 60-70 ਡਿਗਰੀ ਸੈਲਸੀਅਸ ਤੋਂ ਵੱਧ ਤਾਪਮਾਨ ’ਤੇ ਮਰ ਜਾਂਦੇ ਹਨ, ਇਸ ਲਈ ਕੱਚੇ ਚਿਕਨ ਤੋਂ ਬਚਣਾ ਮਹੱਤਵਪੂਰਨ ਹੈ। ਇਸ ਘਟਨਾ ’ਤੇ ਕੇਂਦਰ ਸਰਕਾਰ ਦੀ ਪ੍ਰਤੀਕਿਰਿਆ ਦੀ ਉਡੀਕ ਹੈ। ਸਿਹਤ ਮੰਤਰਾਲੇ ਤੋਂ ਜਾਣਕਾਰੀ ਮਿਲਦੇ ਹੀ ਇਸ ਖ਼ਬਰ ਨੂੰ ਅਪਡੇਟ ਕੀਤਾ ਜਾਵੇਗਾ। ਇਹ ਘਟਨਾ ਕੱਚੇ ਚਿਕਨ ਦੇ ਸੇਵਨ ਨਾਲ ਹੋਣ ਵਾਲੇ ਬਰਡ ਫਲੂ ਦੇ ਇਨਫੈਕਸ਼ਨ ਦੀ ਇੱਕ ਗੰਭੀਰ ਉਦਾਹਰਨ ਹੈ।

# ਔਟਿਜ਼ਮ ਪੀੜਤ ਤਿੰਨ ਸਾਲ ਦੇ ਜੁੜਵਾ ਭਰਾਵਾਂ ਨੇ ਬਣਾਏ ਪੰਜ ਵਿਸ਼ਵ ਰਿਕਾਰਡ

**ਸਰਦੂਲ ਸਿੰਘ**

ਵੈੱਬ ਡੈਸਕ 5 ਅਪ੍ਰੈਲ। ਔਟਿਜ਼ਮ ਸਪੈਕਟ?ਰਮ ਤੋਂ ਪ੍ਰਭਾਵਿਤ ਤਿੰਨ ਸਾਲ ਦੇ ਜੁੜਵਾਂ ਭਰਾਵਾਂ ਨੇ ਆਪਣੇ ਨਾਮ ਪੰਜ ਵਿਸ਼ਵ ਰਿਕਾਰਡ ਬਣਾਏ ਹਨ। ਉਨ੍ਹਾਂ ਨੇ ਅਮਰੀਕਾ ਬੁੱਕ ਆਫ਼ ਰਿਕਾਰਡਜ਼ ਦੇ ਟੌਪ ਟੈਲੇਂਟ ਦਾ ਖਿਤਾਬ ਵੀ ਜਿੱਤਿਆ ਹੈ। ਅੰਤਰਰਾਸ਼ਟਰੀ ਪੱਧਰ ’ਤੇ ਇਹ ਵਿਸ਼ਵ ਰਿਕਾਰਡ ਅਤੇ ਖਿਤਾਬ ਨਾ ਸਿਰਫ਼ ਦੋਵਾਂ ਬੱਚਿਆਂ ਦੇ ਗਿਆਨ, ਗੱਲਬਾਤ, ਬੁੱਧੀ, ਸਰੀਰਕ ਅਤੇ ਮਾਨਸਿਕ ਵਿਕਾਸ ਦੀ ਮਾਨਤਾ ਬਣੇ ਹਨ, ਸਗੋਂ ਇੱਕ ਉਦਾਹਰਣ ਵੀ ਬਣ ਗਏ ਹਨ। ਇਹ ਤਿੰਨ ਸਾਲ ਦੇ ਬੱਚੇ ਸਰੀਰਕ ਤੌਰ ’ਤੇ ਚਾਰ ਸਾਲ ਦੇ, ਵਿਦਿਅਕ ਤੌਰ ’ਤੇ ਛੇ ਸਾਲ ਦੇ ਅਤੇ ਵਿਵਹਾਰਕ ਤੌਰ ’ਤੇ ਪੰਜ ਸਾਲ ਦੇ ਜਾਪਦੇ ਹਨ। ਉਹ ਆਪਣੀ ਉਮਰ ਦੇ ਬੱਚਿਆਂ ਤੋਂ ਬਹੁਤ ਅੱਗੇ ਹਨ। ਉਨ੍ਹਾਂ ਦੀ ਸਿਹਤ ’ਚ ਹੈਰਾਨੀਜਨਕ ਸੁਧਾਰ ਅਤੇ ਵਿਕਾਸ ਦੇ ਪਿੱਛੇ ਉਨ੍ਹਾਂ ਦੇ ਵਿਗਿਆਨੀ ਮਾਪਿਆਂ ਦੀ ਸਖ਼ਤ ਮਿਹਨਤ ਹੈ, ਜੋ ਦੂਜਿਆਂ ਲਈ ਪ੍ਰੇਰਨਾਦਾਇਕ ਹੈ। ਹੁਣ ਵਿਗਿਆਨੀ ਜੋੜੇ ਨੇ ਇਸ ਬਿਮਾਰੀ ਤੋਂ ਪੀੜਤ ਹੋਰ ਬੱਚਿਆਂ ਦੀ ਮਦਦ ਕਰਨ ਦਾ ਕੰਮ ਆਪਣੇ ਹੱਥ ਵਿੱਚ ਲੈ ਲਿਆ ਹੈ। ਵਿਸ਼ਵ ਔਟਿਜ਼ਮ ਦਿਵਸ ਮੌਕੇ ਅਸੀਂ ਗੱਲ ਕਰ ਰਹੇ ਹਾਂ ਕਰਨਾਲ ਜ਼ਿਲ੍ਹੇ ਦੇ ਪਾਧਾ ਪਿੰਡ ਦੇ ਵਸਨੀਕ ਡਾ. ਸੁਨੀਲ ਬਾਂਸਲ ਅਤੇ ਡਾ. ਸ਼ਿਵਾਨੀ ਬਾਂਸਲ ਬਾਰੇ। ਇਹ ਦੋਵੇਂ ਹੁਣ ਅਮਰੀਕਾ ਦੇ ਵਾਸ਼ਿੰਗਟਨ ਡੀਸੀ ਵਿੱਚ ਰਹਿੰਦੇ ਹਨ ਅਤੇ ਦੋਵੇਂ ਵਿਗਿਆਨੀ ਹਨ। ਡਾ. ਸੁਨੀਲ ਬਾਂਸਲ ਨੇ ਕਿਹਾ ਕਿ ਬੱਚਿਆਂ ਦੇ ਜਨਮ ਤੋਂ ਲਗਭਗ 13 ਮਹੀਨਿਆਂ ਬਾਅਦ, ਇਹ ਸ਼ੱਕ ਹੋਇਆ ਕਿ ਉਨ੍ਹਾਂ ਦੇ ਪੁੱਤਰਾਂ ਨੂੰ



ਔਟਿਜ਼ਮ ਹੈ। ਲਗਭਗ 15 ਮਹੀਨਿਆਂ ਦੀ ਸਖ਼ਤ ਮਿਹਨਤ ਤੋਂ ਬਾਅਦ, ਅੱਜ ਉਸਦੇ ਬੱਚਿਆਂ ਨੇ ਸ਼ਾਨਦਾਰ ਯੋਗਤਾਵਾਂ ਵਿਕਸਤ ਕੀਤੀਆਂ ਹਨ। ਡਾ. ਸੁਨੀਲ ਬਾਂਸਲ ਨੇ ਕਿਹਾ ਕਿ ਅਮਰੀਕਾ, ਭਾਰਤ ਅਤੇ ਹੋਰ ਦੇਸ਼ਾਂ ਵਿੱਚ ਕੀਤੇ ਗਏ ਖੋਜ ਤੋਂ ਬਾਅਦ, ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਭਾਸ਼ਣ, ਕਿੱਤਾਮੁਖੀ ਅਤੇ ਏਬੀਏ ਥੈਰੇਪੀ ਦੇਣੀ ਸ਼ੁਰੂ ਕਰ ਦਿੱਤੀ। ਸਪੀਚ ਥੈਰੇਪੀ ਬੱਚਿਆਂ ਨੂੰ ਬੋਲਣਾ ਸਿੱਖਣ ਵਿੱਚ ਮਦਦ ਕਰਦੀ ਹੈ। ਕਿੱਤਾਮੁਖੀ ਥੈਰੇਪੀ ਬੱਚਿਆਂ ਨੂੰ ਸਮਝ, ਸਰੀਰਕ ਵਿਕਾਸ ਅਤੇ ਹੋਰ ਗਤੀਵਿਧੀਆਂ ’ਚ ਮਦਦ ਕਰਦੀ ਹੈ। ਏਬੀਏ ਥੈਰੇਪੀ ਬੱਚਿਆਂ ਦੇ ਵਿਵਹਾਰ ਨੂੰ ਸੁਧਾਰਦੀ ਹੈ। ਇਨ੍ਹਾਂ ਤਿੰਨਾਂ ਥੈਰੇਪੀਆਂ ਨੇ ਵੱਡਾ ਯੋਗਦਾਨ ਪਾਇਆ। ਬਸਨਾਲ ਜੋੜੇ ਦਾ ਕਹਿਣਾ ਹੈ ਕਿ ਆਪਣੇ ਬੱਚਿਆਂ ਨੂੰ ਸਮਾਂ ਦੇਣ ਲਈ, ਉਨ੍ਹਾਂ ਨੇ ਅਮਰੀਕਾ ਵਿੱਚ ਆਪਣੇ ਦਫ਼ਤਰ ਤੋਂ ਇਜਾਜ਼ਤ ਲੈਣ ਤੋਂ ਬਾਅਦ ਆਪਣੀ ਡਿਊਟੀ ਸ਼ਿਫਟ ਬਦਲ ਦਿੱਤੀ ਤਾਂ ਜੋ ਘੱਟੋ-ਘੱਟ ਇੱਕ ਮਾਤਾ-ਪਿਤਾ ਹਮੇਸ਼ਾ ਬੱਚਿਆਂ ਦੇ ਨਾਲ ਰਹੇ। ਰਾਤ 11 ਵਜੇ ਤੋਂ ਸਵੇਰੇ 3 ਵਜੇ ਤੱਕ, ਸਿਰਫ਼ ਇਸ ਬਾਰੇ ਯੋਜਨਾ ਬਣਾਈ ਜਾਂਦੀ ਸੀ ਕਿ ਅਗਲੇ ਦਿਨ ਕੀ ਕਰਨਾ ਹੈ। ਸਾਨੂੰ ਰਾਤ ਨੂੰ ਤਿਆਰ ਕੀਤੀ ਯੋਜਨਾ ’ਤੇ ਸਵੇਰੇ ਸੱਤ ਵਜੇ ਤੋਂ ਕੰਮ ਕਰਨਾ ਪਿਆ। ਦਫ਼ਤਰ ਅਤੇ ਘਰੇਲੂ ਕੰਮਾਂ ਤੋਂ ਇਲਾਵਾ, ਅਸੀਂ ਬੱਚਿਆਂ ਨੂੰ ਰੋਜ਼ਾਨਾ 14 ਘੰਟੇ ਦੇਣਾ ਯਕੀਨੀ ਬਣਾਇਆ। ਘਰ ਵਿੱਚ ਹਰ ਗਤੀਵਿਧੀ ਲਈ ਉਪਕਰਣ ਰੱਖੇ, ਜਿਸ ਵਿੱਚ ਥੈਰੇਪੀ ਵੀ ਸ਼ਾਮਲ ਹੈ। ਇਹ 15 ਮਹੀਨਿਆਂ ਤੱਕ ਲਗਾਤਾਰ ਕੀਤਾ ਗਿਆ ਅਤੇ ਉਦੋਂ ਹੀ ਇਹ ਨਤੀਜੇ ਸਾਹਮਣੇ ਆਏ। ਸੁਨੀਲ ਨੇ ਦੱਸਿਆ ਕਿ ਉਸਨੇ ਹਰ ਮਹੱਤਵਪੂਰਨ ਕੰਮ ਬੱਚਿਆਂ ਲਈ ਛੱਡ ਦਿੱਤਾ ਅਤੇ ਆਪਣਾ ਪੂਰਾ ਧਿਆਨ ਉਨ੍ਹਾਂ ’ਤੇ ਰੱਖਿਆ। ਹੁਣ, ਬਾਸਨਲਜ਼ 15 ਤੋਂ ਵੱਧ ਪਰਿਵਾਰਾਂ ਨਾਲ ਕੰਮ ਕਰ ਰਹੇ ਹਨ ਅਤੇ ਲਗਭਗ 20 ਬੱਚਿਆਂ ਨੂੰ ਔਟਿਜ਼ਮ ਸਪੈਕਟ?ਰਮ ਨੂੰ ਦੂਰ ਕਰਨ ਵਿੱਚ ਮਦਦ ਕਰ ਰਹੇ ਹਨ।

# ਮੀਤ ਹੇਅਰ ਨੇ ਪਾਰਲੀਮੈਂਟ ’ਚ ਆੜ੍ਹਤੀਆਂ ਦੇ ਕਮਿਸ਼ਨ ਅਤੇ ਪੰਜਾਬ ਲਈ ਸਪੈਸ਼ਲਾਂ ਵਧਾਉਣ ਦਾ ਮੁੱਦਾ ਚੁੱਕਿਆ

ਚੰਡੀਗੜ੍ਹ/ਨਵੀਂ ਦਿੱਲੀ 5 ਅਪ੍ਰੈਲ। ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਪਾਰਲੀਮੈਂਟ ਦੇ ਸਿਫਰ ਕਾਲ ਦੌਰਾਨ ਫਸਲ ਦੀ ਖ਼ਰੀਦ ਨਾਲ ਜੁੜੇ ਦੋ ਅਹਿਮ ਮੁੱਦੇ ਉਠਾਉਂਦਿਆਂ ਆੜ੍ਹਤੀਆਂ ਨੂੰ ਕਣਕ ਅਤੇ ਝੋਨੇ ’ਤੇ ਮਿਲਣ ਵਾਲੇ ਕਮਿਸ਼ਨ ਨੂੰ ਪਹਿਲਾ ਵਾਂਗ ਐੱਮ.ਐੱਸ.ਪੀ. ਦਾ ਢਾਈ ਫੀਸਦੀ ਨਿਰਧਾਰਤ ਕਰਨ ਅਤੇ ਗੁਦਾਮਾਂ ਵਿੱਚੋਂ ਝੋਨੇ ਦੀ ਚੁਕਾਈ ਨੂੰ ਤੇਜ਼ ਕਰਨ ਲਈ ਪੰਜਾਬ ਲਈ ਸਪੈਸ਼ਲਾਂ ਵਧਾਉਣ ਦੀ ਮੰਗ ਰੱਖੀ। ਉਨ੍ਹਾਂ ਕਿਹਾ ਕਿ ਫਸਲ ਦੀ ਖ਼ਰੀਦ ਨੂੰ ਸੁਚਾਰੂ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਇਨ੍ਹਾਂ ਮਸਲਿਆਂ ਦਾ ਤੁਰੰਤ ਹੱਲ ਕੀਤਾ ਜਾਵੇ। ਮੀਤ ਹੇਅਰ ਨੇ ਕਿਹਾ ਕਿ 2019-20 ਤੱਕ ਕਣਕ ਤੇ ਝੋਨੇ ਉੱਪਰ ਆੜ੍ਹਤੀਆਂ ਦਾ ਕਮਿਸ਼ਨ ਘੱਟੋ ਘੱਟ ਲਾਗਤ ਮੁੱਲ (ਐੱਮ.ਐੱਸ.ਪੀ.) ਦਾ ਢਾਈ ਫੀਸਦੀ ਨਿਰਧਾਰਤ ਸੀ ਜਿਸ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਇਸ ਨੂੰ ਬਦਲ ਕੇ 46 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ। ਉਦੋਂ ਤੋਂ ਇਹੋ ਦਰ ਚੱਲ ਰਹੀ ਹੈ



ਜਦੋਂਕਿ ਮਹਿੰਗਾਈ ਹੋਰ ਵਧ ਗਈ ਪਰ ਕਮਿਸ਼ਨ ਜਿਉਂ ਦਾ ਤਿਉਂ ਰਿਹਾ ਜਿਸ ਕਾਰਨ ਪਿਛਲੇ ਸਮੇਂ ਵਿੱਚ ਆੜ੍ਹਤੀਆਂ ਵੱਲੋਂ ਹੜਤਾਲ ਕੀਤੀ ਗਈ ਜਿਸ ਦਾ ਸਿੱਧਾ ਅਸਰ ਪੰਜਾਬ ਵਿੱਚ ਫਸਲ ਦੀ ਖ਼ਰੀਦ ਉਪਰ ਪਿਆ। ਮੀਤ ਹੇਅਰ ਨੇ ਆੜ੍ਹਤੀਆਂ ਦੀ ਮੰਗ ਨੂੰ ਜਾਇਜ਼ ਦੱਸਦਿਆਂ ਉਨ੍ਹਾਂ ਦਾ ਕਮਿਸ਼ਨ ਮੁੜ ਤੋਂ ਐੱਮ.ਐੱਸ.ਪੀ. ਦਾ ਢਾਈ ਫੀਸਦੀ ਨਿਰਧਾਰਤ ਕਰਨ ਦੀ ਮੰਗ ਰੱਖੀ। ਉਨ੍ਹਾਂ ਫਸਲ ਦੀ ਖ਼ਰੀਦ ਨੂੰ ਸੁਚਾਰੂ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਇਸ ਮਸਲੇ ਨੂੰ ਤੁਰੰਤ ਹੱਲ ਕਰਨ ਦੀ ਮੰਗ ਰੱਖੀ। ਇਸ ਦੇ ਨਾਲ ਹੀ ਮੈਂਬਰ ਪਾਰਲੀਮੈਂਟ ਮੀਤ ਹੇਅਰ ਨੇ ਰਾਈਸ ਮਿੱਲਰਾਂ ਦਾ ਮੁੱਦਾ ਵੀ ਉਠਾਉਂਦਿਆਂ ਪੰਜਾਬ ਲਈ ਸਪੈਸ਼ਲਾਂ ਦੀ ਗਿਣਤੀ ਵਧਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪਹਿਲਾਂ ਮਾਰਚ ਅਪਰੈਲ ਤੱਕ ਪੰਜਾਬ ਵਿੱਚੋਂ ਝੋਨੇ ਦੀ ਲਿਫਟਿੰਗ ਹੋ ਜਾਂਦੀ ਸੀ ਪਰ ਹੁਣ ਛੇ ਮਹੀਨੇ ਬੀਤ ਜਾਣ ਤੱਕ ਵੀ ਨਹੀਂ ਹੋ ਰਹੀ। ਇਸ ਨਾਲ ਜਿੱਥੇ ਭੰਡਾਰਨ ਦੀ ਸਮੱਸਿਆ ਹੋ ਰਹੀ ਹੈ ਉੱਥੇ ਦਾਣਾ ਟੁੱਟਣ ਨਾਲ ਕਰੋੜਾਂ ਦੀ ਫਸਲ ਦਾ ਵੀ ਨੁਕਸਾਨ ਹੁੰਦਾ ਹੈ। ਇਸ ਦਾ ਸਿੱਧਾ ਖ਼ਮਿਆਜ਼ਾ ਸ਼ੈਲਰ ਮਾਲਕਾਂ ਨੂੰ ਭੁਗਤਣਾ ਪੈਂਦਾ ਹੈ ਅਤੇ ਇਸੇ ਕਾਰਨ ਸੈਂਕੜੇ ਸ਼ੈਲਰ ਬੰਦ ਹੋ ਰਹੇ ਹਨ।

## ਵਰਕ ਫਰਾਮ ਹੋਮ ਦੇ ਨਾਂ ’ਤੇ 60 ਹਜ਼ਾਰ ਰੁਪਏ ਦੀ ਠੱਗੀ

ਚੰਡੀਗੜ੍ਹ 5 ਅਪ੍ਰੈਲ। ਘਰੋਂ ਕੰਮ ਕਰਨ ਦੇ ਨਾਮ ’ਤੇ ਸੈਕਟਰ-20 ਦੇ ਰਹਿਣ ਵਾਲੇ ਨੌਜਵਾਨ ਨਾਲ 60,767 ਰੁਪਏ ਦੀ ਠੱਗੀ ਮਾਰੀ ਗਈ। ਨੌਕਰੀ ਦਿਵਾਉਣ ਦੇ ਨਾਮ ’ਤੇ ਧੋਖੇਬਾਜ਼ਾਂ ਨੇ ਵੱਖ-ਵੱਖ ਫੀਸਾਂ ਦੇ ਨਾਮ ’ਤੇ ਪੈਸੇ ਲੈ ਲਏ। ਸੈਕਟਰ-20 ਵਾਸੀ ਰਾਜਕੁਮਾਰ ਨੂੰ ਠੱਗੀ ਦਾ ਅਹਿਸਾਸ ਹੋਣ ਤੋਂ ਬਾਅਦ ਉਸ ਨੇ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਕੀਤੀ। ਸੈਕਟਰ-17 ਥਾਣਾ ਪੁਲਸ ਨੇ ਮਾਮਲੇ ਦੀ ਜਾਂਚ ਕਰ ਕੇ ਅਣਪਛਾਤੇ ਧੋਖਾਧੜੀ ਕਰਨ ਵਾਲਿਆਂ ਖ਼?ਲਾਫ਼ ਪਰਚਾ ਦਰਜ ਕਰ ਲਿਆ। ਪੁਲਸ ਖਾਤਾ ਨੰਬਰ ਰਾਹੀਂ ਧੋਖਾਧੜੀ ਕਰਨ ਵਾਲਿਆਂ ਦੀ ਭਾਲ ਕਰ ਰਹੀ ਹੈ। ਰਾਜ ਕੁਮਾਰ ਨੇ ਸ਼ਿਕਾਇਤ ’ਚ ਪੁਲਸ ਨੂੰ ਦੱਸਿਆ ਕਿ ਉਸ ਨੂੰ ਨੌਕਰੀ ਦੀ ਲੋੜ ਸੀ। 23 ਸਤੰਬਰ 2024 ਨੂੰ ਉਸ ਨੂੰ ਘਰੋਂ ਕੰਮ ਕਰਨ ਲਈ ਫ਼ੋਨ ਆਇਆ। ਅਗਲੇ ਦਿਨ ਉਸਦਾ ਇੰਟਰਵਿਊ ਸੀ, ਜਿਸ ’ਚ ਉਹ ਪਾਸ ਹੋ ਗਿਆ। ਦੋ ਦਿਨਾਂ ਬਾਅਦ ਉਸ ਨੂੰ ਨੌਕਰੀ ਦੀ ਪੇਸ਼ਕਸ਼ ਪੱਤਰ ਮਿਲਿਆ। ਇਸ ਤੋਂ ਬਾਅਦ ਉਨ੍ਹਾਂ ਨੂੰ ਵੱਖ-ਵੱਖ ਫੀਸਾਂ ਜਮ?ਹਾਂ ਕਰਵਾਉਣ ਲਈ ਕਿਹਾ ਗਿਆ। ਸ਼ਿਕਾਇਤਕਰਤਾ ਨੇ 60 ਹਜ਼ਾਰ 767 ਰੁਪਏ ਜਮ?ਹਾਂ ਕਰਵਾਏ। ਇਸ ਤੋਂ ਬਾਅਦ ਹੋਰ ਪੈਸੇ ਜਮ?ਹਾਂ ਕਰਨ ਦੇ ਫੋਨ ਆਉਣੇ ਸ਼ੁਰੂ ਹੋ ਗਏ। ਜਦੋਂ ਸ਼ਿਕਾਇਤਕਰਤਾ ਨੇ ਨੌਕਰੀ ਦਾ ਆਫ਼ਰ ਲੈਟਰ ਚੈੱਕ ਕੀਤਾ ਤਾਂ ਇਹ ਜਾਅਲੀ ਪਾਇਆ ਗਿਆ।

# ਭਾਰਤੀ ਰੇਲਵੇ ਨੇ ਲਗਾਤਾਰ ਚੌਥੇ ਸਾਲ ਮਾਲ ਢੋਆ-ਢੁਆਈ ਅਤੇ ਮਾਲੀਏ ਵਿੱਚ ਬਣਾਇਆ ਰਿਕਾਰਡ

**ਕਿਸ਼ਨ ਪਾਲ**

ਨਵੀਂ ਦਿੱਲੀ 5 ਅਪ੍ਰੈਲ। ਭਾਰਤੀ ਰੇਲਵੇ ਨੇ ਵਿੱਤੀ ਸਾਲ 2025 ਵਿੱਚ ਲਗਾਤਾਰ ਚੌਥੇ ਸਾਲ ਮਾਲ ਢੋਆ-ਢੁਆਈ ਅਤੇ ਮਾਲੀਏ ਵਿੱਚ ਆਪਣੇ ਰਿਕਾਰਡਾਂ ਵਿੱਚ ਸੁਧਾਰ ਕੀਤਾ ਹੈ। ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਕਿਹਾ ਕਿ ਮਾਲ ਢੋਆ-ਢੁਆਈ 1.61 ਬਿਲੀਅਨ ਟਨ ਨੂੰ ਪਾਰ ਕਰ ਗਈ, ਜਿਸ ਨਾਲ ਭਾਰਤ ਦਾ ਰੇਲਵੇ ਨੈੱਟਵਰਕ ਸਾਲਾਨਾ ਮਾਲ ਢੋਆ-ਢੁਆਈ ਦੇ ਮਾਮਲੇ ਵਿੱਚ ਦੂਜਾ ਸਭ ਤੋਂ ਵੱਡਾ ਦੇਸ਼ ਬਣ ਗਿਆ, ਜੋ ਅਮਰੀਕਾ ਨੂੰ ਪਛਾੜ ਗਿਆ। ਰੇਲਵੇ ਨੈੱਟਵਰਕ ਦੁਆਰਾ ਸੰਭਾਲੇ ਜਾਣ ਵਾਲੇ ਮਾਲ ਦੇ ਮਾਮਲੇ ਵਿੱਚ ਚੀਨ ਭਾਰਤ ਤੋਂ ਅੱਗੇ ਇਕਲੌਤਾ ਦੇਸ਼ ਹੈ। ਉਨ੍ਹਾਂ ਕਿਹਾ ਕਿ 31 ਮਾਰਚ ਨੂੰ ਖਤਮ ਹੋਏ ਸਾਲ ਵਿੱਚ ਰੇਲਵੇ ਦੇ ਪੂੰਜੀ ਖਰਚ ਦੀ ਵਰਤੋਂ ਬਜਟ ਅਨੁਮਾਨਾਂ ਤੋਂ ਮਾਮੂਲੀ ਤੌਰ ’ਤੇ 2.65 ਲੱਖ ਕਰੋੜ ਰੁਪਏ ਤੋਂ ਵੱਧ ਰਹੀ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2025 ਵਿੱਚ ਭਾਰਤੀ ਰੇਲਵੇ ਦਾ ਕੁੱਲ ਮਾਲੀਆ 2.62 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ। ਯਾਤਰੀਆਂ ਦੀ ਢੋਆ-ਢੁਆਈ ਤੋਂ ਹੋਣ ਵਾਲੀ ਕਮਾਈ ਵਿੱਤੀ ਸਾਲ 2023-24 ਵਿੱਚ 70,693 ਕਰੋੜ ਰੁਪਏ ਤੋਂ ਵੱਧ ਕੇ 75,000 ਕਰੋੜ ਰੁਪਏ ਤੋਂ ਵੱਧ ਹੋ ਗਈ। ਇਸ ਤੋਂ ਪਤਾ ਲੱਗਦਾ ਹੈ ਕਿ ਇਹ ਬਜਟ ਵਿੱਚ ਯਾਤਰੀ ਮਾਲੀਏ ਲਈ 80,000 ਕਰੋੜ ਰੁਪਏ ਦੇ ਟੀਚੇ ਤੋਂ ਘੱਟ ਰਿਹਾ, ਭਾਵੇਂ ਕਿ ਕੁੰਭ ਮੇਲੇ ਵਿੱਚ ਯਾਤਰੀਆਂ ਦੀ ਗਿਣਤੀ ਵਧਣ ਨਾਲ ਰਿਕਾਰਡ ਗਿਣਤੀ ਵਿੱਚ ਯਾਤਰੀਆਂ ਨੂੰ ਲਿਜਾਇਆ ਗਿਆ। ਇਕ ਅਧਿਕਾਰੀ ਨੇ ਕਿਹਾ ਰੇਲਵੇ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਇਹ ਜਨਤਕ ਆਵਾਜਾਈ ਦਾ ਸਭ ਤੋਂ ਕਿਫਾਇਤੀ ਅਤੇ ਭਰੋਸੇਮੰਦ ਸਾਧਨ ਬਣਿਆ



ਰਹੇ। ਕੋਲਾ 817 ਮਿਲੀਅਨ ਟਨ ਮਾਲ ਦੀ ਢੋਆ-ਢੁਆਈ ਦਾ ਵੱਡਾ ਹਿੱਸਾ ਸੀ, ਜੋ ਕਿ ਪਿਛਲੇ ਸਾਲ 781 ਸੀ। ਅਧਿਕਾਰੀ ਨੇ ਕਿਹਾ ਇਸ ਨਾਲ ਥਰਮਲ ਪਾਵਰ ਪਲਾਂਟਾਂ ’ਤੇ ਕੋਲੇ ਦੀ ਉਪਲਬਧਤਾ ਵਿੱਚ ਸੁਧਾਰ ਹੋਇਆ ਹੈ। ਪਾਵਰ ਪਲਾਂਟਾਂ ’ਤੇ ਬੰਦ ਹੋਣ ਵਾਲਾ ਸਟਾਕ 57 ਮਿਲੀਅਨ ਟਨ ਸੀ, ਜੋ ਪਿਛਲੇ ਵਿੱਤੀ ਸਾਲ ਦੇ ਅੰਤ ਵਿੱਚ 50 ਮਿਲੀਅਨ ਸੀ। ਕੰਟੇਨਰ ਆਵਾਜਾਈ 10% ਵਧ ਕੇ 37.95 ਮਿਲੀਅਨ ਟਨ ਹੋ ਗਈ। ਇਕ ਹੋਰ ਅਧਿਕਾਰੀ ਨੇ ਕਿਹਾ ਕਿ ਸਾਲ ਵਿੱਚ 598,000 ਰੇਕ ਲੋਡ ਕੀਤੇ ਗਏ, ਜੋ ਕਿ ਪਿਛਲੇ ਵਿੱਤੀ ਸਾਲ ਨਾਲੋਂ 8% ਵੱਧ ਹੈ। ਪਾਰਸਲ ਆਵਾਜਾਈ ਲਗਭਗ 29% ਵਧ ਕੇ 1.3 ਮਿਲੀਅਨ ਟਨ ਹੋ ਗਈ। ਅਧਿਕਾਰੀ ਨੇ ਕਿਹਾ ਕਿ ਇਸ ਦੁਆਰਾ ਲਿਜਾਏ ਗਏ ਪਾਰਸਲਾਂ ਦੀ ਗਿਣਤੀ 31 ਮਿਲੀਅਨ ਤੋਂ ਵੱਧ ਕੇ 44 ਮਿਲੀਅਨ ਹੋ ਗਈ। ਉਨ੍ਹਾਂ ਕਿਹਾ ਕਿ ਇਹ ਅੰਕੜੇ ਰੇਲਵੇ ਦੇ ਮਾਲੀਏ ਨੂੰ ਵਧਾਉਣ ਦੀਆਂ ਕੋਸ਼ਿਸ਼ਾਂ ਦੇ ਅਨੁਸਾਰ ਹਨ। ਗੈਰ-ਕਿਰਾਇਆ ਮਾਲੀਆ ਕਮਾਈ ਵਿੱਚੋਂ, ਰੇਲਵੇ ਨੇ ਸਕ੍ਰੈਪ ਦੀ ਵਿਕਰੀ ਤੋਂ 6,500 ਕਰੋੜ ਰੁਪਏ ਤੋਂ ਵੱਧ ਕਮਾਏ।

# ਕਿਤੇ ਤੁਸੀਂ ਤਾਂ ਨਹੀਂ ਫਰਜ਼ੀ ਸਕੂਲ ’ਚ ਦਾਖ਼ਲ ਕਰਵਾ ’ਤਾ ਬੱਚਾ!

ਪਾਨੀਪਤ 5 ਅਪ੍ਰੈਲ। ਹਰਿਆਣਾ ਦੇ ਸਿੱਖਿਆ ਮੰਤਰੀ ਮਹੀਪਾਲ ਢਾਂਡਾ ਦੇ ਜ਼ਿਲ੍ਹੇ ਪਾਨੀਪਤ ’ਚ 183 ਫਰਜ਼ੀ ਸਕੂਲ ਚੱਲ ਰਹੇ ਹਨ, ਜਿਨ੍ਹਾਂ ਨੂੰ ਸਿੱਖਿਆ ਵਿਭਾਗ ਦੀ ਮਾਨਤਾ ਨਹੀਂ ਹੈ। ਇਨ੍ਹਾਂ ਵਿਚ 54 ਪ੍ਰਾਇਮਰੀ (ਪਹਿਲੀ ਤੋਂ ਪੰਜਵੀਂ ਤੱਕ) ਅਤੇ 129 ਮਿਡਲ (5ਵੀਂ ਤੋਂ 8ਵੀਂ ਤੱਕ) ਸਕੂਲ



ਸ਼ਾਮਲ ਹਨ। ਪਾਨੀਪਤ ਸਿੱਖਿਆ ਵਿਭਾਗ ਨੇ ਇਨ੍ਹਾਂ ਸਕੂਲਾਂ ਦੀ ਸੂਚੀ ਜਾਰੀ ਕਰਦੇ ਹੋਏ ਕਿਹਾ ਹੈ ਕਿ ਇਹ ਸਕੂਲ ਸਰਕਾਰੀ ਮਾਪਦੰਡਾਂ ’ਤੇ ਪੂਰੇ ਨਹੀਂ ਉਤਰਦੇ ਅਤੇ ਗੈਰ-ਕਾਨੂੰਨੀ ਹਨ। ਇਨ੍ਹਾਂ ਸਕੂਲਾਂ ਵਿਚ ਪੜ੍ਹਦੇ ਬੱਚਿਆਂ ਦੇ ਸਰਟੀਫਿਕੇਟ ਵੀ ਅਯੋਗ ਮੰਨੇ ਜਾਣਗੇ। ਪਰ ਵਿਭਾਗ ਨੇ ਇਨ੍ਹਾਂ ਗ਼ੈਰ-ਕਾਨੂੰਨੀ ਸਕੂਲਾਂ ਖ਼?ਲਾਫ਼ ਕੋਈ ਠੋਸ ਕਾਰਵਾਈ ਕਰਨ ਦੀ ਬਜਾਏ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਇਨ੍ਹਾਂ ਸਕੂਲਾਂ ’ਚ ਦਾਖ਼ਲ ਨਾ ਕਰਵਾਉਣ। ਜੇਕਰ ਇਨ੍ਹਾਂ ਸਕੂਲਾਂ ਨੇ ਬੱਚੇ ਦਾਖ਼ਲ ਕੀਤੇ ਤਾਂ ਉਨ੍ਹਾਂ ਖ਼?ਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕੁਝ ਸਕੂਲਾਂ ਵਿਚ ਤਾਂ ਮਾਨਤਾ ਤੋਂ ਜ਼ਿਆਦਾ ਜਮਾਤਾਂ ਵਿਚ ਦਾਖ਼ਲਾ ਦਿੱਤਾ ਜਾ ਰਿਹਾ ਹੈ। ਉਦਾਹਰਣ ਵਜੋਂ ਜਿਹੜੇ ਸਕੂਲ ਸਿਰਫ਼ 5ਵੀਂ ਜਮਾਤ ਤੱਕ ਹੀ ਮਾਨਤਾ ਪ੍ਰਾਪਤ ਹਨ, ਉਹ 8ਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਦਾਖ਼ਲਾ ਦੇ ਰਹੇ ਹਨ। ਵਿਭਾਗ ਵੱਲੋਂ ਅਜਿਹੇ ਸਕੂਲਾਂ ਖ਼?ਲਾਫ਼ ਕਾਰਵਾਈ ਵੀ ਕੀਤੀ ਜਾਵੇਗੀ ਅਤੇ ਬਲਾਕ ਪੱਧਰ ’ਤੇ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਕਈ ਸਕੂਲਾਂ ਵਿਚ ਦਾਖ਼ਲੇ ਲਈ ਮੁਕਾਬਲੇ ਚੱਲ ਰਹੇ ਹਨ ਅਤੇ ਇਨ੍ਹਾਂ ਸਕੂਲਾਂ ਵੱਲੋਂ ਵਿਦਿਆਰਥੀਆਂ ਨੂੰ ਆਕਰਸ਼ਿਤ ਕਰਨ ਲਈ ਵਜ਼ੀਫ਼ੇ ਦੇਣ ਦੇ ਵਾਅਦੇ ਵੀ ਸ਼ੁਰੂ ਕਰ ਦਿੱਤੇ ਗਏ ਹਨ, ਜਿਸ ਕਾਰਨ ਮਾਪੇ ਆਪਣੇ ਬੱਚਿਆਂ ਨੂੰ ਦਾਖ਼ਲਾ ਦਿਵਾਉਣ ਲੱਗੇ ਹਨ।

## ਇਕ ਕਰੋੜ ਦੀ ਫ਼ਿਰੌਤੀ ਮੰਗਣ ਵਾਲੇ ਖ਼ਿਲਾਫ਼ ਮਾਮਲਾ ਦਰਜ

ਫਿਰੋਜ਼ਪੁਰ 5 ਅਪ੍ਰੈਲ। ਫਿਰੋਜ਼ਪੁਰ ਵਿਖੇ ਇਕ ਵਿਅਕਤੀ ਕੋਲੋਂ ਇਕ ਕਰੋੜ ਦੀ ਫ਼?ਰੌਤੀ ਮੰਗਣ ਵਾਲੇ ਇਕ ਅਣਪਛਾਤੇ ਵਿਅਕਤੀ ਖ਼?ਲਾਫ਼ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਸ਼ੀਸ਼ ਸ਼ਰਮਾ ਪੁੱਤਰ ਸਤੀਸ਼ ਸਰਮਾ ਵਾਸੀ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਨੂੰ ਮੋਬਾਇਲ ’ਤੇ ਅਣਪਛਾਤੇ ਨੰਬਰ ਤੋਂ ਕਾਲ ਆਇਆ, ਜਿਸ ਵਿਚ ਇਕ ਵਿਅਕਤੀ ਨੇ ਮੇਰਾ ਨਾਮ ਬੋਲ ਕੇ ਮੈਨੂੰ ਧਮਕੀ ਦਿੱਤੀ ਕਿ ਮੈਂ ਗੈਂਗਸਟਰ ਬੋਲ ਰਿਹਾ ਹਾਂ, ਤੂੰ ਇਕ ਕਰੋੜ ਰੁਪਏ ਕੱਲ ਸਵੇਰ ਤੱਕ ਮੈਨੂੰ ਦੇ ਦੇ, ਨਹੀਂ ਤਾਂ ਤੈਨੂੰ ਜਾਨੋਂ ਮਾਰ ਦਿੱਤਾ ਜਾਵੇਗਾ। ਉਸ ਤੋਂ ਬਾਅਦ ਉਸ ਨੂੰ ਉਹ ਵਟਸਐਪ ਕਾਲ ਜ਼ਰੀਏ ਧਮਕੀਆਂ ਦੇ ਰਿਹਾ ਹੈ ਅਤੇ ਉਸ ਪਾਸੋਂ ਫ਼?ਰੌਤੀ ਦੀ ਮੰਗ ਕਰ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਾਹਿਬ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ ’ਤੇ ਅਣਪਛਾਤੇ ਵਿਅਕਤੀ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਸ਼ਰਮਨਾਕ ਹੋਇਆ ਪੰਜਾਬ: ਕਲਯੁਗੀ ਪਿਓ ਨੇ ਆਪਣੀ ਮਾਸੂਮ ਧੀ ਨਾਲ ਟੱਪੀਆਂ ਬੇਸ਼ਰਮੀ ਦੀਆਂ ਹੱਦਾਂ

ਬਟਾਲਾ 5 ਅਪ੍ਰੈਲ। 5 ਮਹੀਨਿਆਂ ਦੀ ਮਾਸੂਮ ਬੱਚੀ ਦੇ ਨਾਲ ਜਬਰ-ਜ਼ਿਨਾਹ ਕਰਨ ਵਾਲੇ ਕਲਯੁਗੀ ਪਿਤਾ ਦੇ ਵਿਰੁੱਧ ਥਾਣਾ ਸਿਵਲ ਲਾਈਨ ਦੀ ਪੁਲਸ ਨੇ ਕੇਸ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ. ਆਈ. ਨਵਜੋਤ ਕੌਰ ਨੇ ਦੱਸਿਆ ਕਿ ਪੁਲਸ ਨੂੰ ਦਰਜ ਕਰਵਾਈ ਸ਼ਿਕਾਇਤ ’ਚ ਇਕ ਔਰਤ ਨੇ ਦੱਸਿਆ ਕਿ ਉਸ ਦੀ ਬੱਚੀ ਦੀ ਉਮਰ 5 ਮਹੀਨੇ ਹੈ ਅਤੇ ਕੁੜੀ ਹੋਣ ਤੋਂ ਕੁਝ ਦਿਨ ਬਾਅਦ ਉਸ ਦੇ ਸਹੁਰਾ ਪਰਿਵਾਰ ਵਾਲਿਆਂ ਨੇ ਉਸ ਨੂੰ ਤੰਗ -ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਸੀ, ਜਿਸ ਤੋਂ ਬਾਅਦ ਉਹ ਆਪਣੇ ਪੇਕੇ ਆ ਗਈ। ਔਰਤ ਨੇ ਦੱਸਿਆ ਕਿ 23 ਮਾਰਚ ਨੂੰ ਉਸ ਦਾ ਪਤੀ ਉਸ ਦੇ ਘਰ ਆਇਆ ਅਤੇ ਦੁਪਹਿਰ ਦੇ ਸਮੇਂ ਜਦ ਉਹ ਉਸ ਦੀ ਬੱਚੀ ਨੂੰ ਲੈ ਕੇ ਕਮਰੇ ’ਚ ਬੈਠਾ ਹੋਇਆ ਸੀ ਤਾਂ ਅਚਾਨਕ ਬੱਚੀ ਦੀ ਰੋਣ ਦੀ ਆਵਾਜ਼ ਸੁਣਾਈ ਦਿੱਤੀ। ਜਦ ਉਹ ਕਮਰੇ ’ਚ ਗਈ ਤਾਂ ਉਸ ਦਾ ਪਤੀ ਬੱਚੀ ਨਾਲ ਜਬਰ-ਜ਼ਿਨਾਹ ਕਰ ਰਿਹਾ ਸੀ। ਉਸ ਨੇ ਦੱਸਿਆ ਕਿ ਜਦ ਉਸ ਨੇ ਆਪਣੇ ਪਤੀ ਨੂੰ ਅਜਿਹਾ ਕਰਨ ਤੋਂ ਰੋਕਿਆ ਤਾਂ ਉਹ ਉਸ ਨੂੰ ਧੱਕਾ ਮਾਰ ਕੇ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਉਕਤ ਬਿਆਨਾਂ ਦੇ ਆਧਾਰ ’ਤੇ ਮੁਲਜ਼ਮ ਖਿਲਾਫ ਕੇਸ ਦਰਜ ਕਰ ਲਿਆ ਹੈ।

# ਪੰਜਾਬ ’ਚ ਪ੍ਰਾਈਵੇਟ ਸਕੂਲਾਂ ਦੀ ਮਨਮਰਜ਼ੀ ਅੱਗੇ ਬੇਬੱਸ ਹੋਏ ਮਾਪੇ, ਕੀਤੀ ਜਾ ਰਹੀ ਅੰਨ੍ਹੀ ਲੁੱਟ

**ਏਜੰਸੀਆਂ**

ਅੰਮ੍ਰਿਤਸਰ 5 ਅਪ੍ਰੈਲ। ਜ਼ਿਲ੍ਹੇ ’ਚ ਰੱਜ ਕੇ ਮਾਪਿਆਂ ਦਾ ਕਈ ਪ੍ਰਾਈਵੇਟ ਸਕੂਲ ਸ਼ੋਸ਼ਣ ਕਰ ਰਹੇ ਹਨ। ਨਿਯਮਾਂ ਦੀਆਂ ਧੱਜੀਆਂ ਉਡਾਉਂਦਿਆਂ ਵਧੇਰੇ ਸਕੂਲ ਆਪਣੇ ਸਕੂਲ ਕੰਪਲੈਕਸ ’ਚ ਹੀ ਮੋਟੇ ਪੈਸੇ ਲੈ ਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਕਿਤਾਬਾਂ ਦੇ ਰਹੇ ਹਨ। ਉਕਤ ਸਕੂਲਾਂ ਦੀ ਮਨਮਾਨੀ ਕਾਰਨ ਪ੍ਰਸ਼ਾਸਨ ਨੇਐਡਵਾਈਜ਼ਰੀ ਕੀਤੀ ਸੀ ਪਰ ਅਫਸੋਸ ਦੀ ਗੱਲ ਹੈ ਕਿ ਐਡਵਾਈਜ਼ਰੀ ਜਾਰੀ ਹੋਣ ਤੋਂ ਬਾਅਦ ਵੀ ਉਕਤ ਸਕੂਲ ਬਿਨਾਂ ਕਿਸੇ ਡਰ ਤੋਂ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਮਨਮਾਨੀਆਂ ਕਰ ਰਹੇ ਹਨ। ਜਾਣਕਾਰੀ ਅਨੁਸਾਰ ਪ੍ਰਾਈਵੇਟ ਸਕੂਲਾਂ ਨੂੰ ਉਨ੍ਹਾਂ ਦੇ ਕੰਪਲੈਕਸ ’ਚ ਕਿਤਾਬਾਂ ਵੇਚਣ ’ਤੇ ਸਿੱਖਿਆ ਵਿਭਾਗ ਵੱਲੋਂ ਪਾਬੰਦੀ ਲਾਈ ਗਈ ਹੈ। ਪ੍ਰਸ਼ਾਸਨ ਵੱਲੋਂ ਇਸ ਪਾਬੰਦੀ ਲਈ ਜ਼ਿਲ੍ਹੇ ਅੰਦਰ ਐਡਵਾਈਜ਼ਰੀ ਜਾਰੀ ਕਰਦਿਆਂ ਮਾਪਿਆਂ ਦੀ ਸਹੂਲਤ ਲਈ ਟੋਲ ਫ?ਰੀ ਨੰਬਰ ਜਾਰੀ ਕਰਦਿਆਂ ਟੀਮਾਂ ਦਾ ਗਠਨ ਕਰਨ ਦੀ ਗੱਲ ਕੀਤੀ ਗਈ ਹੈ ਪਰ ਅਫਸੋਸ ਦੀ ਗੱਲ ਹੈ ਕਿ ਜ਼ਿਲ੍ਹੇ ਦੇ ਕਈ ਸਕੂਲ ਬਿਨਾਂ ਕਿਸੇ ਡਰ ਤੋਂ ਸਕੂਲ ਕੰਪਲੈਕਸ ’ਚ ਹੀ ਕਿਤਾਬਾਂ ਵੰਡ ਰਹੇ ਹਨ। ਸੀ. ਬੀ. ਐੱਸ. ਈ. ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਕਈ ਸਕੂਲਾਂ ਵੱਲੋਂ ਬਿਨਾਂ ਡਰ ਤੋਂ ਆਨਲਾਈਨ ਪੇਮੈਂਟ ਵੀ ਲਈ ਜਾ ਰਹੀ ਹੈ। ਨਾਲ ਹੀ ਮਾਪਿਆਂ ਕੋਲੋਂ ਖਾਲੀ ਰਸੀਦ ’ਤੇ ਸਾਈਨ ਵੀ



ਕਰਵਾਏ ਜਾ ਰਹੇ ਹਨ, ਜਦਕਿ ਕਈ ਸਕੂਲਾਂ ਵੱਲੋਂ ਸਕੂਲਾਂ ਦੇ ਅੰਦਰ ਨਕਦ ਰਾਸ਼ੀ ਲੈ ਕੇ ਕਿਤਾਬਾਂ ਦਿੱਤੀਆਂ ਜਾ ਰਹੀਆਂ ਹਨ। ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਦੀ ਨੱਕ ਹੇਠਾਂ ਮਾਪਿਆਂ ਦਾ ਰੱਜ ਕੇ ਸ਼ੋਸ਼ਣ ਹੋ ਰਿਹਾ ਹੈ। ਵਿਭਾਗ ਵੱਲੋਂ ਸਮੇਂ-ਸਮੇਂ ’ਤੇ ਸਕੂਲਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਜਾਣੂ ਕਰਵਾਇਆ ਜਾਂਦਾ ਹੈ ਅਤੇ ਪਿਛਲੇ ਸਮੇਂ ਦੌਰਾਨ ਹੀ ਪ੍ਰਸ਼ਾਸਨ ਵੱਲੋਂ ਵੀ ਪੱਤਰ ਜਾਰੀ ਕਰਦਿਆਂ ਆਮ ਜਨਤਾ ਨੂੰ ਸੁਚੇਤ ਹੋ ਕੇ ਟੋਲ ਫ?ਰੀ ਨੰਬਰ ’ਤੇ ਸ਼ਿਕਾਇਤਾਂ ਦਰਜ ਕਰਵਾਉਣ ਲਈ ਕਿਹਾ ਗਿਆ ਹੈ ਪਰ ਮਾਪੇ ਇਸ ਕਰਕੇ ਖੁੱਲ੍ਹ ਕੇ ਅੱਗੇ ਨਹੀਂ ਆਉਂਦੇ ਕਿਉਂਕਿ ਉਨ੍ਹਾਂ ਦੇ ਬੱਚੇ ਦੇ ਭਵਿੱਖ ਦਾ ਸਵਾਲ ਹੁੰਦਾ ਹੈ ਪਰ ਪ੍ਰਾਈਵੇਟ ਸਕੂਲ ਮਾਪਿਆਂ ਦੀ ਇਸੇ ਮਜ਼ਬੂਰੀ ਦਾ ਫਾਇਦਾ ਚੁੱਕ ਰਹੇ ਹਨ। ਸਰਕਾਰ ਨੂੰ ਇਸ ਮਾਮਲੇ ਦਾ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ। ਐਂਟੀ ਕੁਰੱਪਸ਼ਨ ਮੋਰਚੇ ਦੇ ਰਾਸ਼ਟਰੀ ਪ੍ਰਧਾਨ ਮਹੰਤ ਰਮੇਸ਼ ਅਨੰਦ ਆਨੰਦ ਸਰਸਵਤੀ ਨੇ ਕਿਹਾ ਕਿ ਜ਼ਿਲ੍ਹੇ ਦੇ ਕਈ ਸਕੂਲਾਂ ਵੱਲੋਂ 5000 ਤੋਂ ਲੈ ਕੇ 10 ਹਜ਼ਾਰ ਤੱਕ ਛੋਟੀਆਂ ਜਮਾਤਾਂ ’ਚ ਪੜ੍ਹਨ ਵਾਲੇ ਵਿਦਿਆਰਥੀਆਂ ਦੇ ਕਿਤਾਬਾਂ ਦੇ ਸੈੱਟ ਵੇਚੇ ਜਾ ਰਹੇ ਹਨ । ਉਨ੍ਹਾਂ ਦੱਸਿਆ ਕਿ ਸ਼ਹਿਰ ਦਾ ਇਕ ਪ੍ਰਸਿੱਧ ਸਕੂਲ ਹੈ, ਜਿਸ ’ਚ ਉਹ ਅਧਿਕਾਰੀਆਂ ਅਤੇ ਵਪਾਰੀਆਂ ਦੇ ਬੱਚੇ ਪੜ੍ਹ ਹਨ, ਉਸ ਦੇ ’ਚ ਸ਼ਰੇਆਮ ਮਹਿੰਗੇ ਭਾਅ ਦੇ ਕਿਤਾਬਾਂ ਦੇ ਸੈੱਟ ਵੇਚੇ ਗਏ ਹਨ। ਮਹੰਤ ਸਰਸਵਤੀ ਨੇ ਕਿਹਾ ਕਿ ਸਿੱਖਿਆ ਦਾ ਪੂਰੀ ਤਰ੍ਹਾਂ ਨਾਲ ਵਪਾਰ ਹੋ ਰਿਹਾ ਹੈ।

# ਮੁੱਖ ਮੰਤਰੀ ਵਰਲਡ ਸਕਿੱਲ ਕੈਂਪਸ ਆਫ ਐਕਸੀਲੈਂਸ ਆਈ.ਟੀ.ਆਈ. ਦਾ ਕਰਨਗੇ ਉਦਘਾਟਨ

**ਏਜੰਸੀਆਂ**

ਲੁਧਿਆਣਾ 5 ਅਪ੍ਰੈਲ। ਲੁਧਿਆਣਾ ਦੇ ਮੱਧ ਵਿਚ 20 ਏਕੜ ਵਿਚ ਫੈਲੇ ਵਰਲਡ ਸਕਿੱਲਜ਼ ਕੈਂਪਸ ਆਫ਼ ਐਕਸੀਲੈਂਸ ਅਤੇ ਨਵੀਨੀਕਰਨ ਕੀਤੇ ਗਏ ਇੰਡਸਟਰੀਅਲ ਟ?ਰੇਨਿੰਗ ਇੰਸਟੀਚਿਊਟ (ਆਈ.ਟੀ.ਆਈ.) ਦਾ ਉਦਘਾਟਨ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਕਰਨਗੇ। ਡਾ. ਵਿਕਰਮਜੀਤ ਸਿੰਘ ਸਾਹਨੀ, ਪਦਮ ਸ਼੍ਰੀ, ਸੰਸਦ ਮੈਂਬਰ, ਰਾਜ ਸਭਾ ਨੇ ਆਈ.ਟੀ.ਆਈ. ਲੁਧਿਆਣਾ ਨੂੰ ਅਪਣਾਇਆ ਹੈ ਅਤੇ ਸਰਗਰਮੀ ਨਾਲ ਮਾਰਗਦਰਸ਼ਨ ਕਰ ਰਹੇ ਹਨ, ਜੋ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਾਲੇ ਤਕਨੀਕੀ ਸਿੱਖਿਆ ਵਿਭਾਗ ਦੇ ਅਧੀਨ ਆਉਂਦਾ ਹੈ। ਡਾ. ਸਾਹਨੀ ਨੇ ਆਈ.ਟੀ.ਆਈ. ਲੁਧਿਆਣਾ ਨੂੰ ਅਪਗ੍ਰੇਡ ਕਰਨ ਲਈ ਆਪਣੇ ਐੱਮ.ਪੀ.ਐੱਲ.ਏ.ਡੀ. ਫੰਡ ਵਿਚੋਂ 2 ਕਰੋੜ ਰੁਪਏ ਅਤੇ ਆਪਣੀ ਜੇਬ ਵਿਚੋਂ 70 ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਅਪਗ੍ਰੇਡ ਦੇ ਕੰਮ ਵਿਚ ਆਧੁਨਿਕ, ਅਤਿ-ਆਧੁਨਿਕ ਤਕਨਾਲੋਜੀ ਜਿਵੇਂ ਕਿ ਰੋਬੋਟਿਕ ਵੈਲਡਰ, 3ਡੀ ਪ੍ਰਿੰਟਿੰਗ ਮਸ਼ੀਨਾਂ, ਸੀਐੱਨਸੀ ਮਸ਼ੀਨਾਂ, ਆਦਿ ਦੀ ਸਥਾਪਨਾ, ਆਡੀਓ-ਵੀਡੀਓ ਸੈੱਟਅੱਪ ਵਾਲੇ ਡਿਜੀਟਲ ਕਲਾਸਰੂਮ, ਅਤੇ ਹੁਨਰ-ਅਧਾਰਤ ਸਿੱਖਿਆ ਨੂੰ ਵਧਾਉਣ ਲਈ ਉੱਨਤ ਸਿਖਲਾਈ ਪ੍ਰਯੋਗਸ਼ਾਲਾਵਾਂ ਸ਼ਾਮਲ ਹਨ। ਆਈ.ਟੀ.ਆਈ. ਵਿਚ ਕੁੱਲ 37 ਵੱਖ-ਵੱਖ ਕੋਰਸ ਹਨ। ਰੁਜ਼ਗਾਰ ਉਤਪਤੀ ਅਤੇ ਹੁਨਰ ਵਿਕਾਸ ਮੰਤਰੀ ਅਮਨ ਅਰੋੜਾ ਦੀ ਅਗਵਾਈ ਵਾਲੇ ਪੰਜਾਬ ਹੁਨਰ ਵਿਕਾਸ ਮਿਸ਼ਨ ਦਾ ਇਕ ਸੰਸਥਾ, ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ (ਐੱਮਐੱਸਡੀਸੀ) ਸਾਲਾਂ ਤੋਂ ਖਾਲੀ ਅਤੇ ਘੱਟ



ਵਰਤੋਂ ਵਾਲਾ ਪਿਆ ਸੀ। ਇਸਦੀ ਸਮਰੱਥਾ ਨੂੰ ਪਛਾਣਦੇ ਹੋਏ, ਡਾ. ਸਾਹਨੀ ਨੇ ਇਸਨੂੰ ਇਕ ਆਧੁਨਿਕ ਸਕਿੱਲ ਕੈਂਪਸ ਆਫ ਐਕਸੀਲੈਂਸ ਵਿਚ ਬਦਲਣ ਲਈ ਪੂੰਜੀ ਖਰਚ ’ਤੇ ਨਿੱਜੀ ਤੌਰ ’ਤੇ 2.5 ਕਰੋੜ ਰੁਪਏ ਖਰਚ ਕੀਤੇ ਹਨ। ਇਸ ਸਹੂਲਤ ਵਿਚ ਹੁਣ ਆਰਟੀਫੀਸ਼ੀਅਲ ਇੰਟੈਲੀਜੈਂਸ, ਏਵੀਏਸ਼ਨ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ, ਖੇਤੀਬਾੜੀ ਹੁਨਰ ਵਿਕਾਸ, ਫੈਸ਼ਨ ਡਿਜ਼ਾਈਨਿੰਗ, ਬਿਊਟੀਸ਼ੀਅਨ ਕੋਰਸ, ਨਰਸਿੰਗ, ਸੀਐਨਸੀ ਪ੍ਰੋਗਰਾਮਿੰਗ, ਇਲੈਕਟ?ਰੀਸ਼ੀਅਨ, ਵੈਲਡਿੰਗ ਅਤੇ ਰਾਸ਼ਟਰੀ ਹੁਨਰ ਵਿਕਾਸ ਨਿਗਮ (ਐਨਐਸਡੀਸੀ) ਵੱਲੋਂ ਮਾਨਤਾ ਪ੍ਰਾਪਤ ਕਈ ਹੋਰ ਕੋਰਸਾਂ ਲਈ ਅਤਿ-ਆਧੁਨਿਕ ਸਿਖਲਾਈ ਪ੍ਰਯੋਗਸ਼ਾਲਾਵਾਂ ਹਨ। ਇਹ ਸਾਰੇ ਕੋਰਸ ਪੂਰੀ ਤਰ੍ਹਾਂ ਮੁਫ਼ਤ ਪ੍ਰਦਾਨ ਕੀਤੇ ਜਾਣਗੇ, ਜੋ ਲੁਧਿਆਣਾ ਅਤੇ ਆਸ ਪਾਸ ਦੇ ਜ਼ਿਲ੍ਹਿਆਂ ਦੇ ਚਾਹਵਾਨ ਨੌਜਵਾਨਾਂ ਲਈ ਹੁਨਰ ਵਿਕਾਸ ਅਤੇ ਰੁਜ਼ਗਾਰ ਨੂੰ ਯਕੀਨੀ ਬਣਾਉਂਦੇ ਹਨ। ਇਸ ਤੋਂ ਇਲਾਵਾ, ਸੈਂਟਰ ਨੂੰ ਚਲਾਉਣ ਦੇ ਸਾਰੇ ਸੰਚਾਲਨ ਖਰਚੇ, ਜਿਸ ਵਿੱਚ ਟ?ਰੇਨਰਾਂ ਦੀਆਂ ਤਨਖਾਹਾਂ ਅਤੇ ਹੋਰ ਮਹੀਨਾਵਾਰ ਖਰਚੇ ਸ਼ਾਮਲ ਹਨ, ਡਾ. ਵਿਕਰਮਜੀਤ ਸਿੰਘ ਸਾਹਨੀ ਨਿੱਜੀ ਤੌਰ ’ਤੇ ਚੁੱਕਣਗੇ। ਵਰਲਡ ਸਕਿੱਲਜ਼ ਕੈਂਪਸ ਆਫ਼ ਐਕਸੀਲੈਂਸ ਵਿੱਚ ਹੁਨਰ ਸਿਖਲਾਈ ਪ੍ਰਦਾਨ ਕਰਨ ਅਤੇ ਸਾਲਾਨਾ 5,000 ਤੋਂ ਵੱਧ ਵਿਦਿਆਰਥੀਆਂ ਨੂੰ ਨੌਕਰੀ ਦੇਣ ਦੀ ਸਮਰੱਥਾ ਹੈ, ਜੋ ਪੰਜਾਬ ਵਿੱਚ ਕਾਰਜਬਲ ਵਿਕਾਸ ਅਤੇ ਰੁਜ਼ਗਾਰ ਪੈਦਾ ਕਰਨ ਵਿਚ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।

# ਬੀਮੇ ਦੀ ਕਰੋੜਾਂ ਰੁਪਏ ਦੀ ਰਾਸ਼ੀ ਹਾਸਲ ਕਰਨ ਲਈ ਬੰਦੇ ਨੇ ਰਚਿਆ ਅਜਿਹਾ ਡਰਾਮਾ

ਨੈਸ਼ਨਲ ਡੈਸਕ 5 ਅਪ੍ਰੈਲ। ਦਿੱਲੀ ਦੇ ਨਜ਼ਫਗੜ੍ਹ ਇਲਾਕੇ ਤੋਂ ਇੱਕ ਹੈਰਾਨ ਕਰਨ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਵਿਅਕਤੀ ਨੇ ਬੀਮਾ ਰਕਮ ਹਾਸਲ ਕਰਨ ਲਈ ਅਜਿਹਾ ਕਾਰਨਾਮਾ ਕਰ ਦਿੱਤਾ, ਜਿਸ ਨੂੰ ਕੋਈ ਸੋਚ ਵੀ ਨਹੀਂ ਸਕਦਾ। ਅਸਲ ’ਚ ਇੱਥੋਂ ਦੇ ਇਕ ਵਿਅਕਤੀ ਨੇ ਬੀਮਾ ਦੀ ਰਕਮ ਹਾਸਲ ਕਰਨ ਲਈ ਆਪਣੀ ਹੀ ਝੂਠੀ ਮੌਤ ਦਾ ਡਰਾਮਾ ਰਚ ਦਿੱਤਾ। ਅਸਲ ’ਚ ਇਹ ਘਟਨਾ 5 ਮਾਰਚ ਦੀ ਰਾਤ ਨੂੰ ਵਾਪਰੀ, ਜਦੋਂ ਪੁਲਸ ਨੂੰ ਨਜ਼ਫਗੜ੍ਹ ਦੇ ਫਿਰਨੀ ਰੋਡ ’ਤੇ ਇੱਕ ਹਾਦਸਾ ਵਾਪਰ ਜਾਣ ਦੀ ਜਾਣਕਾਰੀ ਮਿਲੀ। ਇਸ ਬਾਰੇ ਪਹਿਲਾਂ ਇਹ ਦੱਸਿਆ ਗਿਆ ਕਿ ਹਾਦਸੇ ਵਿੱਚ ਇੱਕ ਵਿਅਕਤੀ ਜ਼ਖਮੀ ਹੋਇਆ ਹੈ, ਪਰ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਇਸ ਤੋਂ ਬਾਅਦ ਮੁਲਜ਼ਮ ਆਪਣੇ ਰਿਸ਼ਤੇਦਾਰਾਂ ਨਾਲ ਗੜ੍ਹ ਗੰਗਾ ਗਿਆ ਅਤੇ ਉੱਥੇ ਜਾ ਕੇ ਮ੍ਰਿਤਕ ਦਾ ਸਸਕਾਰ ਕਰ ਦਿੱਤਾ ਤੇ ਇਹ ਅਫਵਾਹ ਫੈਲਾ ਦਿੱਤੀ ਕਿ ਉਸ ਦੀ ਇੱਕ ਹਾਦਸੇ ਵਿੱਚ ਮੌਤ ਹੋ ਗਈ ਹੈ। ਮੁਲਜ਼ਮ ਨੇ ਲੋਕਾਂ ਨੂੰ ਆਪਣੀ ਮੌਤ ਦਾ ਯਕੀਨ ਦਿਵਾਉਣ ਲਈ ਪਿੰਡ ’ਚ ਇੱਕ ਦਾਵਤ ਦਾ ਵੀ ਪ੍ਰਬੰਧ ਕੀਤਾ ਸੀ ਕਿ ਮ੍ਰਿਤਕ ਸੱਚੀਂ ਮਰ ਗਿਆ ਹੈ। ਇਸ ਮਾਮਲੇ ’ਚ ਮੁਲਜ਼ਮਾਂ ਦਾ ਮੰਨਣਾ ਸੀ ਕਿ ਉਨ੍ਹਾਂ ਨੂੰ ਬੀਮਾ ਕੰਪਨੀ ਤੋਂ 1 ਕਰੋੜ ਰੁਪਏ ਦੀ ਬੀਮਾ ਰਕਮ ਦੇ ਬਦਲੇ 2 ਕਰੋੜ ਰੁਪਏ ਮਿਲਣਗੇ, ਕਿਉਂਕਿ ਹਾਦਸੇ ਵਿੱਚ ਮੌਤ ਹੋਣ ਦੀ ਸੂਰਤ ਵਿੱਚ ਬੀਮਾ ਰਕਮ ਦੁੱਗਣੀ ਹੋ ਜਾਂਦੀ ਹੈ। ਪਰ ਜਦੋਂ ਬੀਮਾ ਕਲੇਮ ਦੀ ਪ੍ਰਕਿਰਿਆ ਸ਼ੁਰੂ ਹੋਈ, ਤਾਂ ਪੁਲਸ ਨੂੰ ਦਸਤਾਵੇਜ਼ਾਂ ਦੀ ਲੋੜ ਪਈ। ਇਸ ਤੋਂ ਬਾਅਦ ਮੁਲਜ਼ਮ ਨੇ ਨਕਲੀ ਮ੍ਰਿਤਕ ਦੇ ਵਕੀਲ ਵਜੋਂ ਪੇਸ਼ ਹੋ ਕੇ ਪੁਲਸ ਨੂੰ ਦੱਸਿਆ ਕਿ ਨੌਜਵਾਨ ਦੀ ਮੌਤ ਇੱਕ ਹਾਦਸੇ ਵਿੱਚ ਹੋਈ ਸੀ ਅਤੇ ਉਸਦਾ ਅੰਤਿਮ ਸੰਸਕਾਰ ਵੀ ਗੜ੍ਹ ਗੰਗਾ ਵਿੱਚ ਹੋਇਆ ਸੀ। ਮੁਲਜ਼ਮਾਂ ਨੇ ਇਹ ਵੀ ਦਾਅਵਾ ਕੀਤਾ ਕਿ ਜਿਸ ਵਿਅਕਤੀ ਦੀ ਬਾਈਕ ਉਨ੍ਹਾਂ ਨਾਲ ਟਕਰਾਈ ਸੀ, ਉਹ ਵੀ ਪੁਲਸ ਕੋਲ ਆਇਆ ਪਰ ਜਦੋਂ ਪੁਲਸ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਤਾਂ ਉਨ੍ਹਾਂ ਨੂੰ ਮਾਮਲਾ ਸ਼ੱਕੀ ਜਾਪਿਆ। ਡੂੰਘਾਈ ਨਾਲ ਜਾਂਚ ਕਰਨ ਤੋਂ ਬਾਅਦ ਇਹ ਸਾਰੀ ਸਾਜ਼ਿਸ਼ ਸਾਹਮਣੇ ਆ ਗਈ ਅਤੇ ਨਜਫਗੜ੍ਹ ਪੁਲਸ ਨੇ ਇਸ ਮਾਮਲੇ ਵਿੱਚ ਧੋਖਾਧੜੀ ਦਾ ਮਾਮਲਾ ਦਰਜ ਕੀਤਾ। ਹੁਣ ਦੋਸ਼ੀ ਜ਼ਮਾਨਤ ਲਈ ਅਦਾਲਤ ਦੇ ਚੱਕਰ ਲਗਾ ਰਹੇ ਹਨ।